ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 22 ਜੁਲਾਈ 2026 (ਨਾਨਕਸ਼ਾਹੀ ਸੰਮਤ : ੫੫੮, ੭ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

## ਹਿਮਾਚਲ ਤੋਂ ਆਉਣ ਵਾਲੇ ਵਾਹਨਾਂ 'ਤੇ ਲੱਗੇਗਾ ਟੈਕਸ, ਸਰਬ ਸੰਮਤੀ ਨਾਲ ਮਤਾ ਪਾਸ

**ਰੂਪਨਗਰ, 21 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਹਿਮਾਚਲ ਪ੍ਰਦੇਸ਼ ਤੋਂ ਆਉਣ ਵਾਲੇ ਵਾਹਨਾਂ 'ਤੇ ਇਨਫਰਾਸਟ੍ਰਕਚਰ ਟੈਕਸ ਲਗਾਉਣ ਦਾ ਮਤਾ ਪਾਸ ਕਰ ਦਿੱਤਾ ਗਿਆ ਹੈ। ਇਹ ਮਤਾ ਜ਼ਿਲ੍ਹਾ ਪਰਿਸ਼ਦ ਰੂਪਨਗਰ ਵੱਲੋਂ ਪੰਚਾਇਤੀ ਰਾਜ ਦੀ ਧਾਰਾ 189 ਅਧੀਨ ਮਿਲੀਆਂ ਵਿੱਤੀ ਸ਼ਕਤੀਆਂ ਦੀ ਵਰਤੋਂ ਕਰਦਿਆਂ ਪਾਸ ਕੀਤਾ ਗਿਆ। ਇਸ ਮਤੇ ਨੂੰ ਸਰਕਾਰ ਦੀ ਮਨਜ਼ੂਰੀ ਮਿਲਣ ਉਪਰੰਤ ਲਾਗੂ ਕੀਤਾ ਜਾਵੇਗਾ। ਮੰਗਲਵਾਰ ਨੂੰ ਮਿੰਨੀ ਸਕੱਤਰੇਤ ਦੇ ਮੀਟਿੰਗ ਹਾਲ ਵਿਚ ਹਲਕਾ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਦੀ ਅਗਵਾਈ ਵਿਚ ਜ਼ਿਲ੍ਹਾ ਪਰਿਸ਼ਦ ਰੂਪਨਗਰ ਦੀ ਹੋਈ ਪਲੇਠੀ ਮੀਟਿੰਗ ਵਿਚ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਗਿਆ ਕਿ ਜ਼ਿਲ੍ਹਾ ਪਰਿਸ਼ਦ ਪਿੰਡਾਂ ਦੇ ਵਿਕਾਸ ਲਈ ਵਿੱਤੀ ਵਸੀਲੇ ਵਧਾਉਣ ਲਈ ਜ਼ਿਲ੍ਹੇ ਦੀ ਹਦੂਦ ਅੰਦਰ ਹਿਮਾਚਲ ਪ੍ਰਦੇਸ਼ ਨੂੰ ਜਾਣ ਵਾਲੀਆਂ ਸੜਕਾਂ 'ਤੇ ਟੌਲ ਟੈਕਸ ਲਗਾਏਗਾ।

ਮੀਟਿੰਗ ਵਿਚ ਇਹ ਵੀ ਸਪੱਸ਼ਟ ਕੀਤਾ ਗਿਆ ਕਿ ਇਹ ਮਤਾ ਸਰਕਾਰ ਤੋਂ ਮਨਜ਼ੂਰੀ ਲਈ ਭੇਜਿਆ ਜਾਵੇਗਾ। ਮਨਜ਼ੂਰੀ ਮਿਲਣ ਉਪਰੰਤ ਟੈਕਸ ਵਸੂਲੀ ਸ਼ੁਰੂ ਕੀਤੀ ਜਾਵੇਗੀ ਅਤੇ ਇਸ ਤੋਂ ਪ੍ਰਾਪਤ ਹੋਣ ਵਾਲੀ ਆਮਦਨ ਨੂੰ ਜ਼ਿਲ੍ਹਾ ਪ੍ਰੀਸ਼ਦ ਅਧੀਨ ਆਉਣ ਵਾਲੀਆਂ ਸੜਕਾਂ, ਪੁਲਾਂ, ਸਟਰੀਟ ਲਾਈਟਾਂ, ਸਫ਼ਾਈ ਪ੍ਰਬੰਧ ਅਤੇ ਹੋਰ ਵਿਕਾਸ ਕਾਰਜਾਂ 'ਤੇ ਖਰਚ ਕੀਤਾ ਜਾਵੇਗਾ।

## ਜਲਦ ਹੋਵੇਗੀ ਖੇਤੀਬਾੜੀ ਮੰਤਰੀ ਨਾਲ ਮੀਟਿੰਗ

# ਪੰਜਾਬ ਦੇ ਕਿਸਾਨਾਂ ਦਾ ਦਿੱਲੀ ਕੂਚ ਟਲਿਆ

**ਨਵੀਂ ਦਿੱਲੀ, 21 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅੱਜ ਮੰਗਲਵਾਰ 21 ਜੁਲਾਈ ਨੂੰ ਦਿੱਲੀ ਵੱਲ ਪੰਜਾਬ ਦੇ ਕਿਸਾਨਾਂ ਦਾ ਮਾਰਚ ਟਲ ਗਿਆ ਹੈ। ਅਮਰੀਕਾ-ਭਾਰਤ ਵਪਾਰ ਸਮਝੌਤੇ ਦੇ ਵਿਰੋਧ 'ਚ ਕਿਸਾਨਾਂ ਵਲੋਂ ਇਹ ਮਾਰਚ ਕੀਤਾ ਜਾਣਾ ਸੀ। ਕਿਸਾਨ ਦੁਪਹਿਰ 3 ਵਜੇ ਤੋਂ ਬਾਅਦ ਸ਼ੰਭੂ ਸਰਹੱਦ ਤੋਂ ਵਾਪਸ ਆਉਣ ਲੱਗ ਪਏ। ਇਸ ਦੇ ਨਾਲ ਹੀ ਕੁਰੂਕਸ਼ੇਤਰ ਪੁਲਸ ਨੇ ਕਿਸਾਨ ਆਗੂ ਗੁਰਨਾਮ ਸਿੰਘ ਚੜੂਨੀ ਨੂੰ ਵੀ ਰਿਹਾਅ ਕਰ ਦਿੱਤਾ ਹੈ। ਭਾਰਤੀ ਕਿਸਾਨ ਯੂਨੀਅਨ ਦੇ ਸੂਬਾ ਸਕੱਤਰ ਦਿਲਬਾਗ ਸਿੰਘ ਦਿਰਾਜਕੇ ਨੇ ਦੱਸਿਆ ਕਿ ਹਰਿਆਣਾ ਦੇ ਖੇਤੀਬਾੜੀ ਮੰਤਰੀ ਸ਼ਿਆਮ ਸਿੰਘ ਰਾਣਾ ਨਾਲ ਇੱਕ ਮੀਟਿੰਗ ਹੋਈ, ਜਿਸ ਵਿੱਚ ਦੋ ਮੰਗਾਂ 'ਤੇ ਸਮਝੌਤਾ ਹੋਇਆ। ਇਸ ਲਈ, ਵਿਰੋਧ ਮੁਲਤਵੀ ਕਰ ਦਿੱਤਾ ਗਿਆ ਹੈ। ਕਿਸਾਨ ਆਗੂ ਸਰਵਣ ਪੰਧੇਰ ਨੇ ਦੱਸਿਆ ਕਿ ਖੇਤੀਬਾੜੀ ਮੰਤਰੀ ਰਾਣਾ ਨੇ ਕਿਹਾ ਹੈ ਕਿ ਗ੍ਰਿਫ਼ਤਾਰ ਕਿਸਾਨ ਆਗੂਆਂ ਨੂੰ ਜਲਦੀ ਹੀ ਰਿਹਾਅ ਕਰ ਦਿੱਤਾ ਜਾਵੇਗਾ। ਅਗਲੇ 8-10 ਦਿਨਾਂ ਦੇ ਅੰਦਰ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਚੌਹਾਨ ਨਾਲ ਗੱਲਬਾਤ ਪ੍ਰਕਿਰਿਆ ਸ਼ੁਰੂ ਕੀਤੀ ਜਾਵੇਗੀ। ਇਸ ਦੌਰਾਨ ਅਮਰੀਕਾ-ਭਾਰਤ ਵਪਾਰ ਸਮਝੌਤੇ 'ਤੇ ਵੀ ਚਰਚਾ ਹੋਵੇਗੀ। ਕਿਸਾਨ ਦਿੱਲੀ ਜਾਣ ਲਈ ਸਵੇਰੇ-ਸਵੇਰੇ ਪਟਿਆਲਾ ਅਤੇ ਅੰਬਾਲਾ ਵਿਚਕਾਰ ਸ਼ੰਭੂ ਸਰਹੱਦ ਅਤੇ ਸੰਗਰੂਰ ਅਤੇ ਜੀਂਦ ਵਿਚਕਾਰ ਖਨੌਰੀ ਸਰਹੱਦ 'ਤੇ ਪਹੁੰਚੇ ਸਨ। ਇਸ ਗੱਲ ਦੀ ਜਾਣਕਾਰੀ ਮਿਲਦਿਆਂ ਹੀ, ਹਰਿਆਣਾ ਪੁਲਿਸ ਨੇ ਦੋਵਾਂ ਸਰਹੱਦਾਂ 'ਤੇ ਬੈਰੀਕੇਡ ਲਗਾ ਦਿੱਤੇ ਅਤੇ ਉਨ੍ਹਾਂ ਨੂੰ ਸੀਲ ਕਰ ਦਿੱਤਾ, ਜਿਸ ਨਾਲ ਕਿਸਾਨਾਂ ਨੂੰ ਅੱਗੇ ਵਧਣ ਤੋਂ ਰੋਕਿਆ ਗਿਆ। ਹਰਿਆਣਾ ਤੋਂ ਦੋਵਾਂ ਸਰਹੱਦਾਂ 'ਤੇ ਭਾਰੀ ਪੁਲਿਸ ਫੋਰਸ ਤਾਇਨਾਤ ਕੀਤੀ ਗਈ। ਅਸਥਾਈ ਜਾਂ ਸਥਾਈ ਢਾਂਚਾ ਬਣਾਉਣ ਦੀ ਕਿਸੇ ਵੀ ਕੋਸ਼ਿਸ਼ ਨੂੰ ਰੋਕਣ ਲਈ ਉੱਥੇ ਜੇ.ਸੀ.ਬੀ. ਵੀ ਤਾਇਨਾਤ ਕੀਤੇ ਗਏ ਸਨ। ਇਸ ਦੇ ਮੱਦੇਨਜ਼ਰ, ਪੰਜਾਬ ਦੇ ਕਿਸਾਨ ਉੱਥੇ ਬੈਠ ਗਏ। ਕਿਸਾਨ ਮਜ਼ਦੂਰ ਮੋਰਚਾ (ਕੇ.ਐਮ.ਐਮ.) ਦੇ ਕਨਵੀਨਰ ਸਰਵਣ ਪੰਧੇਰ ਨੇ ਵਿਰੋਧ ਪ੍ਰਦਰਸ਼ਨ ਦੀ ਅਗਵਾਈ ਕੀਤੀ। ਕਿਸਾਨਾਂ ਦੀ ਵੱਡੀ ਭੀੜ ਨੂੰ ਦੇਖਦੇ ਹੋਏ, ਅੰਬਾਲਾ ਪੁਲਿਸ ਨੇ ਧਾਰਾ 163 ਲਾਗੂ ਕਰ ਦਿੱਤੀ। ਕਿਸਾਨਾਂ ਨੂੰ ਬੈਰੀਕੇਡਾਂ ਤੋਂ 100 ਮੀਟਰ ਦੂਰ ਰਹਿਣ ਦੀ ਚੇਤਾਵਨੀ ਦਿੱਤੀ ਗਈ।



## ਪੰਜਾਬ 'ਚ ਵੀ ਮਾਨਸੂਨ ਸਰਗਰਮ, ਬਣ ਸਕਦੈ ਜੰਮੂ-ਕਸ਼ਮੀਰ ਵਰਗੇ ਹਾਲਾਤ

**ਚੰਡੀਗੜ੍ਹ, 21 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਹੁਣ ਮਾਨਸੂਨ ਪੂਰੀ ਤਰ੍ਹਾਂ ਸਰਗਰਮ ਹੋ ਗਿਆ ਹੈ। ਮੌਸਮ ਵਿਭਾਗ ਨੇ 20 ਤੋਂ 22 ਜੁਲਾਈ ਤੱਕ ਸੂਬੇ ਦੇ ਉੱਤਰੀ ਅਤੇ ਪੂਰਬੀ ਹਿੱਸਿਆਂ ਵਿੱਚ ਕਈ ਥਾਵਾਂ 'ਤੇ 12 ਸੈਂਟੀਮੀਟਰ ਤੋਂ ਵੱਧ ਭਾਰੀ ਤੋਂ ਬਹੁਤ ਭਾਰੀ ਬਾਰਿਸ਼ ਹੋਣ ਦੀ ਚੇਤਾਵਨੀ ਜਾਰੀ ਕੀਤੀ ਹੈ। ਲਗਾਤਾਰ ਹੋ ਰਹੀ ਬਾਰਿਸ਼ ਦਾ ਪ੍ਰਭਾਵ ਹੁਣ ਡੈਮਾਂ ਅਤੇ ਦਰਿਆਵਾਂ ਦੇ ਪਾਣੀ ਦੇ ਪੱਧਰ 'ਤੇ ਦਿਖਾਈ ਦੇ ਰਿਹਾ ਹੈ। ਮੌਸਮ ਵਿਭਾਗ ਨੇ ਲੋਕਾਂ, ਕਿਸਾਨਾਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਚੌਕਸ ਰਹਿਣ ਦੀ ਸਲਾਹ ਦਿੱਤੀ ਹੈ। ਲਗਾਤਾਰ ਬੱਦਲਵਾਈ ਅਤੇ ਮੀਂਹ ਕਾਰਨ, ਸੋਮਵਾਰ ਨੂੰ ਪੰਜਾਬ ਦਾ ਔਸਤ ਵੱਧ ਤੋਂ ਵੱਧ ਤਾਪਮਾਨ ਆਮ ਨਾਲੋਂ 3.9 ਡਿਗਰੀ ਸੈਲਸੀਅਸ ਘੱਟ ਸੀ। ਸਭ ਤੋਂ ਵੱਧ ਤਾਪਮਾਨ ਫਰੀਦਕੋਟ ਵਿੱਚ 41.9 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਬਠਿੰਡਾ ਵਿੱਚ 39.4 ਡਿਗਰੀ, ਫਾਜ਼ਿਲਕਾ ਵਿੱਚ 39.1 ਡਿਗਰੀ, ਫਿਰੋਜ਼ਪੁਰ ਵਿੱਚ 35.8 ਡਿਗਰੀ, ਹੁਸ਼ਿਆਰਪੁਰ ਵਿੱਚ 30.2 ਡਿਗਰੀ ਅਤੇ ਅੰਮ੍ਰਿਤਸਰ ਵਿੱਚ 31.2 ਡਿਗਰੀ ਤਾਪਮਾਨ ਦਰਜ ਕੀਤਾ ਗਿਆ। 21 ਜੁਲਾਈ ਨੂੰ ਮੰਗਲਵਾਰ ਨੂੰ ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ, ਰੂਪਨਗਰ, ਮੋਹਾਲੀ, ਫਤਿਹਗੜ੍ਹ ਸਾਹਿਬ ਅਤੇ ਪਟਿਆਲਾ ਲਈ ਆਰੈਂਜ ਅਲਰਟ ਜਾਰੀ ਕੀਤਾ ਗਿਆ ਹੈ। ਇਨ੍ਹਾਂ ਜ਼ਿਲ੍ਹਿਆਂ ਦੇ ਕਈ ਇਲਾਕਿਆਂ ਵਿੱਚ ਭਾਰੀ ਮੀਂਹ ਅਤੇ ਗਰਜ ਨਾਲ ਮੀਂਹ ਪੈਣ ਦੀ ਸੰਭਾਵਨਾ ਹੈ। ਇਸ ਤਰ੍ਹਾਂ ਹੀ 22 ਜੁਲਾਈ ਬੁੱਧਵਾਰ ਨੂੰ ਮੌਸਮ ਮੁੱਖ ਤੌਰ 'ਤੇ ਪੂਰਬੀ ਅਤੇ ਮੱਧ ਪੰਜਾਬ ਨੂੰ ਪ੍ਰਭਾਵਿਤ ਕਰੇਗਾ। ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ, ਰੂਪਨਗਰ ਅਤੇ ਮੋਹਾਲੀ ਲਈ ਸੰਤਰੀ ਅਲਰਟ ਜਾਰੀ ਕੀਤਾ ਗਿਆ ਹੈ, ਅਤੇ ਫਤਿਹਗੜ੍ਹ ਸਾਹਿਬ, ਪਟਿਆਲਾ, ਜਲੰਧਰ, ਲੁਧਿਆਣਾ, ਅੰਮ੍ਰਿਤਸਰ, ਗੁਰਦਾਸਪੁਰ ਅਤੇ ਤਰਨਤਾਰਨ ਲਈ ਯੈਲੋ ਤੋਂ ਆਰੈਂਜ ਅਲਰਟ ਜਾਰੀ ਕੀਤਾ ਗਿਆ ਹੈ। ਦੋਆਬਾ ਅਤੇ ਮਾਲਵਾ ਦੇ ਕੁਝ ਇਲਾਕਿਆਂ ਵਿੱਚ ਵੀ ਗਰਜ ਅਤੇ ਮੀਂਹ ਪੈਣ ਦੀ ਉਮੀਦ ਹੈ। ਵੀਰਵਾਰ ਨੂੰ ਜ਼ਿਆਦਾਤਰ ਜ਼ਿਲ੍ਹਿਆਂ ਵਿੱਚ ਆਮ ਮੌਸਮ ਰਹਿਣ ਦੀ ਉਮੀਦ ਹੈ। ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ, ਨਵਾਂਸ਼ਹਿਰ ਅਤੇ ਰੂਪਨਗਰ ਵਿੱਚ ਸਿਰਫ਼ ਹਲਕੀ ਬਾਰਿਸ਼ ਅਤੇ ਗਰਜ ਨਾਲ ਮੀਂਹ ਪੈਣ ਦੀ ਉਮੀਦ ਹੈ।

## ਦਿੱਲੀ ਵਿਦਿਆਰਥੀ ਪ੍ਰਦਰਸ਼ਨ ਦੇ ਹੱਕ 'ਚ ਡਟੇ ਦਿਲਜੀਤ ਦੁਸਾਂਝ, ਬੋਲੇ 'ਮੈਨੂੰ ਫਿਰ ਦੇਸ਼ ਵਿਰੋਧੀ ਕਿਹਾ ਜਾਵੇਗਾ'

**ਨਵੀਂ ਦਿੱਲੀ, 21 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਨੀਟ-ਯੂ.ਜੀ. 2026 ਪੇਪਰ ਲੀਕ ਮਾਮਲੇ ਨੂੰ ਲੈ ਕੇ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਅਸਤੀਫ਼ੇ ਦੀ ਮੰਗ ਕਰ ਰਹੀ 'ਕੋਕਰੋਚ ਜਨਤਾ ਪਾਰਟੀ' ਦੇ ਸੰਸਦ ਮਾਰਚ ਦੌਰਾਨ ਦਿੱਲੀ ਵਿੱਚ ਸਥਿਤੀ ਤਣਾਅਪੂਰਨ ਬਣੀ ਹੋਈ ਹੈ। ਪ੍ਰਦਰਸ਼ਨਕਾਰੀਆਂ ਅਤੇ ਪੁਲਿਸ ਵਿਚਾਲੇ ਹੋਈਆਂ ਹਿੰਸਕ ਝੜਪਾਂ ਤੋਂ ਬਾਅਦ ਕੇਂਦਰੀ ਮੰਤਰੀ ਜੇ.ਪੀ. ਨੱਢਾ ਨਾਲ ਹੋਈ ਬੈਠਕ ਦੇ ਬਾਵਜੂਦ ਸੀ.ਜੇ.ਪੀ. ਆਗੂਆਂ ਨੇ ਸਪੱਸ਼ਟ ਕੀਤਾ ਹੈ ਕਿ ਜਦੋਂ ਤੱਕ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਨਹੀਂ ਹੁੰਦੀਆਂ, ਧਰਨਾ ਅਤੇ ਪ੍ਰਦਰਸ਼ਨ ਲਗਾਤਾਰ ਜਾਰੀ ਰਹਿਣਗੇ। ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਦਿਲਜੀਤ ਦੁਸਾਂਝ ਨੇ ਦਿੱਲੀ ਵਿੱਚ ਚੱਲ ਰਹੇ ਵਿਦਿਆਰਥੀਆਂ ਦੇ ਪ੍ਰਦਰਸ਼ਨ ਦਾ ਸਮਰਥਨ ਕਰਦੇ ਹੋਏ ਇੱਕ ਨੋਟ ਸਾਂਝਾ ਕੀਤਾ ਹੈ ਅਤੇ ਅਧਿਕਾਰੀਆਂ ਨੂੰ ਉਨ੍ਹਾਂ ਦੀਆਂ ਮੰਗਾਂ ਸੁਣਨ ਦੀ ਅਪੀਲ ਕੀਤੀ ਹੈ। ਉਸਨੇ ਪੰਜਾਬੀ ਵਿੱਚ ਲਿਖਿਆ, "ਅੱਜ ਜੋ ਹੋਇਆ ਬਹੁਤ ਮਾੜਾ ਹੋਇਆ...ਸਟੂਡੈਂਟਸ ਨਾਲ ਇੱਦਾਂ ਟ੍ਰੀਟ ਨਹੀਂ ਹੋਣਾ ਚਾਹੀਦਾ ਸੀ...ਮੈਂ ਪ੍ਰਸ਼ਾਸਨ ਨੂੰ ਬੇਨਤੀ ਕਰਦਾ ਹਾਂ ਕਿ ਸਟੂਡੈਂਟਸ ਦੀਆਂ ਡਿਮਾਂਡਜ਼ ਨੂੰ ਸੁਣ ਲਿਆ ਜਾਵੇ, ਲੋਕਾਂ ਦੀ ਆਵਾਜ਼ ਰੱਬ ਦੀ ਆਵਾਜ਼ ਹੁੰਦੀ ਆ।' ਉਸਨੇ ਅੱਗੇ ਕਿਹਾ, "ਮੈਨੂੰ ਪਹਿਲਾਂ ਹੀ ਕਈ ਵਾਰ ਦੇਸ਼ ਵਿਰੋਧੀ ਕਿਹਾ ਜਾ ਚੁੱਕਾ ਹੈ। ਹੁਣ ਵੀ ਮੈਨੂੰ ਸ਼ਾਇਦ ਦੇਸ਼ ਵਿਰੋਧੀ ਕਿਹਾ ਜਾਵੇਗਾ। ਕਿਸਾਨਾਂ ਦੇ ਵਿਰੋਧ ਤੋਂ ਬਾਅਦ ਮੈਨੂੰ ਬਹੁਤ ਸਾਰੀਆਂ ਪ੍ਰਤੀਕਿਰਿਆਵਾਂ ਅਤੇ ਕਾਨੂੰਨੀ ਸਮੱਸਿਆਵਾਂ ਦਾ ਸਾਹਮਣਾ ਕਰਨਾ ਪਿਆ, ਜਿਨ੍ਹਾਂ ਬਾਰੇ ਮੈਂ ਚਰਚਾ ਵੀ ਨਹੀਂ ਕਰ ਸਕਦਾ। ਬਾਕੀ ਪਰਮਾਤਮਾ ਦੇ ਹੱਥ ਵਿੱਚ ਹੈ। ਬਾਬਾ ਸਾਰਿਆਂ ਨੂੰ ਅਸੀਸ ਦੇਵੇ।" ਦਿਲਜੀਤ ਦੁਸਾਂਝ ਦੀਆਂ ਟਿੱਪਣੀਆਂ ਚੱਲ ਰਹੇ ਵਿਦਿਆਰਥੀ ਵਿਰੋਧ ਪ੍ਰਦਰਸ਼ਨਾਂ ਦੇ ਮੱਦੇਨਜ਼ਰ ਆਈਆਂ ਹਨ, ਜਿਸ ਵਿੱਚ ਅਦਾਕਾਰ ਨੇ ਟਕਰਾਅ ਦੀ ਬਜਾਏ ਗੱਲਬਾਤ ਦੀ ਅਪੀਲ ਕੀਤੀ ਹੈ। ਅਦਾਕਾਰ ਨੇ ਵਿਦਿਆਰਥੀਆਂ ਨਾਲ ਇਕਜੁੱਟਤਾ ਪ੍ਰਗਟ ਕੀਤੀ ਅਤੇ ਸਵੀਕਾਰ ਕੀਤਾ ਕਿ ਮਹੱਤਵਪੂਰਨ ਪਰ ਵਿਵਾਦਪੂਰਨ ਮੁੱਦਿਆਂ 'ਤੇ ਜਨਤਕ ਸਟੈਂਡ ਲੈਣਾ ਅਕਸਰ ਆਲੋਚਨਾ ਨੂੰ ਸੱਦਾ ਦਿੰਦਾ ਹੈ। ਸੋਮਵਾਰ ਨੂੰ ਕੇਂਦਰੀ ਦਿੱਲੀ 'ਚ ਹਜ਼ਾਰਾਂ ਦੀ ਗਿਣਤੀ 'ਚ ਇਕੱਠੇ ਹੋਏ ਪ੍ਰਦਰਸ਼ਨਕਾਰੀਆਂ ਨੂੰ ਰੋਕਣ ਲਈ ਦਿੱਲੀ ਪੁਲਿਸ ਵੱਲੋਂ ਲਾਠੀਚਾਰਜ ਕੀਤਾ ਗਿਆ ਅਤੇ ਹੰਝੂ ਗੈਸ ਦੇ ਗੋਲੇ ਛੱਡੇ ਗਏ। ਇਸ ਭੜਕੀ ਹਿੰਸਾ ਅਤੇ ਭੰਨਤੋੜ 'ਚ ਵੱਡੀ ਗਿਣਤੀ 'ਚ ਪੁਲਿਸ ਕਰਮੀ ਅਤੇ ਪ੍ਰਦਰਸ਼ਨਕਾਰੀ ਜ਼ਖ਼ਮੀ ਹੋ ਗਏ, ਜਦਕਿ ਪੁਲਿਸ ਨੇ ਲਗਭਗ 100 ਤੋਂ ਵੱਧ ਲੋਕਾਂ ਨੂੰ ਹਿਰਾਸਤ ਵਿੱਚ ਲਿਆ ਹੈ। ਸਾਲ 2019 ਦੇ ਨਾਗਰਿਕਤਾ ਸੋਧ ਕਾਨੂੰਨ (311) ਵਿਰੋਧੀ ਅੰਦੋਲਨ ਦੀ ਯਾਦ ਦਿਵਾਉਂਦੇ ਇਸ ਪ੍ਰਦਰਸ਼ਨ ਦੌਰਾਨ ਕੇਂਦਰ ਸਰਕਾਰ ਨੇ 20 ਜੂਨ ਤੋਂ ਚੱਲ ਰਹੇ ਧਰਨੇ ਤੋਂ ਬਾਅਦ ਪਹਿਲੀ ਵਾਰ ਸੀ.ਜੇ.ਪੀ. ਆਗੂਆਂ ਨਾਲ ਰਸਮੀ ਗੱਲਬਾਤ ਕੀਤੀ।



## ਅਕਾਲੀ ਦਲ ਪੁਨਰ ਸੁਰਜੀਤ 'ਚ ਵੱਡੀ ਬਗਾਵਤ, ਇਕਬਾਲ ਸਿੰਘ ਝੂੰਦਾ ਨੇ ਛੱਡੀ ਪਾਰਟੀ

**ਚੰਡੀਗੜ੍ਹ, 21 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀ ਸਿਆਸਤ 'ਚ ਅੱਜ ਉਸ ਵੇਲੇ ਵੱਡਾ ਸਿਆਸੀ ਘਟਨਾਕ੍ਰਮ ਦੇਖਣ ਨੂੰ ਮਿਲਿਆ, ਜਦੋਂ ਅਕਾਲੀ ਦਲ ਪੁਨਰ ਸੁਰਜੀਤ ਦੇ 15 ਤੋਂ ਵੱਧ ਸੀਨੀਅਰ ਆਗੂਆਂ ਨੇ ਪਾਰਟੀ ਲੀਡਰਸ਼ਿਪ ਤੋਂ ਬਗਾਵਤ ਕਰਦਿਆਂ ਨਵਾਂ ਰਾਹ ਅਪਣਾਉਣ ਦਾ ਐਲਾਨ ਕਰ ਦਿੱਤਾ। ਸਾਬਕਾ ਰਾਜ ਸਭਾ ਮੈਂਬਰ ਇਕਬਾਲ ਸਿੰਘ ਝੂੰਦਾ ਦੀ ਅਗਵਾਈ ਹੇਠ ਹੋਈ ਪ੍ਰੈੱਸ ਕਾਨਫਰੰਸ 'ਚ ਸੰਕੇਤ ਦਿੱਤੇ ਗਏ ਕਿ ਇਹ ਧੜਾ ਪੰਥਕ ਏਕਤਾ ਦੇ ਮਕਸਦ ਨਾਲ 'ਅਕਾਲੀ ਦਲ ਵਾਰਿਸ ਪੰਜਾਬ ਦੇ' ਨਾਲ ਮਿਲ ਕੇ ਅੱਗੇ ਵਧੇਗਾ। ਇਸ ਨਾਲ ਅਕਾਲੀ ਦਲ ਪੁਨਰ ਸੁਰਜੀਤ ਨੂੰ ਵੱਡਾ ਸਿਆਸੀ ਝਟਕਾ ਲੱਗਿਆ ਹੈ ਅਤੇ ਪਾਰਟੀ 'ਚ ਵੱਧ ਰਹੀ ਟੁੱਟ ਇੱਕ ਵਾਰ ਫਿਰ ਸਾਹਮਣੇ ਆ ਗਈ ਹੈ। ਪ੍ਰੈੱਸ ਕਾਨਫਰੰਸ 'ਚ ਇਕਬਾਲ ਸਿੰਘ ਝੂੰਦਾ ਸਮੇਤ ਕਈ ਪ੍ਰਮੁੱਖ ਆਗੂ ਇਕੱਠੇ ਨਜ਼ਰ ਆਏ। ਕੁੱਝ ਹੀ ਦੇਰ ਬਾਅਦ ਦਾਖਾ ਤੋਂ ਵਿਧਾਇਕ ਅਤੇ 'ਅਕਾਲੀ ਦਲ ਵਾਰਿਸ ਪੰਜਾਬ ਦੇ' ਦੇ ਪ੍ਰਮੁੱਖ ਆਗੂ ਮਨਪ੍ਰੀਤ ਸਿੰਘ ਇਆਲੀ ਵੀ ਮੌਕੇ 'ਤੇ ਪਹੁੰਚੇ, ਜਿਸ ਨਾਲ ਇਹ ਚਰਚਾ ਹੋਰ ਤੇਜ਼ ਹੋ ਗਈ ਕਿ ਦੋਵਾਂ ਧਿਰਾਂ ਵਿਚਕਾਰ ਰਾਜਨੀਤਿਕ ਸਮਝੌਤਾ ਲਗਭਗ ਤੈਅ ਹੋ ਚੁੱਕਾ ਹੈ। ਇਹ ਘਟਨਾਕ੍ਰਮ ਉਸ ਵੇਲੇ ਸਾਹਮਣੇ ਆਇਆ ਹੈ, ਜਦੋਂ ਪਿਛਲੇ ਕੁੱਝ ਮਹੀਨਿਆਂ ਤੋਂ ਅਕਾਲੀ ਦਲ ਪੁਨਰ ਸੁਰਜੀਤ ਨੂੰ ਲਗਾਤਾਰ ਝਟਕੇ ਲੱਗ ਰਹੇ ਹਨ। ਪਹਿਲਾਂ ਮਨਪ੍ਰੀਤ ਸਿੰਘ ਇਆਲੀ ਪਾਰਟੀ ਤੋਂ ਵੱਖ ਹੋਏ, ਉਸ ਤੋਂ ਬਾਅਦ ਸੁਰਜੀਤ ਸਿੰਘ ਰੱਖੜਾ, ਚਰਨਜੀਤ ਸਿੰਘ ਬਰਾੜ, ਪਰਮਜੀਤ ਕੌਰ ਲਾਂਡਰਾਂ ਅਤੇ ਹੋਰ ਕਈ ਆਗੂ ਵੀ ਪਾਰਟੀ ਛੱਡ ਚੁੱਕੇ ਹਨ। ਕੁੱਝ ਆਗੂ ਮੁੜ ਸ਼੍ਰੋਮਣੀ ਅਕਾਲੀ ਦਲ (ਬਾਦਲ) 'ਚ ਵਾਪਸ ਗਏ, ਕੁੱਝ ਭਾਜਪਾ 'ਚ ਸ਼ਾਮਲ ਹੋਏ, ਜਦੋਂ ਕਿ ਹੁਣ ਵੱਡਾ ਹਿੱਸਾ 'ਵਾਰਿਸ ਪੰਜਾਬ ਦੇ' ਨਾਲ ਖੜ੍ਹਾ ਨਜ਼ਰ ਆ ਰਿਹਾ ਹੈ। ਇਕਬਾਲ ਸਿੰਘ ਝੂੰਦਾ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਉਨ੍ਹਾਂ ਦਾ ਮਕਸਦ ਕਿਸੇ ਵਿਅਕਤੀ ਜਾਂ ਪਾਰਟੀ ਦਾ ਵਿਰੋਧ ਕਰਨਾ ਨਹੀਂ, ਸਗੋਂ ਪੰਥ ਅਤੇ ਪੰਜਾਬ ਦੀ ਭਲਾਈ ਲਈ ਇੱਕ ਸਾਂਝਾ ਮੰਚ ਤਿਆਰ ਕਰਨਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਥਕ ਏਕਤਾ ਲਈ ਜੋ ਸੰਦੇਸ਼ ਦਿੱਤਾ ਗਿਆ ਸੀ, ਉਸ ਨੂੰ ਸਾਕਾਰ ਕਰਨਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਹੱਕਾਂ, ਚੰਡੀਗੜ੍ਹ, ਦਰਿਆਈ ਪਾਣੀਆਂ, ਪੰਜਾਬੀ ਬੋਲਦੇ ਇਲਾਕਿਆਂ, ਸਿੱਖ ਸੰਸਥਾਵਾਂ ਅਤੇ ਯੂਨੀਵਰਸਿਟੀਆਂ ਨਾਲ ਜੁੜੇ ਮਸਲੇ ਅੱਜ ਵੀ ਹੱਲ ਦੀ ਉਡੀਕ ਕਰ ਰਹੇ ਹਨ। ਉਨ੍ਹਾਂ ਦਾ ਦੋਸ਼ ਸੀ ਕਿ ਪੰਜਾਬ ਦੇ ਅਸਲ ਮੁੱਦੇ ਪਿੱਛੇ ਧੱਕ ਦਿੱਤੇ ਗਏ ਹਨ ਅਤੇ ਜਦੋਂ ਇਨ੍ਹਾਂ ਮੁੱਦਿਆਂ ਨੂੰ ਉਠਾਇਆ ਜਾਂਦਾ ਹੈ ਤਾਂ ਉਸ ਨੂੰ ਗਲਤ ਢੰਗ ਨਾਲ ਪੇਸ਼ ਕੀਤਾ ਜਾਂਦਾ ਹੈ। ਝੂੰਦਾ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਸਿੱਖਾਂ ਅਤੇ ਪੰਜਾਬ ਨਾਲ ਜੁੜੇ ਲੰਬੇ ਸਮੇਂ ਤੋਂ ਲਟਕਦੇ ਮਸਲਿਆਂ ਨੂੰ ਹਮਦਰਦੀ ਨਾਲ ਸੁਣ ਕੇ ਹੱਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਨੇ ਦੇਸ਼ ਲਈ ਬੇਮਿਸਾਲ ਕੁਰਬਾਨੀਆਂ ਦਿੱਤੀਆਂ ਹਨ ਅਤੇ ਉਸ ਦੇ ਹੱਕਾਂ ਨੂੰ ਨਜ਼ਰ-ਅੰਦਾਜ਼ ਨਹੀਂ ਕੀਤਾ ਜਾਣਾ ਚਾਹੀਦਾ। ਝੂੰਦਾ ਨੇ ਕਿਹਾ ਕਿ ਨਵਾਂ ਗਠਜੋੜ ਸਿੱਖ ਕੌਮ ਦੀ ਵਿਰਾਸਤ ਅਤੇ ਮਹਾਰਾਜਾ ਰਣਜੀਤ ਸਿੰਘ ਤੇ ਬਾਬਾ ਬੰਦਾ ਸਿੰਘ ਬਹਾਦਰ ਦੀ ਧਰਮ ਨਿਰਪੱਖ ਸੋਚ ਨੂੰ ਅੱਗੇ ਲੈ ਕੇ ਚੱਲੇਗਾ। ਉਨ੍ਹਾਂ ਕਿਹਾ ਕਿ ਇਹ ਮੰਚ ਸਿਰਫ਼ ਸਿੱਖਾਂ ਦੀ ਨਹੀਂ, ਸਗੋਂ ਪੰਜਾਬ ਦੇ ਹਰ ਵਰਗ ਦੀ ਆਵਾਜ਼ ਬਣੇਗਾ ਅਤੇ ਕਿਸਾਨਾਂ, ਨੌਜਵਾਨਾਂ ਅਤੇ ਆਮ ਲੋਕਾਂ ਦੇ ਹੱਕਾਂ ਲਈ ਸੰਘਰਸ਼ ਕਰੇਗਾ। ਉਨ੍ਹਾਂ ਕਿਹਾ ਕਿ ਪਿਛਲੇ ਕਈ ਦਹਾਕਿਆਂ ਤੋਂ ਅਕਾਲੀ ਰਾਜਨੀਤੀ ਆਪਣੀ ਅਸਲ ਦਿਸ਼ਾ ਤੋਂ ਭਟਕ ਗਈ ਸੀ, ਜਿਸ ਕਾਰਨ ਪੰਜਾਬ ਦੇ ਲੋਕਾਂ 'ਚ ਨਿਰਾਸ਼ਾ ਵਧੀ। ਹੁਣ ਲੋੜ ਹੈ ਕਿ ਸਾਰੀਆਂ ਪੰਥਕ ਧਿਰਾਂ ਨਿੱਜੀ ਹਿੱਤਾਂ ਤੋਂ ਉੱਪਰ ਉੱਠ ਕੇ ਇਕੱਠੀਆਂ ਹੋਣ।



## ਪੰਜਾਬ 'ਚ ਖਤਰੇ ਦੀ ਘੰਟੀ! ਰਾਵੀ ਦਰਿਆ ਨੇ ਧਾਰਿਆ ਭਿਆਨਕ ਰੂਪ, ਟੁੱਟਿਆ ਅੱਧੀ ਦਰਜਨ ਪਿੰਡਾਂ ਦਾ ਸੰਪਰਕ



**ਗੁਰਦਾਸਪੁਰ, 21 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਬੀਤੀ ਅੱਧੀ ਰਾਤ ਤੋਂ ਇਲਾਕੇ ਵਿੱਚ ਲਗਾਤਾਰ ਹੋ ਰਹੀ ਬਾਰਿਸ਼ ਕਾਰਨ ਜਿੱਥੇ ਆਮ ਜਨਜੀਵਨ ਪ੍ਰਭਾਵਿਤ ਹੋਇਆ ਹੈ, ਉੱਥੇ ਹੀ ਰਾਵੀ ਦਰਿਆ ਵਿੱਚ ਵੀ ਪਾਣੀ ਦਾ ਪੱਧਰ ਕਾਫੀ ਵੱਧ ਗਿਆ ਹੈ। ਪਾਣੀ ਦਾ ਪੱਧਰ ਵੱਧਣ ਕਾਰਨ ਮਕੌੜਾ ਪੱਤਣ 'ਤੇ ਪਾਰਲੇ ਪਾਸੇ ਆਉਣ-ਜਾਣ ਲਈ ਚੱਲਣ ਵਾਲੀ ਕਿਸ਼ਤੀ ਸੇਵਾ ਨੂੰ ਅੱਜ ਸਵੇਰੇ ਕਰੀਬ 10 ਵਜੇ ਤੋਂ ਬਾਅਦ ਬੰਦ ਕਰਨਾ ਪਿਆ। ਕਿਸ਼ਤੀ ਸੇਵਾ ਬੰਦ ਹੋਣ ਕਾਰਨ ਰਾਵੀ ਦਰਿਆ ਦੇ ਪਾਰਲੇ ਪਾਸੇ ਵੱਸਦੇ ਅੱਧੀ ਦਰਜਨ ਦੇ ਕਰੀਬ ਪਿੰਡਾਂ ਦੇ ਲੋਕਾਂ ਦਾ ਮੁੱਖ ਇਲਾਕੇ ਨਾਲ ਸੰਪਰਕ ਟੁੱਟ ਗਿਆ ਹੈ। ਜਾਣਕਾਰੀ ਅਨੁਸਾਰ ਪਿਛਲੇ ਕਈ ਘੰਟਿਆਂ ਤੋਂ ਹੋ ਰਹੀ ਲਗਾਤਾਰ ਬਾਰਿਸ਼ ਕਾਰਨ ਇਲਾਕੇ ਦੇ ਛੋਟੇ-ਵੱਡੇ ਨਾਲਿਆਂ, ਨੀਵੀਆਂ ਥਾਵਾਂ ਅਤੇ ਦਰਿਆਵਾਂ ਵਿੱਚ ਪਾਣੀ ਦਾ ਪੱਧਰ ਲਗਾਤਾਰ ਵੱਧ ਰਿਹਾ ਹੈ। ਇਸੇ ਦੌਰਾਨ ਰਾਵੀ ਦਰਿਆ ਵਿੱਚ ਵੀ ਪਾਣੀ ਦਾ ਵਹਾਅ ਤੇਜ਼ ਹੋਣ ਦੇ ਨਾਲ ਪਾਣੀ ਦਾ ਪੱਧਰ ਕਾਫੀ ਵੱਧ ਗਿਆ। ਮਕੌੜਾ ਪੱਤਣ 'ਤੇ ਲੋਕਾਂ ਨੂੰ ਦਰਿਆ ਪਾਰ ਕਰਵਾਉਣ ਲਈ ਚੱਲਣ ਵਾਲੀ ਕਿਸ਼ਤੀ ਰਾਹੀਂ ਰੋਜ਼ਾਨਾ ਵੱਡੀ ਗਿਣਤੀ ਵਿੱਚ ਲੋਕ ਆਪਣੇ ਕੰਮਕਾਜ, ਖਰੀਦਦਾਰੀ, ਸਿਹਤ ਸਹੂਲਤਾਂ ਅਤੇ ਹੋਰ ਜ਼ਰੂਰੀ ਕੰਮਾਂ ਲਈ ਆਉਂਦੇ-ਜਾਂਦੇ ਹਨ। ਪਰ ਪਾਣੀ ਦਾ ਪੱਧਰ ਵੱਧਣ ਕਾਰਨ ਸੁਰੱਖਿਆ ਦੇ ਮੱਦੇਨਜ਼ਰ ਕਿਸ਼ਤੀ ਸੇਵਾ ਬੰਦ ਕਰਨੀ ਪਈ। ਕਿਸ਼ਤੀ ਸੇਵਾ ਬੰਦ ਹੋਣ ਨਾਲ ਪਾਰਲੇ ਪਾਸੇ ਵੱਸਦੇ ਪਿੰਡਾਂ ਦੇ ਲੋਕਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਨ੍ਹਾਂ ਪਿੰਡਾਂ ਦੇ ਲੋਕਾਂ ਲਈ ਮਕੌੜਾ ਪੱਤਣ ਰਾਹੀਂ ਆਉਣਾ-ਜਾਣਾ ਦਾ ਇਕੋ ਇਕ ਰਸਤਾ ਹੈ ਪਰ ਹੁਣ ਲੋਕਾਂ ਨੂੰ ਆਪਣੇ ਜ਼ਰੂਰੀ ਕੰਮਾਂ ਜਾਣਾ ਵੀ ਆਸੰਭਵ ਹੈ। ਖ਼ਾਸ ਕਰਕੇ ਮਰੀਜ਼ਾਂ, ਬਜ਼ੁਰਗਾਂ, ਸਕੂਲ ਜਾਣ ਵਾਲੇ ਬੱਚਿਆਂ ਅਤੇ ਰੋਜ਼ਾਨਾ ਮਜ਼ਦੂਰੀ ਜਾਂ ਕਾਰੋਬਾਰ ਕਰਨ ਵਾਲੇ ਲੋਕਾਂ ਦੀਆਂ ਮੁਸ਼ਕਲਾਂ ਵੱਧ ਗਈਆਂ ਹਨ। ਸਥਾਨਕ ਲੋਕਾਂ ਨੇ ਦੱਸਿਆ ਕਿ ਬਾਰਿਸ਼ ਕਾਰਨ ਰਾਵੀ ਦਰਿਆ ਦਾ ਪਾਣੀ ਤੇਜ਼ੀ ਨਾਲ ਵਧ ਰਿਹਾ ਹੈ, ਜਿਸ ਕਾਰਨ ਕਿਸ਼ਤੀ ਚਲਾਉਣਾ ਖ਼ਤਰੇ ਤੋਂ ਖਾਲੀ ਨਹੀਂ। **(ਫਾਈਲ ਫੋਟੋ)**

# ਦੇਗ ਤੇਗ ਫ਼ਤਹਿ
## ਪੰਥ ਕੀ ਜੀਤ



ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਪਾਰਕ ਐਵਨਿਊ ਵਿਖੇ

# ਮਹਾਨ ਸ਼ਹੀਦੀ ਸਮਾਗਮ

## 24 ਤੋਂ 26 ਜੁਲਾਈ 2026

**ਅਰੰਭ**
ਸ੍ਰੀ ਅਖੰਡਪਾਠ ਸਾਹਿਬ
24 ਜੁਲਾਈ 2026

**ਭੋਗ**
ਸ੍ਰੀ ਅਖੰਡਪਾਠ ਸਾਹਿਬ
26 ਜੁਲਾਈ 2026

### ਸ਼ਹੀਦ ਸਿੰਘਾਂ ਦੀ ਯਾਦ ਵਿੱਚ

- ਸ਼ਹੀਦ ਜਨਰਲ ਲਾਭ ਸਿੰਘ — ਮੁਖੀ ਖਾਲਿਸਤਾਨ ਕਮਾਂਡੋ ਫੋਰਸ
- ਸ਼ਹੀਦ ਜਨਰਲ ਅਵਤਾਰ ਸਿੰਘ ਬ੍ਰਹਮਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
- ਸ਼ਹੀਦ ਜਨਰਲ ਗੁਰਜੰਟ ਸਿੰਘ ਬੁੱਧਸਿੰਘ ਵਾਲਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
- ਸ਼ਹੀਦ ਭਾਈ ਮਹਿੰਦਰ ਸਿੰਘ ਟੋਰਾਂਟੋ (ਕਨੇਡਾ)
- ਸ਼ਹੀਦ ਭਾਈ ਸੁਖਦੇਵ ਸਿੰਘ ਬੱਬਰ — ਜਥੇਦਾਰ ਬੱਬਰ ਖਾਲਸਾ
- ਸ਼ਹੀਦ ਭਾਈ ਰਸ਼ਪਾਲ ਸਿੰਘ ਛੰਦੜਾ — ਜਨਰਲ ਭਿੰਡਰਾਂ ਵਾਲਾ ਟਾਈਗਰ ਫੋਰਸ

### ਸ਼ਹੀਦੀ ਸਮਾਗਮ

ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਵੇਰੇ 11 ਵਜੇ ਤੋਂ 1 ਵਜੇ ਤੱਕ ਦੀਵਾਨ ਸਜਾਏ ਜਾਣਗੇ।
ਪੰਥਕ ਬੁਲਾਰੇ ਸ਼ਹੀਦ ਸਿੰਘਾਂ ਦੀਆਂ ਜੀਵਨੀਆਂ ਬਾਰੇ ਆਪਣੇ ਵਿਚਾਰ ਦੇਣਗੇ।
ਸਮੂਹ ਪੰਥਕ ਆਗੂਆਂ ਨੂੰ ਸੱਦਾ ਦਿੱਤਾ ਜਾਂਦਾ ਹੈ।
ਸੰਗਤਾਂ ਨੂੰ ਵਧ-ਚੜ੍ਹ ਕੇ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ।

## ਸਿੱਖ ਫੈਡਰੇਸ਼ਨ, ਯੂ . ਕੇ .

ਪਰਮਿੰਦਰ ਸਿੰਘ ਬੱਲ — ਪ੍ਰਧਾਨ | ਅਜੀਤਪਾਲ ਸਿੰਘ ਸਹੋਤਾ — ਜਨਰਲ ਸਕੱਤਰ | ਹਰਮੇਲ ਸਿੰਘ ਖਾਲਸਾ — ਆਰਗੇਨਾਈਜ਼ਰ

ਟੈਲੀਫ਼ੋਨ: 07771608 363 | ਈ-ਮੇਲ: PSBAL46@gmail.com

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਦਮਦਮੀ ਟਕਸਾਲ
ਨਾਮ ਜਪੋ | ਕਿਰਤ ਕਰੋ | ਵੰਡ ਛਕੋ
Naam Japo | Kirat Karo | Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV

ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ


ਧੰਨ-ਧੰਨ ਮਾਤਾ ਸਾਹਿਬ ਕੌਰ ਜੀ

ਗੁਰਮਤਿ ਸਮਾਗਮ
1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ –20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ –1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141–27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408–35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ।।

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

- ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾ ਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ
- ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ, ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

### ਜੰਤਰ-ਮੰਤਰ ਤੇ ਸੰਸਦ ਵੱਲ ਮਾਰਚ ਕਰਦੇ ਵਿਦਿਆਰਥੀਆਂ ਉੱਤੇ ਲਾਠੀਚਾਰਜ ਦੀ ਨਿਖੇਧੀ

# ਨੀਟ ਸੰਘਰਸ਼ ਨਾਲ ਇਕਜੁੱਟਤਾ ਦਾ ਐਲਾਨ



ਦਰਸ਼ਨ ਬੁੱਟਰ, ਮੱਖਣ ਕੁਹਾੜ ਸੁਸ਼ੀਲ ਦੁਸਾਂਝ, ਸ਼ੇਲਿੰਦਰਜੀਤ ਸਿੰਘ ਰਾਜਨ, ਦੀਪਦਵਿੰਦਰ ਸਿੰਘ

**ਬਾਬਾ ਬਕਾਲਾ ਸਾਹਿਬ , 21 ਜੁਲਾਈ:( ਬਾਬਾ ਸੁਖਵੰਤ ਸਿੰਘ ਚੰਨਣਕੇ)-** ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਨੇ ਨੀਟ ਪ੍ਰੀਖਿਆ ਨਾਲ ਜੁੜੇ ਵਿਦਿਆਰਥੀਆਂ ਦੇ ਸੰਘਰਸ਼ ਨਾਲ ਇਕਜੁੱਟਤਾ ਪ੍ਰਗਟ ਕਰਦਿਆਂ ਜੰਤਰ-ਮੰਤਰ ਅਤੇ ਸੰਸਦ ਵੱਲ ਮਾਰਚ ਕਰ ਰਹੇ ਵਿਦਿਆਰਥੀਆਂ ਉੱਤੇ ਪੁਲਿਸ ਵੱਲੋਂ ਕੀਤੇ ਗਏ ਲਾਠੀਚਾਰਜ, ਹੰਝੂ ਗੈਸ ਦੇ ਗੋਲਿਆਂ ਦੀ ਵਰਤੋਂ ਅਤੇ ਹੋਰ ਬਲ-ਪ੍ਰਯੋਗ ਦੀ ਸਖ਼ਤ ਨਿਖੇਧੀ ਕੀਤੀ ਹੈ। ਸਭਾ ਨੇ ਕਿਹਾ ਕਿ ਜਮਹੂਰੀ ਢੰਗ ਨਾਲ

### ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ ਪ੍ਰੀਖਿਆ ਪ੍ਰਣਾਲੀ ਨੂੰ ਨਿਰਪੱਖ ਤੇ ਭਰੋਸੇਯੋਗ ਬਣਾਉਣ ਦੀ ਮੰਗ

ਆਵਾਜ਼ਿ ਕੌਮ AWAZE QAUM International Newspaper & WEB TV

ਆਪਣੀ ਗੱਲ ਰੱਖ ਰਹੇ ਵਿਦਿਆਰਥੀਆਂ ਨਾਲ ਬਲ-ਪ੍ਰਯੋਗ ਕਰਨਾ ਲੋਕਤੰਤਰੀ ਕਦਰਾਂ-ਕੀਮਤਾਂ ਦੇ ਉਲਟ ਹੈ। ਇਸ ਦੇ ਨਾਲ ਹੀ ਸਭਾ ਨੇ ਕਿਹਾ ਕਿ ਪ੍ਰੀਖਿਆ ਪ੍ਰਣਾਲੀ ਦੀ ਭਰੋਸੇਯੋਗਤਾ ਨੂੰ ਹਰ ਹਾਲ ਵਿੱਚ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਅਤੇ ਦੇਸ਼ ਦੇ ਲੱਖਾਂ ਨੌਜਵਾਨਾਂ ਦੇ ਭਵਿੱਖ ਨਾਲ ਜੁੜੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਨੂੰ ਕਿਸੇ ਵੀ ਤਰ੍ਹਾਂ ਦੀ ਬੇਨਿਯਮਤਾ, ਲਾਪਰਵਾਹੀ ਜਾਂ ਅਵਿਸ਼ਵਾਸ ਦਾ ਸ਼ਿਕਾਰ ਨਹੀਂ ਬਣਨ ਦਿੱਤਾ ਜਾ ਸਕਦਾ।

ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਸੀਨੀਅਰ ਮੀਤ ਪ੍ਰਧਾਨ ਮੱਖਣ ਸਿੰਘ ਕੁਹਾੜ, ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ ਅਤੇ ਦਫ਼ਤਰ ਸਕੱਤਰ ਦੀਪ ਦੇਵਿੰਦਰ ਸਿੰਘ ਵੱਲੋਂ ਜਾਰੀ ਸਾਂਝੇ ਬਿਆਨ ਵਿੱਚ ਕਿਹਾ ਗਿਆ ਕਿ ਐਨ.ਡੀ.ਏ. ਸਰਕਾਰ ਦੀ ਮੌਜੂਦਾ ਸਿੱਖਿਆ ਨੀਤੀ ਅਤੇ ਨੀਟ ਵਰਗੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਦੇ ਸੰਚਾਲਨ ਨੂੰ ਲੈ ਕੇ ਲਗਾਤਾਰ ਉੱਠ ਰਹੇ ਵਿਵਾਦ ਨੌਜਵਾਨਾਂ ਵਿੱਚ ਡੂੰਘੀ ਬੇਚੈਨੀ ਅਤੇ ਨਿਰਾਸ਼ਾ ਪੈਦਾ ਕਰ ਰਹੇ ਹਨ। ਜਦੋਂ ਵਾਰ-ਵਾਰ ਪ੍ਰੀਖਿਆਵਾਂ ਦੀ ਨਿਰਪੱਖਤਾ ਅਤੇ ਭਰੋਸੇਯੋਗਤਾ ਉੱਤੇ ਸਵਾਲ ਉੱਠਦੇ ਹਨ ਤਾਂ ਇਹ ਸਿਰਫ਼ ਇੱਕ ਪ੍ਰੀਖਿਆ ਦਾ ਨਹੀਂ, ਸਗੋਂ ਦੇਸ਼ ਦੀ ਸਮੁੱਚੀ ਸਿੱਖਿਆ ਪ੍ਰਣਾਲੀ ਦਾ ਸਵਾਲ ਬਣ ਜਾਂਦਾ ਹੈ।

ਅਹੁਦੇਦਾਰਾਂ ਨੇ ਕਿਹਾ ਕਿ ਐਨ.ਡੀ.ਏ. ਸਰਕਾਰ ਦੀਆਂ ਸਿੱਖਿਆ ਨੀਤੀਆਂ ਵਿੱਚ ਵਿਦਿਆਰਥੀਆਂ ਦੀਆਂ ਅਸਲ ਲੋੜਾਂ, ਬਰਾਬਰੀ ਦੇ ਮੌਕਿਆਂ ਅਤੇ ਜਨਤਕ ਸਿੱਖਿਆ ਦੀ ਮਜ਼ਬੂਤੀ ਦੀ ਥਾਂ ਕੇਂਦਰੀਕਰਨ ਅਤੇ ਪ੍ਰੀਖਿਆ-ਕੇਂਦਰਿਤ ਪ੍ਰਣਾਲੀ ਨੂੰ ਵੱਧ ਤਰਜੀਹ ਦਿੱਤੀ ਜਾ ਰਹੀ ਹੈ। ਨੀਟ ਸਮੇਤ ਕਈ ਪ੍ਰਤੀਯੋਗੀ ਪ੍ਰੀਖਿਆਵਾਂ ਨੂੰ ਲੈ ਕੇ ਸਾਹਮਣੇ ਆਏ ਵਿਵਾਦਾਂ ਨੇ ਇਹ ਚਿੰਤਾ ਹੋਰ ਗੰਭੀਰ ਕਰ ਦਿੱਤੀ ਹੈ ਕਿ ਸਰਕਾਰ ਵਿਦਿਆਰਥੀਆਂ ਦਾ ਭਰੋਸਾ ਬਹਾਲ ਕਰਨ ਵਿੱਚ ਨਾਕਾਮ ਰਹੀ ਹੈ। ਦੇਸ਼ ਦੇ ਲੱਖਾਂ ਨੌਜਵਾਨਾਂ ਦੇ ਭਵਿੱਖ ਨਾਲ ਜੁੜੇ ਅਜਿਹੇ ਮਾਮਲਿਆਂ ਵਿੱਚ ਕਿਸੇ ਵੀ ਕਿਸਮ ਦੀ ਅਣਗਹਿਲੀ ਜਾਂ ਗੈਰ-ਜਵਾਬਦੇਹੀ ਕਬੂਲ ਨਹੀਂ ਕੀਤੀ ਜਾ ਸਕਦੀ। ਕੇਂਦਰੀ ਪੰਜਾਬੀ ਲੇਖਕ ਸਭਾ ਨੇ ਮੰਗ ਕੀਤੀ ਕਿ ਨੀਟ ਸਮੇਤ ਸਾਰੀਆਂ ਰਾਸ਼ਟਰੀ ਪ੍ਰਤੀਯੋਗੀ ਪ੍ਰੀਖਿਆਵਾਂ ਨੂੰ ਪੂਰੀ ਤਰ੍ਹਾਂ ਨਿਰਪੱਖ, ਪਾਰਦਰਸ਼ੀ ਅਤੇ ਜਵਾਬਦੇਹ ਬਣਾਉਣ ਲਈ ਪ੍ਰਭਾਵਸ਼ਾਲੀ ਕਦਮ ਚੁੱਕੇ ਜਾਣ। ਇਸ ਦੇ ਨਾਲ ਹੀ ਸਿੱਖਿਆ ਨੀਤੀਆਂ ਨੂੰ ਅਜਿਹੀ ਦਿਸ਼ਾ ਦਿੱਤੀ ਜਾਵੇ ਜੋ ਸਮਾਜਿਕ ਨਿਆਂ, ਬਰਾਬਰੀ ਦੇ ਮੌਕੇ ਅਤੇ ਹਰ ਵਰਗ ਦੇ ਵਿਦਿਆਰਥੀਆਂ ਦੇ ਹਿੱਤਾਂ ਦੀ ਰਾਖੀ ਨੂੰ ਯਕੀਨੀ ਬਣਾਵੇ। ਸਾਹਿਤਕ ਅਤੇ ਬੌਧਿਕ ਜਥੇਬੰਦੀ ਹੋਣ ਦੇ ਨਾਤੇ ਕੇਂਦਰੀ ਪੰਜਾਬੀ ਲੇਖਕ ਸਭਾ ਮੰਨਦੀ ਹੈ ਕਿ ਨੌਜਵਾਨਾਂ ਦੇ ਸੁਪਨਿਆਂ, ਸਿੱਖਿਆ ਦੇ ਅਧਿਕਾਰ ਅਤੇ ਨਿਆਂਪੂਰਨ ਪ੍ਰੀਖਿਆ ਪ੍ਰਣਾਲੀ ਦੀ ਰਾਖੀ ਕਰਨਾ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਸਭਾ ਨੀਟ ਨਾਲ ਜੁੜੇ ਵਿਦਿਆਰਥੀਆਂ ਦੇ ਜਮਹੂਰੀ ਸੰਘਰਸ਼ ਨਾਲ ਆਪਣੀ ਪੂਰੀ ਇਕਜੁੱਟਤਾ ਦਾ ਪ੍ਰਗਟਾਵਾ ਕਰਦੀ ਹੈ ਅਤੇ ਮੰਗ ਕਰਦੀ ਹੈ ਕਿ ਦੇਸ਼ ਦੀ ਸਿੱਖਿਆ ਪ੍ਰਣਾਲੀ ਨੂੰ ਹੋਰ ਨਿਰਪੱਖ, ਭਰੋਸੇਯੋਗ ਅਤੇ ਵਿਦਿਆਰਥੀ-ਪੱਖੀ ਬਣਾਉਣ ਲਈ ਤੁਰੰਤ ਠੋਸ ਕਦਮ ਚੁੱਕੇ ਜਾਣ।

### ਖਾਲਸਾ ਕਾਲਜ ਮਹਿਤਾ ਬੀ.ਸੀ.ਏ. ਦੇ ਵਿਦਿਆਰਥੀਆਂ ਨੇ

# ਯੂਨੀਵਰਸਿਟੀ ਪ੍ਰੀਖਿਆਵਾਂ ਵਿੱਚ ਮਾਰੀਆਂ ਮੱਲਾਂ-ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਜਲਾਲ ਉਸਮਾ



**ਚੌਕ ਮਹਿਤਾ,21 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)-** ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਚੌਂਕ ਦੇ ਬੀ.ਸੀ.ਏ. ਦੇ ਨਤੀਜੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਘੋਸ਼ਿਤ ਕੀਤੇ ਗਏ। ਜਿਸ ਵਿੱਚ ਵਿਦਿਆਰਥੀਆਂ ਦੀ ਮਿਹਨਤ ਸਦਕਾ ਨਤੀਜੇ ਸੌ ਫੀਸਦੀ ਰਹੇ। ਕਾਲਜ ਦੀਆਂ ਹੋਣਹਾਰ ਵਿਦਿਆਰਥਣਾਂ ਨਵਨੀਤ ਕੌਰ 87%, ਚਾਂਦਨੀ 85% ਅਤੇ ਸ਼ਬਨਮਦੀਪ ਕੌਰ 82% ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ,ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ । ਇਸ ਤੋਂ ਇਲਾਵਾ ਅਨਮੋਲਪ੍ਰੀਤ ਕੌਰ,ਮਹਿਕਦੀਪ ਕੌਰ, ਬਲਵਿੰਦਰ ਕੌਰ, ਰੂਬਲਪ੍ਰੀਤ ਕੌਰ, ਪ੍ਰਭਦੀਪ ਸਿੰਘ, ਹਰਮਨਦੀਪ ਸਿੰਘ, ਜਸ਼ਨਪ੍ਰੀਤ ਸਿੰਘ ਦਾ ਪ੍ਰਦਰਸ਼ਨ ਵੀ ਸ਼ਲਾਘਾਯੋਗ ਰਿਹਾ।

ਇਸ ਮੌਕੇ 'ਤੇ ਕਾਲਜ ਦੇ ਪ੍ਰਿੰਸੀਪਲ ਸ, ਗੁਰਦੀਪ ਸਿੰਘ ਜਲਾਲ ਉਸਮਾਂ ਨੇ ਖੁਸ਼ੀ ਜ਼ਾਹਿਰ ਕਰਦਿਆ ਵਿਦਿਆਰਥੀਆਂ ਦੇ ਨਾਲ-ਨਾਲ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ, ਅਤੇ ਕਿਹਾ ਕਿ ਇਹ ਨਤੀਜੇ ਸਿਰਫ ਤੁਹਾਡੀ ਲਗਾਤਾਰ ਕੋਸ਼ਿਸ਼ ਨਹੀਂ ਸਗੋਂ ਤੁਹਾਡੇ ਭਵਿੱਖ ਦੀ ਮਜਬੂਤ ਨੀਂਹ ਵੀ ਹਨ। ਤੁਸੀ ਕਾਲਜ ਦਾ ਮਾਨ ਵਧਾਇਆ ਹੈ ਤੇ ਹੋਰ ਬੱਚਿਆਂ ਲਈ ਪ੍ਰੇਰਨਾ ਦਾ ਇੱਕ ਉਦਾਹਰਣ ਬਣੇ ਹੋ । ਉਹਨਾਂ ਨੇ ਵਿਦਿਆਰਥੀਆਂ ਨੂੰ ਅਗਾਂਹ ਭਵਿੱਖ ਵਿੱਚ ਹੋਰ ਦਿਲ ਲਾ ਕੇ ਪੜ੍ਹਨ ਅਤੇ ਆਪਣੀ ਜ਼ਿੰਦਗੀ ਵਿੱਚ ਕਾਮਯਾਬ ਹੋਣ ਲਈ ਪ੍ਰੇਰਿਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ 'ਤੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ,ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਕੁਲਦੀਪ ਕੌਰ,ਗੁਰਸ਼ਰਨਪ੍ਰੀਤ ਕੌਰ, ਸੁਖਮਨਦੀਪ ਕੌਰ ,ਪਵਨਦੀਪ ਕੌਰ, ਅਮਨਦੀਪ ਕੌਰ, ਪੂਰਤੀ ਸ਼ਰਮਾ , ਨਵਨੀਤ ਕੌਰ, ਮਨਜੀਤ ਕੌਰ ,ਗੁਰਵਿੰਦਰ ਕੌਰ ,ਸੁਪ੍ਰੀਤ ਕੌਰ, ਮਨਦੀਪ ਕੌਰ,ਬਲਜੀਤ ਕੌਰ ਅਤੇ ਕਾਬਲ ਸਿੰਘ ਆਦਿ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ।

# ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਵਿੱਚ ਕਰੀਅਰ ਗਾਈਡੈਂਸ ਸੈਮੀਨਾਰ ਦਾ ਆਯੋਜਨ




**ਮਹਿਤਾ ਚੌਂਕ, 21 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)-** ਇਲਾਕੇ ਦੀ ਨਾਮਵਰ ਸੰਸਥਾ ਦਸ਼ਮੇਸ਼ ਵਿੱਦਿਅਕ ਸੰਸਥਾਵਾਂ, ਮਹਿਤਾ ਚੌਂਕ ਵੱਲੋਂ ਵਿਦਿਆਰਥੀਆਂ ਦੇ ਭਵਿੱਖ ਨੂੰ ਉੱਜਵਲ ਬਣਾਉਣ ਦੇ ਮਕਸਦ ਨਾਲ ਇੱਕ ਵਿਸ਼ੇਸ਼ ਉਪਰਾਲਾ ਕੀਤਾ ਗਿਆ। ਇਸ ਤਹਿਤ ਚਿਤਕਾਰਾ ਯੂਨੀਵਰਸਿਟੀ, ਚੰਡੀਗੜ੍ਹ ਦੇ ਸਹਿਯੋਗ ਨਾਲ ਇੱਕ 'ਕਰੀਅਰ ਗਾਈਡੈਂਸ' ਸੈਮੀਨਾਰ ਦਾ ਆਯੋਜਨ ਕੀਤਾ ਗਿਆ।ਸੈਮੀਨਾਰ ਦੌਰਾਨ ਯੂਨੀਵਰਸਿਟੀ ਤੋਂ ਆਏ ਕਰੀਅਰ ਕੌਂਸਲਰਾਂ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਪੜ੍ਹਾਈ ਦੇ ਵਿਸ਼ਿਆਂ ਅਨੁਸਾਰ ਅੱਗੇ ਵਧਣ ਲਈ ਅਹਿਮ ਦਿਸ਼ਾ-ਨਿਰਦੇਸ਼ ਦਿੱਤੇ, ਤਾਂ ਜੋ ਉਹ ਭਵਿੱਖ ਵਿੱਚ ਆਪਣੀ ਮੰਜ਼ਿਲ ਆਸਾਨੀ ਨਾਲ ਹਾਸਲ ਕਰ ਸਕਣ। ਇਸ ਦੌਰਾਨ ਵਿਦਿਆਰਥੀਆਂ ਨੇ ਆਪਣੇ ਕਰੀਅਰ ਨਾਲ ਸਬੰਧਤ ਕਈ ਸਵਾਲ ਵੀ ਪੁੱਛੇ, ਜਿਨ੍ਹਾਂ ਦੇ ਯੂਨੀਵਰਸਿਟੀ ਦੇ ਪ੍ਰੋਫੈਸਰਾਂ ਨੇ ਤਸੱਲੀਬਖ਼ਸ਼ ਉੱਤਰ ਦੇ ਕੇ ਉਨ੍ਹਾਂ ਦੀ ਜਿਗਿਆਸਾ ਨੂੰ ਸ਼ਾਂਤ ਕੀਤਾ।ਕੌਂਸਲਰਾਂ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਜ਼ਿੰਦਗੀ ਵਿੱਚ ਸਫ਼ਲਤਾ ਪ੍ਰਾਪਤ ਕਰਨ ਲਈ ਮਿਹਨਤ ਅਤੇ ਹਿੰਮਤ ਦਾ ਪੱਲਾ ਫੜਨਾ ਬਹੁਤ ਜ਼ਰੂਰੀ ਹੈ ਅਤੇ ਆਪਣੇ ਅੰਦਰੋਂ ਡਰ ਤੇ ਨਿਰਾਸ਼ਾ ਨੂੰ ਖ਼ਤਮ ਕਰਨਾ ਚਾਹੀਦਾ ਹੈ। ਇਸ ਸੈਮੀਨਾਰ ਵਿੱਚ ਸੰਸਥਾ ਦੇ ਸਕੂਲਾਂ ਦੇ 11ਵੀਂ ਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਸਮੇਤ ਕਾਲਜ ਦੀਆਂ ਵਿਦਿਆਰਥਣਾਂ ਨੇ ਵੀ ਉਤਸ਼ਾਹਪੂਰਵਕ ਭਾਗ ਲਿਆ।ਇਸ ਮੌਕੇ ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਦੇ ਡਾਇਰੈਕਟਰ ਸ਼੍ਰੀ ਲਛਮਣ ਸਿੰਘ ਰਾਵਤ ਨੇ ਆਏ ਹੋਏ ਕਰੀਅਰ ਕੌਂਸਲਰਾਂ ਦਾ ਧੰਨਵਾਦ ਕੀਤਾ ਅਤੇ ਵਿਦਿਆਰਥੀਆਂ ਨੂੰ ਦਿੱਤੀਆਂ ਗਈਆਂ ਹਦਾਇਤਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ।ਇਸ ਸਮਾਗਮ ਵਿੱਚ ਪ੍ਰਿੰਸੀਪਲ ਮੈਡਮ ਗੁਰਬੀਰ ਕੌਰ, ਮੈਡਮ ਹਰਪ੍ਰੀਤ ਕੌਰ, ਮੈਡਮ ਰਵਨੀਤ ਕੌਰ, ਮੈਡਮ ਰਵਿੰਦਰ ਕੌਰ ਤੋਂ ਇਲਾਵਾ ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਵਿਦਿਆਰਥੀਆਂ 'ਤੇ ਲਾਠੀਚਾਰਜ ਕਰਕੇ ਸਰਕਾਰ ਦੇਸ਼ ਦੇ ਭਵਿੱਖ ਨੂੰ ਕੁਚਲਣ 'ਤੇ ਤੁਲੀ; ਸਿੱਖ ਸੰਸਥਾਵਾਂ ਜੰਤਰ-ਮੰਤਰ ਪਹੁੰਚ ਕੇ ਨਿਭਾਉਣ ਸੇਵਾ : ਰਤਿੰਦਰ ਸਿੰਘ ਇੰਦੌਰ

ਨਵੀਂ ਦਿੱਲੀ 21 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਜੰਤਰ-ਮੰਤਰ 'ਤੇ ਆਪਣੇ ਹੱਕਾਂ ਲਈ ਸ਼ਾਂਤਮਈ ਢੰਗ ਨਾਲ ਸੰਘਰਸ਼ ਕਰ ਰਹੇ ਵਿਦਿਆਰਥੀਆਂ 'ਤੇ ਅੱਜ ਹੋਏ ਪੁਲਿਸ ਲਾਠੀਚਾਰਜ ਦੀ ਸਖ਼ਤ ਨਿੰਦਾ ਕਰਦਿਆਂ ਭਾਈ ਰਤਿੰਦਰ ਸਿੰਘ ਇੰਦੌਰ ਨੇ ਕਿਹਾ ਕਿ ਸਰਕਾਰ ਵਿਦਿਆਰਥੀਆਂ ਦੀਆਂ ਜਾਇਜ਼ ਮੰਗਾਂ ਸੁਣਨ ਦੀ ਬਜਾਏ ਡੰਡੇ ਦੇ ਜ਼ੋਰ ਨਾਲ ਉਨ੍ਹਾਂ ਦੀ ਆਵਾਜ਼ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਅਤੇ ਰੁਜ਼ਗਾਰ ਦੀ ਮੰਗ ਕਰਨ ਵਾਲੇ ਨੌਜਵਾਨਾਂ ਨਾਲ ਅਪਰਾਧੀਆਂ ਵਰਗਾ ਵਿਹਾਰ ਕਰਨਾ ਲੋਕਤੰਤਰੀ ਕਦਰਾਂ-ਕੀਮਤਾਂ 'ਤੇ ਸਿੱਧਾ ਹਮਲਾ ਹੈ ਅਤੇ ਇਸ ਦੀ ਜਿੰਨੀ ਵੀ ਨਿੰਦਾ ਕੀਤੀ ਜਾਵੇ ਘੱਟ ਹੈ। ਉਨ੍ਹਾਂ ਕਿਹਾ ਕਿ ਸਰਕਾਰ ਆਪਣੀ ਜ਼ਿੱਦ ਅਤੇ ਹੰਕਾਰ ਕਾਰਨ ਦੇਸ਼ ਦੇ ਭਵਿੱਖ ਨਾਲ ਖੇਡ ਰਹੀ ਹੈ। ਜਿਨ੍ਹਾਂ ਨੌਜਵਾਨਾਂ ਦੇ ਹੱਥਾਂ ਵਿੱਚ ਕਿਤਾਬਾਂ, ਕਲਮਾਂ ਅਤੇ ਰੁਜ਼ਗਾਰ ਹੋਣਾ ਚਾਹੀਦਾ ਹੈ, ਉਨ੍ਹਾਂ 'ਤੇ ਲਾਠੀਆਂ ਵਰ੍ਹਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਸੰਵਾਦ ਦੀ ਥਾਂ ਦਮਨ ਅਤੇ ਦਲੀਲ ਦੀ ਥਾਂ ਤਾਕਤ ਦਾ ਪ੍ਰਦਰਸ਼ਨ ਕਰੇਗੀ ਤਾਂ ਇਸ ਦਾ ਸਭ ਤੋਂ ਵੱਡਾ ਨੁਕਸਾਨ ਦੇਸ਼ ਦੇ ਭਵਿੱਖ ਨੂੰ ਹੋਵੇਗਾ। ਨੌਜਵਾਨਾਂ ਦੀ ਆਵਾਜ਼ ਨੂੰ ਕੁਚਲ ਕੇ ਕੋਈ ਵੀ ਸਰਕਾਰ ਵਿਕਾਸ ਦਾ ਦਾਅਵਾ ਨਹੀਂ ਕਰ ਸਕਦੀ। ਇਤਿਹਾਸ ਹਮੇਸ਼ਾ ਉਨ੍ਹਾਂ ਹਾਕਮਾਂ ਨੂੰ ਕਟਹਿਰੇ ਵਿੱਚ ਖੜ੍ਹਾ ਕਰਦਾ ਹੈ ਜੋ ਆਪਣੇ ਹੀ ਦੇਸ਼ ਦੇ ਵਿਦਿਆਰਥੀਆਂ ਨੂੰ ਦੁਸ਼ਮਣ ਸਮਝਣ ਲੱਗ ਪੈਂਦੇ ਹਨ। ਭਾਈ ਰਤਿੰਦਰ ਸਿੰਘ ਇੰਦੌਰ ਨੇ ਕਿਹਾ ਕਿ ਗੁਰੂ ਨਾਨਕ ਦੇਵ ਜੀ ਨੇ ਮਨੁੱਖ ਨੂੰ ਗਿਆਨ ਤੋਂ ਵਾਂਝਾ ਰੱਖਣ ਵਾਲੀਆਂ ਜਾਤ-ਪਾਤ ਅਤੇ ਉੱਚ-ਨੀਚ ਦੀਆਂ ਪ੍ਰਥਾਵਾਂ ਨੂੰ ਚੁਣੌਤੀ ਦਿੱਤੀ, ਜਦਕਿ ਗੁਰੂ ਗੋਬਿੰਦ ਸਿੰਘ ਜੀ ਨੇ ਖਾਲਸੇ ਨੂੰ ਜ਼ੁਲਮ ਦੇ ਵਿਰੁੱਧ ਡਟਣ ਅਤੇ ਹਰ ਪੀੜਤ ਦੀ ਰੱਖਿਆ ਕਰਨ ਦਾ ਸੰਦੇਸ਼ ਦਿੱਤਾ। ਇਸੇ ਪਰੰਪਰਾ ਨੂੰ ਅੱਗੇ ਵਧਾਉਂਦਿਆਂ ਮਹਾਰਾਜਾ ਰਣਜੀਤ ਸਿੰਘ ਦੇ ਖਾਲਸਾ ਰਾਜ ਵਿੱਚ ਸਿੱਖਿਆ, ਗਿਆਨ ਅਤੇ ਲੋਕ-ਭਲਾਈ ਨੂੰ ਰਾਜ ਪ੍ਰਬੰਧ ਦੀ ਨੀਂਹ ਬਣਾਇਆ ਗਿਆ। ਉਨ੍ਹਾਂ ਕਿਹਾ ਕਿ ਖਾਲਸਾ ਰਾਜ ਦੀ ਸੋਚ ਗਿਆਨ ਦੇ ਦਰਵਾਜ਼ੇ ਖੋਲ੍ਹਣ ਦੀ ਸੀ, ਜਦਕਿ ਅੱਜ ਵਿਦਿਆਰਥੀਆਂ ਦੀ ਆਵਾਜ਼ ਨੂੰ ਡੰਡਿਆਂ ਨਾਲ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਅੱਜ ਸਿੱਖਿਆ ਅਤੇ ਰੁਜ਼ਗਾਰ ਨੂੰ ਹੌਲੀ-ਹੌਲੀ ਕਾਰਪੋਰੇਟ ਹਿੱਤਾਂ ਦੇ ਹਵਾਲੇ ਕਰਕੇ ਗਰੀਬ ਅਤੇ ਮੱਧਵਰਗੀ ਨੌਜਵਾਨਾਂ ਦੇ ਭਵਿੱਖ ਨਾਲ ਖੇਡਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜੰਤਰ-ਮੰਤਰ 'ਤੇ ਬੈਠੇ ਵਿਦਿਆਰਥੀਆਂ ਦਾ ਸੰਘਰਸ਼ ਸਿਰਫ਼ ਨੌਕਰੀਆਂ ਦਾ ਨਹੀਂ, ਸਗੋਂ ਬਰਾਬਰੀ, ਸਨਮਾਨ ਅਤੇ ਭਵਿੱਖ ਬਚਾਉਣ ਦੀ ਲੜਾਈ ਹੈ। ਉਨ੍ਹਾਂ ਕਿਹਾ ਕਿ ਸੀਏਏ -ਐਨਆਰਸੀ ਅੰਦੋਲਨ, ਕੋਵਿਡ ਮਹਾਮਾਰੀ, ਕਿਸਾਨ ਅੰਦੋਲਨ ਅਤੇ ਕੁਦਰਤੀ ਆਫ਼ਤਾਂ ਦੌਰਾਨ ਸਿੱਖ ਕੌਮ ਨੇ ਬਿਨਾਂ ਕਿਸੇ ਭੇਦਭਾਵ ਦੇ ਲੰਗਰ ਅਤੇ ਮਨੁੱਖਤਾ ਦੀ ਸੇਵਾ ਕਰਕੇ ਆਪਣਾ ਫ਼ਰਜ਼ ਨਿਭਾਇਆ। ਅੱਜ ਵੀ ਸਮਾਂ ਮੰਗ ਕਰਦਾ ਹੈ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸਿੰਘ ਸਭਾਵਾਂ, ਨੌਜਵਾਨ ਜਥੇਬੰਦੀਆਂ ਅਤੇ ਪੰਜਾਬ, ਹਰਿਆਣਾ, ਉੱਤਰ ਪ੍ਰਦੇਸ਼ ਤੇ ਦਿੱਲੀ ਦੀਆਂ ਸਮੂਹ ਸਿੱਖ ਸੰਗਤਾਂ ਜੰਤਰ-ਮੰਤਰ ਪਹੁੰਚ ਕੇ ਗੁਰੂ ਕੇ ਲੰਗਰ, ਪੀਣ ਵਾਲੇ ਪਾਣੀ, ਡਾਕਟਰੀ ਸਹਾਇਤਾ ਅਤੇ ਹੋਰ ਲੋੜੀਂਦੀਆਂ ਸੇਵਾਵਾਂ ਦਾ ਪ੍ਰਬੰਧ ਕਰਨ। ਉਨ੍ਹਾਂ ਕਿਹਾ ਕਿ ਖਾਲਸੇ ਦੀ ਪਛਾਣ ਹਰ ਉਸ ਥਾਂ ਖੜ੍ਹਨ ਵਿੱਚ ਹੈ ਜਿੱਥੇ ਜ਼ੁਲਮ ਦੇ ਮੁਕਾਬਲੇ ਇਨਸਾਫ਼ ਦੀ ਆਵਾਜ਼ ਉੱਠਦੀ ਹੈ ਅਤੇ ਅੱਜ ਦਾ ਸਮਾਂ ਵੀ ਉਸੇ ਪਰੰਪਰਾ ਨੂੰ ਨਿਭਾਉਣ ਦਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

## ਪੰਜਾਬ ਵਿੱਚ ਨਕਲੀ ਅਤੇ ਮਿਲਾਵਟੀ ਦੁੱਧ ਦਾ ਕਾਲਾ ਕਾਰੋਬਾਰ ਜਾਰੀ

# ਸਰਕਾਰ ਮਿਲਾਵਟ ਦੇ ਨੈੱਟਵਰਕ ਨੂੰ ਰੋਕਣ ਵਿੱਚ ਰਹੀ ਨਾਕਾਮ





**ਚੌਕ ਮਹਿਤਾ 21 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੰਜਾਬ ਵਿੱਚ ਨਸ਼ਾ (ਚਿੱਟਾ) ਅਤੇ ਚਿੱਟਾ ਦੁੱਧ ਪੰਜਾਬੀਆਂ ਨੂੰ ਮਾਰ ਰਹੇ ਹਨ ਜਿੱਥੇ ਨਸ਼ਾ (ਚਿੱਟੇ) ਨੂੰ ਰੋਕਣ ਲਈ ਪੰਜਾਬ ਸਰਕਾਰ ਵੱਲੋਂ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ ਉਥੇ ਚਿੱਟੇ ਦੁੱਧ ਦੇ ਮਿਲਾਪਟੀ ਕਾਰੋਬਾਰ ਨੂੰ ਖਤਮ ਕਰਨ ਦੇ ਵਿੱਚ ਸਬੰਧਤ ਪ੍ਰਸ਼ਾਸਨ ਸਿਹਤ ਵਿਭਾਗ ਅਤੇ ਪੰਜਾਬ ਸਰਕਾਰ ਨਾਕਾਮ ਨਜ਼ਰ ਆਉਂਦੀ ਹੈ ਅਤੇ ਕਈ ਪ੍ਰਸ਼ਾਸਨਿਕ ਅਧਿਕਾਰੀਆਂ ਦੀ ਕਾਰਗੁਜ਼ਾਰੀ ਤੇ ਪ੍ਰਸ਼ਨ ਚਿੰਨ ਲੱਗ ਰਹੇ ਹਨ।

ਦੁੱਧ ਹਰ ਘਰ ਦੀ ਰੋਜ਼ਾਨਾ ਖੁਰਾਕ ਦਾ ਇੱਕ ਅਹਿਮ ਹਿੱਸਾ ਮੰਨਿਆ ਜਾਂਦਾ ਹੈ। ਪਰੰਤੂ ਸਖ਼ਤ ਕਾਰਵਾਈ ਦੇ ਦਾਅਵਿਆਂ ਦੇ ਬਾਵਜੂਦ ਪੰਜਾਬ ਦੇ ਵੱਖ-ਵੱਖ ਹਿੱਸਿਆਂ ਵਿੱਚ ਨਕਲੀ ਅਤੇ ਮਿਲਾਵਟੀ ਦੁੱਧ ਦੀ ਵਿਕਰੀ ਲਗਾਤਾਰ ਜਾਰੀ ਹੈ, ਜਿਸ ਕਾਰਨ ਸੂਬੇ ਦੇ ਖੁਰਾਕ ਸੁਰੱਖਿਆ ਪ੍ਰਬੰਧਾਂ ਦੀ ਪ੍ਰਭਾਵਸ਼ੀਲਤਾ 'ਤੇ ਗੰਭੀਰ ਸਵਾਲ ਖੜ੍ਹੇ ਹੋ ਰਹੇ ਹਨ।

> ਸਿਹਤ ਵਿਭਾਗ ਦੇ ਅਧਿਕਾਰੀਆਂ ਦੀ ਮਿਲੀਭੁਗਤ ਕਾਰਨ ਸ਼ਰੇਆਮ ਚੱਲ ਰਿਹਾ ਚਿੱਟੇ ਦੁੱਧ ਦਾ ਕਾਲਾ ਧੰਦਾ

ਪਿਛਲੇ ਕਈ ਸਾਲਾਂ ਦੌਰਾਨ ਖੁਰਾਕ ਸੁਰੱਖਿਆ ਵਿਭਾਗ ਵੱਲੋਂ ਛਾਪੇਮਾਰੀ, ਸੈਂਪਲਿੰਗ ਅਤੇ ਜਾਂਚਾਂ ਕੀਤੀਆਂ ਗਈਆਂ ਹਨ, ਪਰ ਇਸ ਦੇ ਬਾਵਜੂਦ ਮਿਲਾਵਟੀ ਦੁੱਧ ਸਬੰਧੀ ਮਾਮਲੇ ਸਾਹਮਣੇ ਆਉਂਦੇ ਰਹਿੰਦੇ ਹਨ। ਇਸ ਕਾਰਨ ਲੋਕਾਂ ਵਿੱਚ ਚਿੰਤਾ ਵੱਧ ਰਹੀ ਹੈ ਕਿ ਕੀ ਮੌਜੂਦਾ ਨਿਗਰਾਨੀ ਅਤੇ ਲਾਗੂ ਕਰਨ ਵਾਲਾ ਤੰਤਰ ਜਨਤਕ ਸਿਹਤ ਦੀ ਸੁਰੱਖਿਆ ਲਈ ਕਾਫ਼ੀ ਹੈ ਖੁਰਾਕ ਸੁਰੱਖਿਆ ਮਾਹਿਰਾਂ ਅਨੁਸਾਰ ਮਿਲਾਵਟੀ ਦੁੱਧ ਵਿੱਚ ਡਿਟਰਜੈਂਟ, ਯੂਰੀਆ, ਸਟਾਰਚ, ਸਿੰਥੈਟਿਕ ਰਸਾਇਣ, ਕਾਸਟਿਕ ਸੋਡਾ, ਗਲੂਕੋਜ਼, ਰਿਫਾਈਨਡ ਤੇਲ ਜਾਂ ਦੂਸ਼ਿਤ ਪਾਣੀ ਵਰਗੇ ਪਦਾਰਥ ਮਿਲਾਏ ਜਾ ਸਕਦੇ ਹਨ। ਦੋਸ਼ ਹਨ ਕਿ ਦੁੱਧ ਦੀ ਮਾਤਰਾ ਅਤੇ ਦਿੱਖ ਨੂੰ ਵਧੀਆ ਦਿਖਾਉਣ ਅਤੇ ਵੱਧ ਮੁਨਾਫ਼ਾ ਕਮਾਉਣ ਲਈ ਅਜਿਹੀ ਮਿਲਾਵਟ ਕੀਤੀ ਜਾਂਦੀ ਹੈ। ਡਾਕਟਰਾਂ ਦਾ ਕਹਿਣਾ ਹੈ ਕਿ ਮਿਲਾਵਟੀ ਦੁੱਧ ਦੀ ਵਰਤੋਂ ਨਾਲ ਪੇਟ ਦਰਦ, ਦਸਤ, ਉਲਟੀਆਂ, ਫੂਡ ਪਾਇਜ਼ਨਿੰਗ ਅਤੇ ਪਾਚਨ ਸੰਬੰਧੀ ਸਮੱਸਿਆਵਾਂ ਹੋ ਸਕਦੀਆਂ ਹਨ। ਲੰਬੇ ਸਮੇਂ ਤੱਕ ਇਸ ਤਰ੍ਹਾਂ ਦਾ ਦੁੱਧ ਪੀਣ ਨਾਲ ਗੁਰਦਿਆਂ ਅਤੇ ਜਿਗਰ ਨੂੰ ਨੁਕਸਾਨ, ਰੋਗ-ਪ੍ਰਤੀਰੋਧਕ ਸਮਰੱਥਾ ਵਿੱਚ ਕਮੀ ਅਤੇ ਹੋਰ ਗੰਭੀਰ ਸਿਹਤ ਸਮੱਸਿਆਵਾਂ ਪੈਦਾ ਹੋ ਸਕਦੀਆਂ ਹਨ। ਬੱਚੇ, ਗਰਭਵਤੀ ਮਹਿਲਾਵਾਂ ਅਤੇ ਬਜ਼ੁਰਗ ਇਸ ਦੇ ਸਭ ਤੋਂ ਵੱਧ ਪ੍ਰਭਾਵਿਤ ਹੋ ਸਕਦੇ ਹਨ।

ਮਿਲਾਵਟੀ ਦੁੱਧ ਦੇ ਲਗਾਤਾਰ ਸਾਹਮਣੇ ਆ ਰਹੇ ਮਾਮਲਿਆਂ ਨੇ ਕਈ ਅਹਿਮ ਸਵਾਲ ਖੜ੍ਹੇ ਕੀਤੇ ਹਨ—

ਖੁਰਾਕ ਸੁਰੱਖਿਆ ਕਾਨੂੰਨਾਂ ਦੇ ਬਾਵਜੂਦ ਮਿਲਾਵਟੀ ਦੁੱਧ ਲੋਕਾਂ ਤੱਕ ਕਿਵੇਂ ਪਹੁੰਚ ਰਿਹਾ ਹੈ?

ਕੀ ਨਿਯਮਿਤ ਸੈਂਪਲਿੰਗ ਅਤੇ ਜਾਂਚ ਮੁਹਿੰਮਾਂ ਪ੍ਰਭਾਵਸ਼ਾਲੀ ਢੰਗ ਨਾਲ ਚਲਾਈਆਂ ਜਾ ਰਹੀਆਂ ਹਨ?

ਕੀ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕਰਕੇ ਉਨ੍ਹਾਂ ਨੂੰ ਸਜ਼ਾ ਦਿੱਤੀ ਜਾ ਰਹੀ ਹੈ?

ਕੀ ਦੁੱਧ ਦੀ ਉਤਪਾਦਨ ਤੋਂ ਲੈ ਕੇ ਵਿਕਰੀ ਤੱਕ ਪੂਰੀ ਸਪਲਾਈ ਚੇਨ ਦੀ ਪ੍ਰਭਾਵਸ਼ਾਲੀ ਨਿਗਰਾਨੀ ਕੀਤੀ ਜਾ ਰਹੀ ਹੈ ਖਪਤਕਾਰ ਅਧਿਕਾਰ ਕਾਰਕੁਨਾਂ ਨੇ ਮੰਗ ਕੀਤੀ ਹੈ ਕਿ ਸੂਬੇ ਭਰ ਵਿੱਚ ਅਚਾਨਕ ਛਾਪੇਮਾਰੀ ਕੀਤੀ ਜਾਵੇ, ਖੁਰਾਕ ਦੇ ਸੈਂਪਲਾਂ ਦੀ ਜਾਂਚ ਵਿੱਚ ਤੇਜ਼ੀ ਲਿਆਂਦੀ ਜਾਵੇ, ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਸਜ਼ਾ ਪ੍ਰਾਪਤ ਕਰਨ ਵਾਲਿਆਂ ਦੇ ਨਾਂ ਜਨਤਕ ਕੀਤੇ ਜਾਣ। ਇਸ ਦੇ ਨਾਲ ਹੀ ਲੋਕਾਂ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਉਣ ਦੀ ਵੀ ਲੋੜ ਦੱਸੀ ਗਈ ਹੈ ਭਾਵੇਂ ਪੰਜਾਬ ਸਰਕਾਰ ਵੱਲੋਂ ਖੁਰਾਕ ਵਿੱਚ ਮਿਲਾਵਟ ਖ਼ਿਲਾਫ਼ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ, ਪਰ ਮਿਲਾਵਟੀ ਦੁੱਧ ਦੇ ਲਗਾਤਾਰ ਸਾਹਮਣੇ ਆ ਰਹੇ ਮਾਮਲੇ ਦਰਸਾਉਂਦੇ ਹਨ ਕਿ ਇਸ ਸਮੱਸਿਆ ਨੂੰ ਜੜ੍ਹੋਂ ਖ਼ਤਮ ਕਰਨ ਲਈ ਹੋਰ ਪ੍ਰਭਾਵਸ਼ਾਲੀ ਨਿਗਰਾਨੀ, ਸਖ਼ਤ ਕਾਨੂੰਨੀ ਕਾਰਵਾਈ ਅਤੇ ਨਿਰੰਤਰ ਲਾਗੂਕਰਨ ਦੀ ਲੋੜ ਹੈ।

ਮਿਲਾਵਟੀ ਦੁੱਧ ਦਾ ਮੁੱਦਾ ਸਿਰਫ਼ ਖੁਰਾਕ ਸੁਰੱਖਿਆ ਦਾ ਨਹੀਂ, ਸਗੋਂ ਜਨਤਕ ਸਿਹਤ ਨਾਲ ਜੁੜਿਆ ਗੰਭੀਰ ਮਸਲਾ ਹੈ। ਲੋਕਾਂ ਦਾ ਮੰਨਣਾ ਹੈ ਕਿ ਜਦ ਤੱਕ ਮਿਲਾਵਟ ਕਰਨ ਵਾਲਿਆਂ ਖ਼ਿਲਾਫ਼ ਨਿਰੰਤਰ ਅਤੇ ਸਖ਼ਤ ਕਾਰਵਾਈ ਨਹੀਂ ਹੁੰਦੀ, ਉਦੋਂ ਤੱਕ ਪੰਜਾਬ ਦੇ ਖਪਤਕਾਰਾਂ ਨੂੰ ਸ਼ੁੱਧ ਅਤੇ ਸੁਰੱਖਿਅਤ ਦੁੱਧ ਮੁਹੱਈਆ ਕਰਵਾਉਣਾ ਇੱਕ ਵੱਡੀ ਚੁਣੌਤੀ ਬਣਿਆ ਰਹੇਗਾ ਇਸ ਸੰਬੰਧੀ ਜਦੋਂ ਸਾਡੇ ਵੱਲੋਂ ਅੰਮ੍ਰਿਤਸਰ ਜ਼ਿਲ੍ਹੇ ਦੇ ਜ਼ਿਲਾ ਸਿਹਤ ਅਧਿਕਾਰੀ ਡਾ-ਮਨਜੀਤ ਸਿੰਘ ਰਟੌਲ ਨਾਲ ਗੱਲ ਕੀਤੀ ਗਈ ਤਾਂ ਉਹਨਾਂ ਪਾਸੋਂ ਪੁੱਛਿਆ ਗਿਆ ਕਿ ਅੰਮ੍ਰਿਤਸਰ ਜ਼ਿਲ੍ਹੇ ਦੇ ਸ਼ਹਿਰੀ ਅਤੇ ਦਿਹਾਤੀ ਖੇਤਰ ਦੇ ਵਿੱਚ ਕਿੰਨੀਆਂ ਦੁੱਧ ਦੀਆਂ ਡੇਅਰੀਆਂ ਹਨ ਜੋ ਸਰਕਾਰ ਵੱਲੋਂ ਮਾਨਤਾ ਪ੍ਰਾਪਤ ਹਨ ਤਾਂ ਹੈਰਾਨੀ ਦੀ ਗੱਲ ਇਹ ਹੈ ਕਿ ਉਹਨਾਂ ਨੂੰ ਇਸ ਬਾਰੇ ਕੋਈ ਵੀ ਜਾਣਕਾਰੀ ਨਹੀਂ ਸੀ ਅਤੇ ਸਾਨੂੰ ਇਹ ਕਿਹਾ ਗਿਆ ਕਿ ਤੁਸੀਂ ਸਿਵਲ ਸਰਜਨ ਪਾਸੋਂ ਇੱਕ ਲੈਟਰ ਦੇ ਕੇ ਇਹ ਜਾਣਕਾਰੀ ਪ੍ਰਾਪਤ ਕਰੋ ਮੈਨੂੰ ਇਸ ਬਾਰੇ ਕੋਈ ਜਾਣਕਾਰੀ ਨਹੀਂ ਹੈ ਜਦਕਿ ਇਹ ਜਿਲੇ ਦੇ ਸਿਹਤ ਅਧਿਕਾਰੀ ਦੀ ਡਿਊਟੀ ਹੈ ਕਿ ਉਹ ਇਹਨਾਂ ਸਭ ਚੀਜ਼ਾਂ ਦਾ ਡਾਟਾ ਆਪਣੇ ਪਾਸ ਰੱਖੇ ਪਰ ਜਿਲਾ ਸਿਹਤ ਅਧਿਕਾਰੀ ਪਾਸ ਜਾਣਕਾਰੀ ਨਾ ਹੋਣਾ ਵੀ ਕਈ ਸਵਾਲ ਖੜੇ ਕਰਦਾ ਹੈ ਜਿਸ ਦਾ ਜਵਾਬ ਜਨਤਾ ਵੱਲੋਂ ਸਰਕਾਰ ਪਾਸੋਂ ਜਰੂਰ ਮੰਗਿਆ ਜਾਵੇਗਾ ਅਤੇ ਲਾਪਰਵਾਹ ਅਧਿਕਾਰੀਆਂ ਦੇ ਵਿਰੁੱਧ ਸਖਤ ਕਾਰਵਾਈ ਦੀ ਮੰਗ ਕੀਤੀ ਜਾਵੇਗੀ ।

## ਫਿਰੋਜ਼ਪੁਰ ਕਾਲਜ ਆਫ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਵਿੱਚ

# ਦਾਖਲੇ ਸ਼ੁਰੂ—14 ਅਗਸਤ ਤੱਕ ਹੋਣਗੇ ਦਾਖਲੇ

ਫ਼ਿਰੋਜ਼ਪੁਰ, 21 ਜੁਲਾਈ (ਮਨੋਹਰ ਲਾਲ) :— ਫ਼ਿਰੋਜ਼ ਪੁਰ—ਮੋਗਾ ਰੋਡ ਸਥਿਤ ਫਿਰੋਜ਼ਪੁਰ ਕਾਲਜ ਆਫ ਇੰਜੀਨੀਅਰਿੰਗ ਐਂਡ ਟੈਕਨਾਲੋਜੀ (ਐਫ.ਸੀ.ਈ.ਟੀ.) ਵਿੱਚ ਅਕਾਦਮਿਕ ਸੈਸ਼ਨ 2026—27 ਲਈ ਵੱਖ—ਵੱਖ ਪ੍ਰੋਫੈਸ਼ਨਲ ਅਤੇ ਤਕਨੀਕੀ ਕੋਰਸਾਂ ਵਿੱਚ ਦਾਖਲਾ ਪ੍ਰਕਿਰਿਆ ਜਾਰੀ ਹੈ। ਕਾਲਜ ਪ੍ਰਬੰਧਕਾਂ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਖ਼ਰੀ ਮਿਤੀ ਤੋਂ ਪਹਿਲਾਂ ਦਾਖਲਾ ਲੈ ਕੇ ਆਪਣੀ ਸੀਟ ਪੱਕੀ ਕਰ ਲੈਣ। ਕਾਲਜ ਦੇ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ ਨੇ ਦੱਸਿਆ ਕਿ ਅਕਾਦਮਿਕ ਸੈਸ਼ਨ 2026—27 ਲਈ ਬੀ.ਏ.(ਕੰਪਿਊਟਰ ਸਾਇੰਸ), ਬੀ.ਸੀ.ਏ., ਬੀ.ਕਾਮ, ਬੀ.ਐਸ.ਸੀ.(ਆਈ.ਟੀ.), ਐਮ.ਕਾਮ, ਪੀ.ਜੀ.ਡੀ.ਸੀ.ਏ. ਅਤੇ ਆਈ.ਟੀ.ਆਈ ਇਲੈਕਟ੍ਰੀਸ਼ਨ, ਕੋਪਾ (ਕੰਪਿਊਟਰ ਆਪਰੇਟਰ ਐਂਡ ਪ੍ਰੋਗਰਾਮਿੰਗ ਅਸਿਸਟੈਂਟ), ਵੈਲਡਰ ਅਤੇ ਡੀਜ਼ਲ ਮਕੈਨਿਕ ਟ੍ਰੇਡਾਂ ਵਿੱਚ ਦਾਖਲੇ ਸ਼ੁਰੂ ਹਨ। ਉਨ੍ਹਾਂ ਕਿਹਾ ਕਿ ਸੰਸਥਾ ਵਿੱਚ ਵਿਦਿਆਰਥੀਆਂ ਨੂੰ ਆਧੁਨਿਕ ਸਿੱਖਿਆ ਸਹੂਲਤਾਂ, ਤਜਰਬੇਕਾਰ ਫੈਕਲਟੀ, ਅਤਿ ਆਧੁਨਿਕ ਪ੍ਰਯੋਗਸ਼ਾਲਾਵਾਂ ਅਤੇ ਰੋਜ਼ਗਾਰਮੁਖੀ ਸਿੱਖਿਆ ਪ੍ਰਦਾਨ ਕੀਤੀ ਜਾਂਦੀ ਹੈ।



ਮਹਾਂਸਚਿਵ ਸ਼ਿਵਮ ਸ਼ਰਮਾ ਨੇ ਦੱਸਿਆ ਕਿ ਸੈਸ਼ਨ 2026—27 ਲਈ ਦਾਖਲਾ ਪ੍ਰਕਿਰਿਆ ਜਾਰੀ ਹੈ ਅਤੇ ਐਡਮਿਸ਼ਨ ਦੀ ਆਖ਼ਰੀ ਮਿਤੀ 14 ਅਗਸਤ ਨਿਰਧਾਰਿਤ ਕੀਤੀ ਗਈ ਹੈ। ਉਨ੍ਹਾਂ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਖ਼ਰੀ ਮਿਤੀ ਦੀ ਉਡੀਕ ਕਰਨ ਦੀ ਬਜਾਏ ਸਮੇਂ ਸਿਰ ਦਾਖਲਾ ਲੈ ਕੇ ਆਪਣੀ ਸੀਟ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਇੱਛੁਕ ਵਿਦਿਆਰਥੀ ਕਾਲਜ ਕੈਂਪਸ ਵਿੱਚ ਪਹੁੰਚ ਕੇ ਦਾਖਲੇ, ਫੀਸ, ਸਕਾਲਰਸ਼ਿਪ, ਹੋਸਟਲ, ਆਵਾਜਾਈ ਅਤੇ ਹੋਰ ਸਹੂਲਤਾਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ।

## ਸ੍ਰੀ ਗੁਰੂ ਤੇਗ. ਬਹਾਦਰ ਜੀ ਦੇ 350 ਵੇਂ ਸ਼ਹੀਦੀ ਸ਼ਤਾਬਦੀ ਸਮਾਗਮਾਂ ਦੇ ਸਫ਼ਲ ਪ੍ਰਬੰਧਾਂ ਲਈ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਵੱਲੋਂ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦਾ ਵਿਸ਼ੇਸ਼ ਧੰਨਵਾਦ



**ਚੌਕ ਮਹਿਤਾ,21 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਾਹਿਬ ਸ੍ਰੀ ਗੁਰੂ ਤੇਗ. ਬਹਾਦਰ ਸਾਹਿਬ ਜੀ ਦੇ 350 ਵੇਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਮਹਾਰਾਸ਼ਟਰ ਸਰਕਾਰ ਵੱਲੋਂ ਸੂਬੇ ਦੇ ਵੱਖ-ਵੱਖ ਸ਼ਹਿਰਾਂ ਵਿੱਚ ਕਰਵਾਏ ਗਏ ਇਤਿਹਾਸਕ ਗੁਰਮਤਿ ਸਮਾਗਮਾਂ ਦੇ ਸੁਚੱਜੇ ਪ੍ਰਬੰਧਾਂ ਲਈ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ, ਆਈ ਏ ਐਸ (ਰਿਟਾ.) ਨੇ ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਹੈ ਇਸ ਸਬੰਧੀ ਮੁੰਬਈ ਸਥਿਤ ਮੁੱਖ ਮੰਤਰੀ ਦਫ਼ਤਰ ਵਿਖੇ ਹੋਈ ਇੱਕ ਉੱਚ-ਪੱਧਰੀ ਮੁਲਾਕਾਤ ਦੌਰਾਨ ਡਾ. ਵਿਜੇ ਸਤਬੀਰ ਸਿੰਘ ਆਈ ਏ ਐਸ (ਰਿਟਾ) ਅਤੇ ਸ੍ਰ. ਜਸਵੰਤ ਸਿੰਘ ਬੌਬੀ ਨੇ ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਸਮੁੱਚੀ ਸਿੱਖ ਸੰਗਤ ਵੱਲੋਂ ਮਹਾਰਾਸ਼ਟਰ ਸ਼ਾਸਨ ਦੇ ਸਹਿਯੋਗ ਲਈ ਆਭਾਰ ਪ੍ਰਗਟਾਇਆ ਅਤੇ ਮੁੱਖ ਮੰਤਰੀ ਨੂੰ ਗੁਰੂ ਬਖਸ਼ਿਸ਼ ਸਿਰੋਪਾਓ ਅਤੇ ਪ੍ਰਸਾਦ ਦੇ ਕਰਕੇ ਸਨਮਾਨਿਤ ਵੀ ਕੀਤਾ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਨੇ ਦੱਸਿਆ ਕਿ ਬੀਤੇ ਦਿਨੀਂ ਸਰਕਾਰ ਵੱਲੋਂ ਨਾਗਪੁਰ, ਨਵੀਂ ਮੁੰਬਈ ਅਤੇ ਸ੍ਰੀ ਹਜ਼ੂਰ ਸਾਹਿਬ, ਨਾਂਦੇੜ ਵਿਖੇ ਵੱਡੇ ਪੱਧਰ 'ਤੇ ਗੁਰਮਤਿ ਸਮਾਗਮ ਉਲੀਕੇ ਗਏ ਸਨ। ਇਸ ਲੜੀ ਤਹਿਤ ਸਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਆਯੋਜਿਤ ਦੋ ਦਿਨਾ ਦੇ ਮਹਾਨ ਕੀਰਤਨ ਦਰਬਾਰ ਵਿੱਚ ਦੇਸ਼-ਵਿਦੇਸ਼ ਤੋਂ ਲੱਖਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ।

ਉਨ੍ਹਾਂ ਕਿਹਾ, ਮਹਾਰਾਸ਼ਟਰ ਸਰਕਾਰ ਵੱਲੋਂ ਹਮੇਸ਼ਾ ਹੀ ਗੁਰੂ-ਘਰ ਅਤੇ ਸੰਗਤ ਪ੍ਰਤੀ ਅਥਾਹ ਸਤਿਕਾਰ ਪ੍ਰਗਟਾਇਆ ਜਾਂਦਾ ਰਿਹਾ ਹੈ। ਇੰਨੇ ਵਿਸ਼ਾਲ ਪੱਧਰ ਦੇ ਸਮਾਗਮਾਂ ਦੌਰਾਨ ਲੱਖਾਂ ਸ਼ਰਧਾਲੂਆਂ ਲਈ ਲੰਗਰ, ਰਿਹਾਇਸ਼, ਮੈਡੀਕਲ ਸਹੂਲਤਾਂ ਅਤੇ ਸੁਰੱਖਿਆ ਦੇ ਜੋ ਬਿਹਤਰੀਨ ਪ੍ਰਬੰਧ ਪ੍ਰਸ਼ਾਸਨ ਵੱਲੋਂ ਦਿਨ-ਰਾਤ ਇੱਕ ਕਰਕੇ ਕੀਤੇ ਗਏ, ਉਹ ਬਹੁਤ ਹੀ ਸ਼ਲਾਘਾਯੋਗ ਹਨ। ਇਸ ਸਫ਼ਲਤਾ ਪਿੱਛੇ ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਜੀ ਦੀ ਨਿੱਜੀ ਦਿਲਚਸਪੀ ਅਤੇ ਯੋਗ ਅਗਵਾਈ ਦਾ ਵੱਡਾ ਯੋਗਦਾਨ ਹੈ। ਨਾਲ ਹੀ ਉਨ੍ਹਾਂ ਨੇ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਅਤੇ ਸ੍ਰੀ ਰਾਮੇਸ਼ਵਰ ਨਾਇਕ ਜੀ ਦਾ ਧੰਨਵਾਦ ਕੀਤਾ

ਇਸ ਮੌਕੇ ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਨੇ ਤਖ਼ਤ ਸਾਹਿਬ ਦੇ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਮਹਾਰਾਸ਼ਟਰ ਸਰਕਾਰ ਭਵਿੱਖ ਵਿੱਚ ਵੀ ਸਿੱਖ ਕੌਮ ਦੇ ਅਜਿਹੇ ਇਤਿਹਾਸਕ ਦਿਹਾੜਿਆਂ ਅਤੇ ਸੰਗਤਾਂ ਦੀ ਸੇਵਾ ਲਈ ਹਮੇਸ਼ਾ ਤਤਪਰ ਰਹੇਗੀ।



# ਨੇਤਾ ਕਰਦੇ ਧੱਕਾ...

ਨੇਤਾ ਕਰਦੇ ਧੱਕਾ ਉਨ੍ਹਾਂ ਦੀ ਕੌਣ ਕਰੂ ਪੜਤਾਲ
ਵਕੀਲਾਂ ਨੂੰ ਕਰਨੀ ਪੈਂਦੀ ਵਾਰ ਵਾਰ ਹੜਤਾਲ

ਵਕੀਲਾਂ ਦੀ ਜਾਇਜ ਮੰਗ ਵੀ ਹਾਕਮ ਦਿੰਦੇ ਟਾਲ
ਕਾਨੂੰਨ, ਪੁਲਸ ਤੇ ਫੌਜ ਹੁੰਦੀ ਹੈ ਨੇਤਾਵਾਂ ਦੀ ਢਾਲ

ਹੜਤਾਲਾਂ ਕਰਕੇ ਵਕੀਲਾਂ ਦੇ ਵੀ ਬੁਰੇ ਹੋ ਜਾਂਦੇ ਹਾਲ
ਨੇਤਾਵਾਂ ਨੂੰ ਕੱਢਦੇ ਹਨ ਉਹ ਅੰਦਰੋਂ ਅੰਦਰੀ ਗਾਲ

ਫ਼ਾਈਲਾਂ ਦੇ ਅੰਬਾਰ ਲੱਗ ਜਾਂਦੇ ਜਿਉਂ ਲੱਕੜਾਂ ਦੇ ਟਾਲ
ਮੁਕੱਦਮੇ ਰਿੜ੍ਹਦੇ ਰਹਿੰਦੇ ਜਿਵੇਂ ਗਰਾਊਂਡਾਂ 'ਚ ਰਿੜ੍ਹਦੇ ਬਾਲ

ਤਾਰੀਖ਼ਾਂ ਭੁਗਤਦੇ ਲੋਕ ਹੋ ਜਾਂਦੇ ਹਾਲੋਂ ਬੇਹਾਲ
ਮੁਕੱਦਮੇ ਲੜਦਿਆਂ ਹੋ ਜਾਂਦੇ ਕਈਆਂ ਦੇ ਚਿੱਟੇ ਵਾਲ

ਨੇਤਾ ਚਲਾਈ ਰੱਖਦੇ ਕੋਈ ਨਾ ਕੋਈ ਪੁੱਠੀ ਚਾਲ
ਪਬਲਿਕ ਦੇ ਮਨ ਵਿੱਚ ਕਿਉਂ ਨਹੀ ਉੱਠੂ ਉਬਾਲ

ਟੇਰਕਿਆਨੇ ਨੇ ਵੀ ਮਨ ਵਿੱਚ ਸੁਪਨੇ ਰੱਖੇ ਪਾਲ
ਕਚਹਿਰੀਆਂ ਵਿੱਚ ਕਰਦਾ ਉਹ ਇਨਸਾਫ਼ ਦੀ ਭਾਲ

ਰਘਵੀਰ ਸਿੰਘ ਟੇਰਕਿਆਨਾ ਐਡਵੋਕੇਟ
ਚੈਂਬਰ ਨੰਬਰ 32 ਡਿਸਟ੍ਰਿਕਟ ਕੋਰਟਸ ਹੁਸ਼ਿਆਰਪੁਰ
ਫ਼ੋਨ : 9814173402

### ਹਰ ਪਿੰਡ ਸਿਹਤ ਅਭਿਆਨ ਤਹਿਤ ਪਿੰਡ ਟਿੱਬੀ ਕਲਾਂ ਵਿਖੇ ਮੁਫ਼ਤ ਮੈਡੀਕਲ ਕੈਂਪ

# 200 ਦੇ ਕਰੀਬ ਮਰੀਜ਼ਾਂ ਨੇ ਲਿਆ ਲਾਭ




ਫ਼ਿਰੋਜ਼ਪੁਰ, 21 ਜੁਲਾਈ (ਮਨੋਹਰ ਲਾਲ) :— ਪੇਂਡੂ ਖੇਤਰਾਂ ਦੇ ਲੋਕਾਂ ਤੱਕ ਮਿਆਰੀ ਅਤੇ ਵਿਸ਼ੇਸ਼ ਸਿਹਤ ਸੇਵਾਵਾਂ ਪਹੁੰਚਾਉਣ ਦੇ ਉਦੇਸ਼ ਨਾਲ ਫ਼ਿਰੋਜ਼ਪੁਰ ਸਥਿਤ ਅਨਿਲ ਬਾਗੀ ਹਸਪਤਾਲ ਵੱਲੋਂ ਚਲਾਏ ਜਾ ਰਹੇ ਹਰ ਪਿੰਡ ਸਿਹਤ ਅਭਿਆਨ ਤਹਿਤ ਪਿੰਡ ਟਿੱਬੀ ਕਲਾਂ ਵਿਖੇ ਇੱਕ ਵਿਸ਼ਾਲ ਮੁਫ਼ਤ ਮੈਡੀਕਲ ਜਾਂਚ ਕੈਂਪ ਲਗਾਇਆ ਗਿਆ। ਇਸ ਕੈਂਪ ਨੂੰ ਪਿੰਡ ਵਾਸੀਆਂ ਵੱਲੋਂ ਭਰਪੂਰ ਹੁੰਗਾਰਾ ਮਿਲਿਆ ਅਤੇ ਪਿੰਡ ਦੇ ਨਾਲ—ਨਾਲ ਆਸ—ਪਾਸ ਦੇ ਇਲਾਕਿਆਂ ਤੋਂ ਵੀ ਵੱਡੀ ਗਿਣਤੀ ਵਿੱਚ ਲੋਕਾਂ ਨੇ ਪਹੁੰਚ ਕੇ ਆਪਣੀ ਸਿਹਤ ਦੀ ਜਾਂਚ ਕਰਵਾਈ। ਕੈਂਪ ਦੌਰਾਨ ਲਗਭਗ 200 ਮਰੀਜ਼ਾਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਮੁਫਤ ਡਾਕਟਰੀ ਸਲਾਹ ਅਤੇ ਲੋੜੀਂਦੀਆਂ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ।

ਕੈਂਪ ਵਿੱਚ ਅਨਿਲ ਬਾਗੀ ਹਸਪਤਾਲ ਦੇ ਤਜਰਬੇਕਾਰ ਡਾਕਟਰਾਂ, ਨਰਸਿੰਗ ਸਟਾਫ਼ ਅਤੇ ਪੈਰਾਮੈਡੀਕਲ ਟੀਮ ਨੇ ਆਪਣੀਆਂ ਸੇਵਾਵਾਂ ਨਿਭਾਈਆਂ। ਮਰੀਜ਼ਾਂ ਦੇ ਬਲੱਡ ਪ੍ਰੈਸ਼ਰ, ਸ਼ੂਗਰ, ਬੁਖ਼ਾਰ, ਜੋੜਾਂ ਦੇ ਦਰਦ, ਸਾਹ ਦੀਆਂ ਸਮੱਸਿਆਵਾਂ, ਹੱਡੀਆਂ ਨਾਲ ਸਬੰਧਤ ਤਕਲੀਫ਼ਾਂ ਅਤੇ ਹੋਰ ਆਮ ਬਿਮਾਰੀਆਂ ਦੀ ਜਾਂਚ ਕੀਤੀ ਗਈ। ਇਸ ਤੋਂ ਇਲਾਵਾ ਮਰੀਜ਼ਾਂ ਨੂੰ ਉਨ੍ਹਾਂ ਦੀ ਸਿਹਤ ਦੇ ਮੁਤਾਬਕ ਦਵਾਈਆਂ ਅਤੇ ਜੀਵਨ ਸ਼ੈਲੀ ਵਿੱਚ ਲੋੜੀਂਦੇ ਬਦਲਾਅ ਸਬੰਧੀ ਵੀ ਜਾਣਕਾਰੀ ਦਿੱਤੀ ਗਈ। ਡਾਕਟਰਾਂ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਸ਼ੂਗਰ, ਹਾਈ ਬਲੱਡ ਪ੍ਰੈਸ਼ਰ ਅਤੇ ਦਿਲ ਦੀਆਂ ਬਿਮਾਰੀਆਂ ਵਰਗੀਆਂ ਸਮੱਸਿਆਵਾਂ ਤੇਜ਼ੀ ਨਾਲ ਵੱਧ ਰਹੀਆਂ ਹਨ। ਅਜਿਹੀਆਂ ਬਿਮਾਰੀਆਂ ਤੋਂ ਬਚਣ ਲਈ ਨਿਯਮਿਤ ਸਿਹਤ ਜਾਂਚ, ਸੰਤੁਲਿਤ ਖ਼ੁਰਾਕ, ਰੋਜ਼ਾਨਾ ਕਸਰਤ ਅਤੇ ਤਣਾਅ ਤੋਂ ਦੂਰ ਰਹਿਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਸਾਫ਼ ਸਫ਼ਾਈ ਅਪਣਾਉਣ ਅਤੇ ਸਮੇਂ ਸਮੇਂ ਤੇ ਡਾਕਟਰੀ ਸਲਾਹ ਲੈਣ ਲਈ ਵੀ ਪ੍ਰੇਰਿਤ ਕੀਤਾ। ਕੈਂਪ ਦੌਰਾਨ ਆਰਥਿਕ ਤੌਰ ਤੇ ਕਮਜ਼ੋਰ ਅਤੇ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੰਡੀਆਂ ਗਈਆਂ। ਜਿਨ੍ਹਾਂ ਮਰੀਜ਼ਾਂ ਨੂੰ ਹੋਰ ਵਿਸ਼ੇਸ਼ ਜਾਂਚਾਂ ਤੇ ਟੈਸਟਾਂ ਜਾਂ ਮਾਹਿਰ ਇਲਾਜ ਦੀ ਲੋੜ ਸੀ, ਉਨ੍ਹਾਂ ਨੂੰ ਫ਼ਿਰੋਜ਼ਪੁਰ ਸਥਿਤ ਅਨਿਲ ਬਾਗੀ ਹਸਪਤਾਲ ਵਿਖੇ ਆ ਕੇ ਇਲਾਜ ਕਰਵਾਉਣ ਲਈ ਸਲਾਹ ਦਿੱਤੀ ਗਈ।

ਅਨਿਲ ਬਾਗੀ ਹਸਪਤਾਲ ਦੇ ਪ੍ਰਬੰਧਕਾਂ ਨੇ ਦੱਸਿਆ ਕਿ ਹਰ ਪਿੰਡ ਸਿਹਤ ਅਭਿਆਨ ਦਾ ਮਕਸਦ ਸਿਰਫ਼ ਇਲਾਜ ਕਰਨਾ ਹੀ ਨਹੀਂ, ਸਗੋਂ ਲੋਕਾਂ ਨੂੰ ਬਿਮਾਰੀਆਂ ਤੋਂ ਬਚਾਅ ਅਤੇ ਸਿਹਤ ਪ੍ਰਤੀ ਜਾਗਰੂਕ ਕਰਨਾ ਵੀ ਹੈ। ਪੇਂਡੂ ਖੇਤਰਾਂ ਵਿੱਚ ਕਈ ਲੋਕ ਸਮੇਂ ਸਿਰ ਸਿਹਤ ਜਾਂਚ ਨਹੀਂ ਕਰਵਾ ਸਕਦੇ, ਜਿਸ ਕਾਰਨ ਬਿਮਾਰੀਆਂ ਗੰਭੀਰ ਰੂਪ ਧਾਰ ਲੈਂਦੀਆਂ ਹਨ। ਇਸ ਅਭਿਆਨ ਰਾਹੀਂ ਲੋਕਾਂ ਨੂੰ ਉਨ੍ਹਾਂ ਦੇ ਆਪਣੇ ਪਿੰਡ ਵਿੱਚ ਹੀ ਮਾਹਿਰ ਡਾਕਟਰਾਂ ਦੀਆਂ ਸੇਵਾਵਾਂ ਉਪਲਬਧ ਕਰਵਾਈਆਂ ਜਾ ਰਹੀਆਂ ਹਨ ਤਾਂ ਜੋ ਬਿਮਾਰੀਆਂ ਦਾ ਸਮੇਂ ਸਿਰ ਪਤਾ ਲੱਗ ਸਕੇ ਅਤੇ ਇਲਾਜ ਸ਼ੁਰੂ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਅਨਿਲ ਬਾਗੀ ਹਸਪਤਾਲ ਸਮਾਜਿਕ ਜ਼ਿੰਮੇਵਾਰੀ ਨੂੰ ਨਿਭਾਉਂਦਿਆਂ ਭਵਿੱਖ ਵਿੱਚ ਵੀ ਫ਼ਿਰੋਜ਼ਪੁਰ ਅਤੇ ਆਸ—ਪਾਸ ਦੇ ਪੇਂਡੂ ਖੇਤਰਾਂ ਵਿੱਚ ਇਸ ਤਰ੍ਹਾਂ ਦੇ ਮੁਫ਼ਤ ਮੈਡੀਕਲ ਕੈਂਪ ਲਗਾਉਂਦਾ ਰਹੇਗਾ। ਇਸ ਨਾਲ ਵੱਧ ਤੋਂ ਵੱਧ ਲੋਕਾਂ ਨੂੰ ਘਰ ਦੇ ਨੇੜੇ ਹੀ ਮਿਆਰੀ ਸਿਹਤ ਸੇਵਾਵਾਂ ਦਾ ਲਾਭ ਮਿਲੇਗਾ ਅਤੇ ਸਿਹਤ ਪ੍ਰਤੀ ਜਾਗਰੂਕਤਾ ਵੀ ਵਧੇਗੀ।ਪਿੰਡ ਟਿੱਬੀ ਕਲਾਂ ਦੇ ਵਸਨੀਕਾਂ ਨੇ ਹਸਪਤਾਲ ਦੀ ਇਸ ਪਹਿਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਕੈਂਪ ਪੇਂਡੂ ਲੋਕਾਂ ਲਈ ਬਹੁਤ ਲਾਹੇਵੰਦ ਸਾਬਤ ਹੋ ਰਹੇ ਹਨ। ਇਸ ਨਾਲ ਨਾ ਸਿਰਫ਼ ਸਮੇਂ ਅਤੇ ਪੈਸੇ ਦੀ ਬਚਤ ਹੁੰਦੀ ਹੈ, ਸਗੋਂ ਮਾਹਿਰ ਡਾਕਟਰਾਂ ਤੋਂ ਸਹੀ ਸਲਾਹ ਅਤੇ ਇਲਾਜ ਵੀ ਮਿਲ ਜਾਂਦਾ ਹੈ। ਕੈਂਪ ਦੇ ਸਫ਼ਲ ਆਯੋਜਨ ਲਈ ਪਿੰਡ ਵਾਸੀਆਂ ਨੇ ਅਨਿਲ ਬਾਗੀ ਹਸਪਤਾਲ ਦੀ ਸਮੁੱਚੀ ਮੈਡੀਕਲ ਟੀਮ ਅਤੇ ਪ੍ਰਬੰਧਕਾਂ ਦਾ ਧੰਨਵਾਦ ਵੀ ਕੀਤਾ।

### ਕੇਂਦਰ ਦੀਆਂ ਗਲਤ ਨੀਤੀਆਂ ਕਾਰਨ ਦੇਸ਼ ਦਾ ਭਵਿੱਖ ਤੇ ਅੰਨਦਾਤਾ

# ਸੰਘਰਸ਼ ਲਈ ਮਜ਼ਬੂਰ- ਜੀਤਮਹਿੰਦਰ ਸਿੰਘ ਸਿੱਧੂ



**ਤਲਵੰਡੀ ਸਾਬੋ, 21 ਜੁਲਾਈ (ਗੁਰਜੰਟ ਸਿੰਘ ਨਥੇਹਾ)**-ਕੇਂਦਰ ਦੀ ਭਾਜਪਾ ਸਰਕਾਰ ਦੀਆਂ ਗਲਤ ਅਤੇ ਲੋਕ ਮਾਰੂ ਨੀਤੀਆਂ ਕਾਰਣ ਦੇਸ਼ ਦਾ ਭਵਿੱਖ ਵਿਦਿਆਰਥੀ ਅਤੇ ਦੇਸ਼ ਦਾ ਅੰਨਦਾਤਾ ਕਿਸਾਨ ਸੜਕਾਂ ਤੇ ਸੰਘਰਸ਼ ਲਈ ਮਜ਼ਬੂਰ ਹੋ ਗਿਐ ਅਤੇ ਜਿਸ ਦੇਸ਼ ਦੇ ਵਿਦਿਆਰਥੀ ਅਤੇ ਕਿਸਾਨ ਦੋਵੇਂ ਸੜਕਾਂ ਤੇ ਆ ਖੜਨ ਤਾਂ ਉਸ ਦੇਸ਼ ਦੇ ਭਵਿੱਖ ਬਾਰੇ ਅੰਦਾਜ਼ਾ ਲਾਉਣਾ ਬਹੁਤਾ ਮੁਸ਼ਿਕਲ ਨਹੀ। ਉਕਤ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਵੱਲੋਂ ਲੋਕ ਸਭਾ ਚੋਣ ਲੜ ਚੁੱਕੇ ਸੀਨੀਅਰ ਆਗੂ ਤੇ ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਨੇ ਗੱਲਬਾਤ ਦੌਰਾਨ ਕੀਤਾ। ਸਿੱਧੂ ਜੋ ਕਿ ਤਲਵੰਡੀ ਸਾਬੋ ਵਿਖੇ ਇੱਕ ਜਨਤਕ ਪ੍ਰੋਗਰਾਮ ’ਚ ਹਾਜ਼ਰੀ ਭਰਨ ਪੁੱਜੇ ਸਨ ਨੇ ਬਾਅਦ ਚ ਗੱਲਬਾਤ ਕਰਦਿਆਂ ਕਿਹਾ ਕਿ ਨੀਟ ਪ੍ਰੀਖਿਆ ਚ ਵੱਡੇ ਪੱਧਰ ’ਤੇ ਸਾਹਮਣੇ ਆਈਆਂ ਧਾਂਦਲੀ ਦੀਆਂ ਘਟਨਾਵਾਂ ਨੇ ਲੱਖਾਂ ਵਿਦਿਆਰਥੀਆਂ ਦੇ ਸੁਪਨੇ ਚਕਨਾਚੂਰ ਕਰ ਦਿੱਤੇ ਤੇ ਹੁਣ ਜਦੋਂ ਪ੍ਰੀਖਿਆਵਾਂ ’ਚ ਧਾਂਦਲੀਆਂ ਦੇ ਮਾਮਲੇ ਚ ਵਿਦਿਆਰਥੀ ਸਬੰਧਿਤ ਕੇਂਦਰੀ ਮੰਤਰੀ ਦਾ ਅਸਤੀਫਾ ਮੰਗਣ ਲਈ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਹਨ ਤਾਂ ਉਨਾ ਨੂੰ ਡੰਡੇ ਦੇ ਜ਼ੋਰ ਨਾਲ ਦਬਾਇਆ ਜਾ ਰਿਹੈ ਜੋ ਮੰਦਭਾਗਾ ਹੈ। ਇਸੇ ਤਰ੍ਹਾਂ ਭਾਰਤ ਅਮਰੀਕਾ ਟਰੇਡ ਡੀਲ ਦਾ ਵਿਰੋਧ ਕਰ ਰਹੇ ਕਿਸਾਨਾਂ ਨੂੰ ਐੱਮ.ਐੱਸ.ਪੀ ਸਮੇਤ ਕਈ ਹੋਰ ਕਿਸਾਨੀ ਮੰਗਾਂ ਲਈ ਫਿਰ ਤੋਂ ਦਿੱਲੀ ਦਾ ਰੁਖ ਕਰਨਾ ਪਿਐ ਤੇ ਸ਼ਰਮਨਾਕ ਇਹ ਕਿ ਉਨਾਂ ਨਾਲ ਗੱਲਬਾਤ ਦੀ ਥਾਂ ਉਨਾਂ ਦਾ ਰਾਸਤਾ ਜਬਰੀ ਰੋਕਿਆ ਜਾ ਰਿਹੈ।ਸਿੱਧੂ ਨੇ ਜਿੱਥੇ ਕੇਂਦਰ ਤੋਂ ਮੰਗ ਕੀਤੀ ਕਿ ਉਹ ਵਿਦਿਆਰਥੀਆਂ ਤੇ ਕਿਸਾਨਾਂ ਦੇ ਮਸਲੇ ਸੰਵਾਦ ਰਾਹੀਂ ਹੱਲ ਕਰੇ ਉੱਥੇ ਉਨਾਂ ‘ਆਪ’ ਕਨਵੀਨਰ ਅਰਵਿੰਦ ਕੇਜਰੀਵਾਲ ਨੂੰ ਕਿਹਾ ਕਿ ਉਹ ਪੰਜਾਬ ਆ ਕੇ ਉਨਾਂ ਸੰਘਰਸ਼ਸ਼ੀਲ ਧਿਰਾਂ ਦੇ ਵਰਕਰਾਂ ਦਾ ਹਾਲਚਾਲ ਵੀ ਜਾਨਣ ਜੋ ਆਪਣੀਆਂ ਮੰਗਾਂ ਮੰਨਵਾਉਣ ਖਾਤਿਰ ਪੰਜਾਬ ਪੁਲਿਸ ਦੇ ਲਾਠੀਚਾਰਜਾਂ ਕਾਰਨ ਜਖਮੀ ਹੋਏ ਹਨ। ਸਿੱਧੂ ਨਾਲ ਸੀ. ਕਾਂਗਰਸੀ ਆਗੂ ਕ੍ਰਿਸ਼ਨ ਯਾਦਵ, ਸੁਖਬੀਰ ਸਿੰਘ ਚੱਠਾ, ਗੁਰਾਦਿੱਤਾ ਸਿੰਘ ਸੀਂਗੋ, ਤੇਜ਼ ਰਾਮ ਸ਼ਰਮਾਂ, ਦਰਸ਼ਨ ਗਿੱਲ, ਜਗਦੀਪ ਗੋਦਾਰਾ, ਕੁਲਦੀਪ ਰਾਇਲ, ਬਿੱਲਾ ਬਾਬਾ ਆਦਿ ਮੌਜੂਦ ਸਨ।



# ਲੀਗਲ ਏਡ ਡਿਫੈਂਸ ਕੌਂਸਲ ਵਿਰੁੱਧ ਸੜਕਾਂ ਤੇ ਉੱਤਰੇ ਫ਼ਿਰੋਜ਼ਪੁਰ ਦੇ ਵਕੀਲ—ਅਣਮਿਥੇ ਸਮੇਂ ਦੀ ਹੜਤਾਲ





**ਫ਼ਿਰੋਜ਼ਪੁਰ, 21 ਜੁਲਾਈ (ਮਨੋਹਰ ਲਾਲ) :—** ਲੀਗਲ ਏਡ ਡਿਫੈਂਸ ਕੌਂਸਲ ਵਿਰੁੱਧ ਫ਼ਿਰੋਜ਼ਪੁਰ ਦੇ ਵਕੀਲਾਂ ਵੱਲੋਂ ਅਣਮਿਥੇ ਸਮੇਂ ਦੀ ਜਾਰੀ ਹੜਤਾਲ ਦੌਰਾਨ ਅੱਜ ਵੱਡੀ ਗਿਣਤੀ ਇਕੱਤਰ ਹੋਏ ਵਕੀਲ ਭਾਈਚਾਰੇ ਵੱਲੋਂ ਜਿਥੇ ਸਿਸਟਮ ਵਿਰੁੱਧ ਜੰਮ ਕੇ ਆਪਣੀ ਭੜਾਸ ਕੱਢੀ ਉਥੇ ਆਪਣੀਆਂ ਮੰਗਾਂ ਨੂੰ ਲੈ ਕੇ ਅੱਜ ਫਿਰ ਭੁੱਖ ਹੜਤਾਲ ਕੀਤੀ ਗਈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਲਵਜੀਤਪਾਲ ਸਿੰਘ ਟੁਰਨਾ ਪ੍ਰਧਾਨ ਬਾਰ ਕੌਂਸਲ ਫ਼ਿਰੋਜ਼ਪੁਰ ਨੇ ਸਪੱਸ਼ਟ ਕੀਤਾ ਕਿ ਇਸ ਸਿਸਟਮ ਨਾਲ ਨਿਆਏ ਪ੍ਰਣਾਲੀ ਨਿਘਾਰ ਵੱਲ ਜਾ ਰਹੀ ਹੈ, ਕਿਉਂਕਿ ਕਰਾਈਮ ਕਰਨ ਵਾਲੇ ਵਿਅਕਤੀ ਨੂੰ ਮੁਫਤ ਵਕੀਲ ਦੀ ਸਹੂਲਤ ਮਿਲਣ ਦੇ ਨਾਲ—ਨਾਲ ਸੈਲਫ ਸਕਿਉਰਟੀ ਬੌਂਡ ਕਰਨ ਕਰਕੇ ਕਰਾਈਮ ਪੇਸ਼ਾ ਲੋਕ ਇਸ ਦਾ ਗਲਤ ਫਾਈਦਾ ਉਠਾਉਣਗੇ। ਗੱਲਬਾਤ ਕਰਦਿਆਂ ਸ੍ਰੀ ਲਵਜੀਤਪਾਲ ਸਿੰਘ ਟੁਰਨਾ ਨੇ ਕਿਹਾ ਕਿ ਜੁਆਇੰਟ ਐਕਸ਼ਨ ਕਮੇਟੀ ਆਫ਼ ਬਾਰ ਐਸੋਸੀਏਸ਼ਨਜ਼ (ਪੰਜਾਬ, ਹਰਿਆਣਾ ਅਤੇ ਯੂ.ਟੀ. ਚੰਡੀਗੜ੍ਹ) ਦੇ ਸੱਦੇ ਤੇ ਲੀਗਲ ਏਡ ਡਿਫੈਂਸ ਕੌਂਸਲ ਸਿਸਟਮ ਦੇ ਵਿਰੋਧ ਵਿੱਚ ਚੱਲ ਰਹੀ ਅਣਮਿੱਥੇ ਸਮੇਂ ਦੀ ਹੜਤਾਲ ਦੇ ਤਹਿਤ ਜ਼ਿਲ੍ਹਾ ਬਾਰ ਐਸੋਸੀਏਸ਼ਨ ਫਿਰੋਜ਼ਪੁਰ ਦੇ ਵਕੀਲਾਂ ਵੱਲੋਂ ਰੋਸ ਪ੍ਰਦਰਸ਼ਨ ਲਗਾਤਾਰ ਜਾਰੀ ਹੈ। ਇਸੇ ਸੰਘਰਸ਼ ਦੀ ਲੜੀ ਤਹਿਤ ਅੱਜ ਜ਼ਿਲ੍ਹਾ ਬਾਰ ਐਸੋਸੀਏਸ਼ਨ ਫਿਰੋਜ਼ਪੁਰ ਦੇ ਵਕੀਲਾਂ ਵੱਲੋਂ ਇਕ ਦਿਨਾ ਭੁੱਖ ਹੜਤਾਲ ਕੀਤੀ ਗਈ, ਜਿਸ ਵਿਚ ਅਡਵੋਕੇਟ ਸ਼ਰਨਜੀਤ ਕੌਰ, ਅਡਵੋਕੇਟ ਦੀਪਕ ਮੱਗੋ, ਅਡਵੋਕੇਟ ਯੁਵਰਾਜ ਸਿੰਘ, ਅਡਵੋਕੇਟ ਸੰਦੀਪ ਮੋਂਗਾ, ਅਡਵੋਕੇਟ ਮਨਿੰਦਰ ਵੋਹਰਾ, ਅਡਵੋਕੇਟ ਅਮਿਤ ਚੋਪੜਾ, ਅਡਵੋਕੇਟ ਗੌਰਵ ਧਵਨ, ਅਡਵੋਕੇਟ ਸਤੀਸ਼ ਸ਼ਰਮਾ, ਅਡਵੋਕੇਟ ਕਰਨੈਲ ਸਿੰਘ, ਅਡਵੋਕੇਟ ਸੁਮਨ, ਅਡਵੋਕੇਟ ਆਰਜ਼ੂ ਹਾਂਡਾ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਜ਼ਿਲ੍ਹਾ ਬਾਰ ਐਸੋਸੀਏਸ਼ਨ ਫ਼ਿਰੋਜ਼ਪੁਰ ਦੇ ਸਕੱਤਰ ਵੱਲੋਂ ਵਕੀਲ ਭਾਈਚਾਰੇ ਦੇ ਸਾਂਝੇ ਮੁੱਦੇ ਲਈ ਇਨ੍ਹਾਂ ਮੈਂਬਰਾਂ ਦੇ ਸਮਰਪਣ, ਵਚਨਬੱਧਤਾ ਅਤੇ ਸਹਿਯੋਗ ਦੀ ਸ਼ਲਾਘਾ ਕੀਤੀ ਗਈ ਹੈ। ਇਸ ਦੇ ਨਾਲ ਹੀ ਐਸੋਸੀਏਸ਼ਨ ਵੱਲੋਂ 20 ਜੁਲਾਈ ਨੂੰ ਭੁੱਖ ਹੜਤਾਲ ਤੇ ਬੈਠੇ ਸਾਰੇ ਵਕੀਲ ਸਾਹਿਬਾਨ ਦਾ ਵੀ ਧੰਨਵਾਦ ਕੀਤਾ ਗਿਆ, ਜਿਨ੍ਹਾਂ ਦੀ ਕੁਰਬਾਨੀ ਅਤੇ ਇੱਕਜੁੱਟਤਾ ਨੇ ਐਲ.ਏ.ਡੀ.ਸੀ ਸਿਸਟਮ ਖਿਲਾਫ਼ ਚੱਲ ਰਹੇ ਇਸ ਅੰਦੋਲਨ ਨੂੰ ਹੋਰ ਮਜ਼ਬੂਤ ਕੀਤਾ ਹੈ। ਇਸ ਮੌਕੇ ਤੇ ਸਮੂਹ ਵਕੀਲ ਸਾਹਿਬਾਨਾਂ ਨੇ ਪੰਜਾਬ ਸਰਕਾਰ ਖਿਲਾਫ ਭਾਰੀ ਨਾਅਰੇਬਾਜੀ ਕੀਤੀ ਗਈ ਅਤੇ ਸੜਕਾਂ ਤੇ ਉਤਰਦੇ ਹੋਏ ਸਰਕਾਰ ਵਿਰੁੱਧ ਆਵਾਜ਼ ਬੁਲੰਦ ਕਰਦਿਆਂ ਜੰਮ ਕੇ ਵਿਰੋਧ ਕਰਦੇ ਹੋਏ ਸਰਕਾਰ ਵਿਰੁੱਧ ਪ੍ਰਦਰਸ਼ਨ ਕੀਤਾ।

# ਪਾਵਰਕੌਮ ਕਾਮਿਆਂ ਨੇ ਕੀਤਾ ਰੋਹ ਮੁਜ਼ਾਹਰਾ—ਮੰਗਾਂ ਦੀ ਪ੍ਰਾਪਤੀ ਤੱਕ ਸੰਘਰਸ਼ ਕਰਨ ਦਾ ਕੀਤਾ ਐਲਾਨ



ਫ਼ਿਰੋਜ਼ਪੁਰ, 21 ਜੁਲਾਈ (ਮਨੋਹਰ ਲਾਲ) :— ਏਕਤਾ ਮੰਚ ਅਤੇ ਜੁਆਇੰਟ ਫੋਰਮ ਦੇ ਸੱਦੇ ਤੇ ਦੋ ਦਿਨ ਦੀ ਸਮੂਹਿਤ ਛੁੱਟੀ ਲੈ ਕੇ ਸਾਥੀ ਰਾਕੇਸ਼ ਸੈਣੀ ਦੀ ਪ੍ਰਧਾਨਗੀ ਹੇਠ ਸਿਟੀ ਡਵੀਜਨ ਅਤੇ ਸਬ ਅਰਬਨ ਮੰਡਲ ਫ਼ਿਰੋਜ਼ਪੁਰ ਦੇ ਕਰਮਚਾਰੀਆਂ ਨੇ ਸਾਂਝੇ ਤੌਰ ਤੇ ਰੋਸ ਧਰਨਾ ਦਿੱਤਾ। ਧਰਨੇ ਨੂੰ ਸੰਬੋਧਨ ਕਰਦਿਆਂ ਸਾਥੀ ਰਾਕੇਸ਼ ਸੈਣੀ ਸੀਨੀਅਰ ਮੀਤ ਪ੍ਰਧਾਨ ਪੰਜਾਬ ਅਤੇ ਸਤੀਸ਼ ਕੁਮਾਰ ਸਾਬਕਾ ਆਗੂ ਪੰਜਾਬ ਨੇ ਕਿਹਾ ਕਿ ਪੀ.ਐਸ.ਪੀ.ਸੀ.ਐਲ ਦੀ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਨੇ ਜ਼ੋ ਪਿਛਲੇ ਸਮੇਂ ਦੌਰਾਨ ਮੀਟਿੰਗ ਵਿਚ ਲਿਖਤੀ ਸਮਝੌਤੇ ਕੀਤੇ ਸੀ, ਉਸ ਨੂੰ ਲਾਗੂ ਨਹੀਂ ਕਰ ਰਹੀ, ਜਿਵੇਂ ਕਿ 17.07.2020 ਵਾਲਾ ਪੱਤਰ ਰੱਦ ਕਰਕੇ ਕਰਮਚਾਰੀਆਂ ਨੂੰ ਛੇਵਾਂ ਪੇ ਸਕੇਲ ਲਾਗੂ ਕਰਨਾ, ਕਰਮਚਾਰੀਆਂ ਨੂੰ 18 ਫੀਸਦੀ ਡੀ.ਏ ਦੇਣਾ, ਪਾਰਟ ਟਾਈਮ ਕਰਮਚਾਰੀਆਂ ਨੂੰ ਪੱਕੇ ਕਰਨਾ, ਪਾਵਰਕੌਮ ਅਤੇ ਟਰਾਸਕੋ ਵਿਚ ਪੋਸਟਾਂ ਮੁਤਾਬਿਕ ਭਰਤੀ ਕਰਨ, ਕੱਚੇ ਕਾਮੇ ਪੱਕੇ ਕਰਨ, ਕਲੈਰੀਕਲ ਕਾਮੇ ਭਰਤੀ ਕਰਨਾ। ਇਹ ਸਮੂਹਿਤ ਛੁੱਟੀ ਦੌਰਾਨ ਸਰਕਲ ਫ਼ਿਰੋਜ਼ਪੁਰ ਅਧੀਨ ਜ਼ੀਰਾ, ਜਲਾਲਾਬਾਦ, ਸ਼ਹਿਰੀ ਮੰਡਲ ਅਤੇ ਸਬ ਅਰਬਨ ਫ਼ਿਰੋਜ਼ਪੁਰ ਅਧੀਨ ਪੈਂਦੀਆਂ ਸਬ ਡਵੀਜਨਾਂ ਅੰਦਰ ਪੂਰਨ ਤੌਰ ਤੇ ਕੈਸ਼ ਕਾਊਂਟਰ ਬੰਦ ਰਹੇ ਅਤੇ ਦਫਤਰੀ ਕੰਮਕਾਜ ਠੱਪ ਰਿਹਾ ਅਤੇ ਪੰਜਾਬ ਸਰਕਾਰ ਨੂੰ ਪੰਜਾਬ ਰਾਜ ਪਾਵਰਕੌਮ ਦੀ ਮੈਨੇਜਮੈਂਟ ਨੂੰ ਆਗੂ ਸਾਥੀਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਮੁਲਾਜ਼ਮਾਂ ਦੀਆਂ ਮੰਨੀਆਂ ਮੰਗਾਂ ਲਾਗੂ ਨਾ ਕੀਤੀਆਂ ਤਾਂ ਆਉਣ ਵਾਲੇ ਸਮੇਂ ਵਿਚ ਇਸ ਸਮੂਹਿਕ ਛੁੱਟੀ ਨੂੰ ਵਧਾਇਆ ਵੀ ਜਾ ਸਕਦਾ ਹੈ ਅਤੇ ਸਾਰੇ ਸਾਥੀਆਂ ਨੂੰ ਇਸ ਸੰਘਰਸ਼ ਲਈ ਤਿਆਰ ਰਹਿਣ ਦੀ ਜਾਣਕਾਰੀ ਦਿੱਤੀ। ਇਸ ਧਰਨੇ ਨੂੰ ਸਾਬਕਾ ਸਰਕਲ ਪ੍ਰਧਾਨ ਅਸ਼ਵਨੀ ਕੁਮਾਰ, ਰੋਸ਼ਨ ਲਾਲ, ਨੰਦ ਲਾਲ, ਅਮਲੋਕ ਸਿੰਘ, ਬਲਵੰਤ ਸਿੰਘ, ਸੁਖਦੇਵ ਸਿੰਘ, ਅਵਤਾਰ ਸਿੰਘ, ਪ੍ਰਦੀਪ ਕੁਮਾਰ, ਮੁਖਤਿਆਰ ਸਿੰਘ, ਸੁਨੀਲ ਕੁਮਾਰ, ਰਣਬੀਰ ਸਿੰਘ, ਸਤਪਾਲ ਮੋਂਗਾ ਨੇ ਵੀ ਸੰਬੋਧਨ ਕੀਤਾ।

### ਕਾਲੇਕੇ-ਰਮਾਣਾ ਚੱਕ ਦੀ ਸੜਕ ਨੂੰ 10 ਫੁੱਟ ਤੋਂ ਵਧਾ ਕੇ

# 18 ਫੁੱਟ ਚੌੜਾ ਕੀਤਾ ਜਾਵੇਗਾ-ਸ੍ਰ ਹਰਭਜਨ ਸਿੰਘ ਈ.ਟੀ.ਓ ਨੇ ਰੱਖਿਆ ਨੀਂਹ ਪੱਥਰ



**ਜੰਡਿਆਲਾ ਗੁਰੂ, 21 ਜੁਲਾਈ: ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਦੇ ਲੋਕ ਨਿਰਮਾਣ ਅਤੇ ਬਿਜਲੀ ਮੰਤਰੀ ਸ.ਹਰਭਜਨ ਸਿੰਘ ਈ.ਟੀ.ਓ.ਨੇ ਅੱਜ ਵਿਧਾਨ ਸਭਾ ਹਲਕਾ ਰਈਆ ਅਧੀਨ ਪਿੰਡ ਕਾਲੇਕੇ ਤੋਂ ਰਮਾਣਾ ਚੱਕ (ਵਾਇਆ ਬੇਰੀਆਂਵਾਲਾ) ਜਾਣ ਵਾਲੀ ਸੜਕ ਦੇ ਅੱਪਗ੍ਰੇਡੇਸ਼ਨ ਕਾਰਜ ਦਾ ਨੀਂਹ ਪੱਥਰ ਰੱਖਿਆ। ਪੰਜਾਬ ਸਰਕਾਰ ਵੱਲੋਂ 5.30 ਕਿਲੋਮੀਟਰ ਲੰਬੀ ਇਸ ਸੜਕ ਦੇ ਨਵੀਨੀਕਰਨ 'ਤੇ 4.55 ਕਰੋੜ ਰੁਪਏ ਦੀ ਲਾਗਤ ਆਵੇਗੀ।ਇਸ ਮੌਕੇ ਕੈਬਨਿਟ ਮੰਤਰੀ ਸ.ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਵਿਸ਼ਵ-ਪੱਧਰੀ ਸੜਕੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਸ ਸੜਕ ਦੇ ਨਿਰਮਾਣ ਨਾਲ ਨਾ ਸਿਰਫ਼ ਇਲਾਕੇ ਦੇ ਲੋਕਾਂ ਨੂੰ ਬਿਹਤਰ ਆਵਾਜਾਈ ਸਹੂਲਤ ਮਿਲੇਗੀ, ਸਗੋਂ ਖੇਤੀਬਾੜੀ, ਵਪਾਰ ਅਤੇ ਰੋਜ਼ਾਨਾ ਆਵਾਜਾਈ ਨੂੰ ਵੀ ਵੱਡਾ ਲਾਭ ਹੋਵੇਗਾ।ਉਨ੍ਹਾਂ ਦੱਸਿਆ ਕਿ ਸੜਕ ਦੇ ਨਿਰਮਾਣ ਲਈ ਟੈਂਡਰ ਪ੍ਰਕਿਰਿਆ ਮੁਕੰਮਲ ਹੋ ਚੁੱਕੀ ਹੈ ਅਤੇ ਪ੍ਰੋਜੈਕਟ ਨੂੰ ਅਗਲੇ ਛੇ ਮਹੀਨਿਆਂ ਵਿੱਚ ਮੁਕੰਮਲ ਕਰਨ ਦਾ ਟੀਚਾ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਕੰਮ ਦੀ ਗੁਣਵੱਤਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਨਹੀਂ ਕੀਤਾ ਜਾਵੇਗਾ ਅਤੇ ਸੜਕ ਦਾ ਨਿਰਮਾਣ ਨਿਰਧਾਰਤ ਤਕਨੀਕੀ ਮਾਪਦੰਡਾਂ ਅਨੁਸਾਰ ਕੀਤਾ ਜਾਵੇਗਾ।ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਸੜਕ ਦੀ ਚੌੜਾਈ 10 ਫੁੱਟ ਤੋਂ ਵਧਾ ਕੇ 18 ਫੁੱਟ ਕੀਤੀ ਜਾਵੇਗੀ, ਜਿਸ ਨਾਲ ਵਾਹਨਾਂ ਦੀ ਆਵਾਜਾਈ ਸੁਚਾਰੂ ਅਤੇ ਸੁਰੱਖਿਅਤ ਬਣੇਗੀ। ਉਨ੍ਹਾਂ ਕਿਹਾ ਕਿ ਸੜਕ ਨੂੰ ਉੱਚ ਗੁਣਵੱਤਾ ਵਾਲੇ ਮਾਪਦੰਡਾਂ ਅਨੁਸਾਰ ਤਿਆਰ ਕੀਤਾ ਜਾਵੇਗਾ, ਜਿਸ ਨਾਲ ਇਸ ਦੀ ਮਜ਼ਬੂਤੀ, ਟਿਕਾਊਪਣ ਅਤੇ ਉਮਰ ਵਿੱਚ ਵਾਧਾ ਹੋਵੇਗਾ।ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਲੰਬੇ ਸਮੇਂ ਤੋਂ ਲੰਬਿਤ ਵਿਕਾਸੀ ਮੰਗਾਂ ਨੂੰ ਤਰਜੀਹ ਦੇ ਆਧਾਰ 'ਤੇ ਪੂਰਾ ਕਰ ਰਹੀ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਸੂਬੇ ਦੇ ਹਰ ਖੇਤਰ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਜਾਰੀ ਰਹਿਣਗੇ ਅਤੇ ਲੋਕਾਂ ਦੀ ਭਲਾਈ ਲਈ ਕਿਸੇ ਵੀ ਤਰ੍ਹਾਂ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

**ਇਹ ਪ੍ਰੋਜੈਕਟ ਇਲਾਕੇ ਦੇ ਲੋਕਾਂ ਲਈ ਬਿਹਤਰ ਅਤੇ ਸੁਰੱਖਿਅਤ ਆਵਾਜਾਈ ਯਕੀਨੀ ਬਣਾਏਗਾ : ਹਰਭਜਨ ਸਿੰਘ ਈ.ਟੀ.ਓ.**

### ਰਾਹੁਲ ਗਾਂਧੀ ਦੀ ਅਗਵਾਈ ਹੇਠ ਪ੍ਰਧਾਨ ਮੰਤਰੀ ਨਿਵਾਸ ਅੱਗੇ

# ਕਾਂਗਰਸ ਦਾ ਧਰਨਾ, ਮੋਦੀ ਦੇ ਅਸਤੀਫ਼ੇ ਦੀ ਕੀਤੀ ਮੰਗ



ਨਵੀਂ ਦਿੱਲੀ, 21 ਜੁਲਾਈ (ਮਨਪ੍ਰੀਤ ਸਿੰਘ ਖਾਲਸਾ): ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੀ ਅਗਵਾਈ ਹੇਠ ਕਾਂਗਰਸ ਨੇ ਅੱਜ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸਰਕਾਰੀ ਨਿਵਾਸ 7, ਲੋਕ ਕਲਿਆਣ ਮਾਰਗ ਦੇ ਬਾਹਰ ਧਰਨਾ ਦਿੱਤਾ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਅਸਤੀਫ਼ਿਆਂ ਦੀ ਮੰਗ ਕੀਤੀ। ਧਰਨੇ ਵਿੱਚ ਕਾਂਗਰਸ ਪ੍ਰਧਾਨ ਮੱਲਿਕਾਰਜੁਨ ਖੜਗੇ, ਪ੍ਰਿਯੰਕਾ ਗਾਂਧੀ, ਸਾਬਕਾ ਪੰਜਾਬ ਮੁੱਖ ਮੰਤਰੀ ਅਤੇ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ, ਪੰਜਾਬ ਦੇ ਸੀਨੀਅਰ ਕਾਂਗਰਸੀ ਆਗੂ ਅਤੇ ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਸਮੇਤ ਕਈ ਸੰਸਦ ਮੈਂਬਰ ਅਤੇ ਹੋਰ ਆਗੂ ਸ਼ਾਮਲ ਹੋਏ। ਪ੍ਰਦਰਸ਼ਨਕਾਰੀਆਂ ਨੇ ਹੱਥਾਂ 'ਤੇ ਕਾਲੀਆਂ ਪੱਟੀਆਂ ਬੰਨ੍ਹ ਕੇ ਵਿਦਿਆਰਥੀਆਂ 'ਤੇ ਦਿੱਲੀ ਪੁਲਿਸ ਵੱਲੋਂ ਕੀਤੀ ਗਈ ਕਾਰਵਾਈ ਦਾ ਵਿਰੋਧ ਕੀਤਾ। ਰਾਹੁਲ ਗਾਂਧੀ ਨੇ ਕਿਹਾ ਕਿ ਸੰਸਦ ਵਿੱਚ ਇਸ ਮੁੱਦੇ 'ਤੇ ਚਰਚਾ ਦੀ ਇਜਾਜ਼ਤ ਨਹੀਂ ਦਿੱਤੀ ਜਾ ਰਹੀ, ਇਸ ਲਈ ਉਹ ਸਿੱਧੇ ਪ੍ਰਧਾਨ ਮੰਤਰੀ ਕੋਲ ਜਵਾਬ ਮੰਗਣ ਪਹੁੰਚੇ ਹਨ। ਉਨ੍ਹਾਂ ਦੋਸ਼ ਲਗਾਇਆ ਕਿ ਵਿਦਿਆਰਥੀਆਂ 'ਤੇ ਹੋਇਆ ਹਮਲਾ ਹਰ ਭਾਰਤੀ ਪਰਿਵਾਰ 'ਤੇ ਹਮਲਾ ਹੈ ਅਤੇ ਸਰਕਾਰ ਇਸ ਦੀ ਜ਼ਿੰਮੇਵਾਰੀ ਤੋਂ ਨਹੀਂ ਬਚ ਸਕਦੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਵਿਰੁੱਧ ਪੁਲਿਸ ਕਾਰਵਾਈ ਲਈ ਸਿੱਧੀ ਜ਼ਿੰਮੇਵਾਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਬਣਦੀ ਹੈ, ਇਸ ਲਈ ਦੋਵਾਂ ਨੂੰ ਅਹੁਦੇ ਛੱਡਣੇ ਚਾਹੀਦੇ ਹਨ। ਇਸ ਦੌਰਾਨ ਦਿੱਲੀ ਪੁਲਿਸ ਨੇ ਕਈ ਕਾਂਗਰਸੀ ਆਗੂਆਂ ਅਤੇ ਸੰਸਦ ਮੈਂਬਰਾਂ ਨੂੰ ਹਿਰਾਸਤ ਵਿੱਚ ਲੈ ਲਿਆ। ਹਿਰਾਸਤ ਵਿੱਚ ਲਏ ਗਏ ਆਗੂਆਂ ਵਿੱਚ ਸਾਬਕਾ ਪੰਜਾਬ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਅਤੇ ਪੰਜਾਬ ਤੋਂ ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਵੀ ਸ਼ਾਮਲ ਸਨ। ਪੁਲਿਸ ਨੇ ਪ੍ਰਦਰਸ਼ਨਕਾਰੀਆਂ ਨੂੰ ਪ੍ਰਧਾਨ ਮੰਤਰੀ ਨਿਵਾਸ ਵੱਲ ਵਧਣ ਤੋਂ ਰੋਕਣ ਲਈ ਬੈਰੀਕੇਡ ਲਗਾਏ ਹੋਏ ਸਨ ਅਤੇ ਅੱਗੇ ਵਧਣ ਦੀ ਕੋਸ਼ਿਸ਼ ਦੌਰਾਨ ਉਨ੍ਹਾਂ ਨੂੰ ਹਿਰਾਸਤ ਵਿੱਚ ਲਿਆ ਗਿਆ। ਕਾਂਗਰਸ ਆਗੂਆਂ ਨੇ ਦੋਸ਼ ਲਗਾਇਆ ਕਿ ਉਨ੍ਹਾਂ ਨੂੰ ਨਾ ਤਾਂ ਸੰਸਦ ਵਿੱਚ ਇਸ ਮੁੱਦੇ 'ਤੇ ਚਰਚਾ ਕਰਨ ਦਿੱਤੀ ਜਾ ਰਹੀ ਹੈ ਅਤੇ ਨਾ ਹੀ ਪ੍ਰਧਾਨ ਮੰਤਰੀ ਨਾਲ ਮੁਲਾਕਾਤ ਕਰਨ ਦੀ ਇਜਾਜ਼ਤ ਦਿੱਤੀ ਗਈ। ਰਾਹੁਲ ਗਾਂਧੀ ਨੇ ਦਾਅਵਾ ਕੀਤਾ ਕਿ ਲੋਕ ਸਭਾ ਸਪੀਕਰ ਨੇ ਵੀ ਚਰਚਾ ਲਈ ਸਰਕਾਰ ਦੀ ਮਨਜ਼ੂਰੀ ਦੀ ਗੱਲ ਕੀਤੀ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨੂੰ ਵਿਦਿਆਰਥੀਆਂ ਤੋਂ ਮੁਆਫ਼ੀ ਮੰਗਣੀ ਚਾਹੀਦੀ ਹੈ ਅਤੇ ਅਜਿਹੀਆਂ ਘਟਨਾਵਾਂ ਨੂੰ ਤੁਰੰਤ ਰੋਕਣਾ ਚਾਹੀਦਾ ਹੈ।




# ਪੁਲਿਸ ਦਾ ਕੰਮ ਹੱਕਾਂ ਦੀ ਰਾਖੀ ਨਹੀਂ, ਡੰਡੇ ਨਾਲ ਆਵਾਜ਼ ਦਬਾਉਣਾ ਬਣ ਗਿਆ" : ਜਸਪਾਲ ਸਿੰਘ ਮੰਝਪੁਰ

## ਜੰਗ ਤਖ਼ਤਾਂ ਵਿਰੁੱਧ ਵਿੱਢੀਦੀ ਹੈ, ਪਿਆਦੇ ਨਹੀਂ ਮੁੱਕਦੇ ਇੰਝ ਸਿਰ ਫਸਾਏ

**ਨਵੀਂ ਦਿੱਲੀ 21 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਦੇ ਜੰਤਰ-ਮੰਤਰ ਵਿਖੇ ਵਿਦਿਆਰਥੀਆਂ ਦੇ ਚੱਲ ਰਹੇ ਅੰਦੋਲਨ ਦੌਰਾਨ ਪੁਲਿਸੀ ਕਾਰਵਾਈ 'ਤੇ ਪ੍ਰਤੀਕਿਰਿਆ ਦਿੰਦਿਆਂ ਪੰਥਕ ਵਕੀਲ ਜਸਪਾਲ ਸਿੰਘ ਮੰਝਪੁਰ ਨੇ ਸੁਰੱਖਿਆ ਏਜੰਸੀਆਂ ਅਤੇ ਸਰਕਾਰਾਂ ਦੇ ਰਵੱਈਏ 'ਤੇ ਤਿੱਖਾ ਹਮਲਾ ਬੋਲਿਆ ਹੈ। ਮੰਝਪੁਰ ਨੇ ਕਿਹਾ ਕਿ "ਪੁਲਿਸ ਤਾਂ ਪੁਲਿਸ ਹੈ, ਭਾਵੇਂ ਉਹ ਦਿੱਲੀ ਦੀ ਹੋਵੇ, ਚੰਡੀਗੜ੍ਹ ਦੀ ਜਾਂ ਪੰਜਾਬ ਦੀ, ਕੰਮ ਇੱਕੋ ਹੀ ਕਰਦੀ ਹੈ—ਲੱਕ ਸੇਕਣੇ, ਲੱਤਾਂ ਤੋੜਨੀਆਂ ਤੇ ਸਿਰ ਪਾੜਨੇ।" ਉਨ੍ਹਾਂ ਦੋਸ਼ ਲਗਾਇਆ ਕਿ ਜਦੋਂ ਸੱਤਾ ਦੇ ਤਖ਼ਤਾਂ ਤੋਂ ਹੁਕਮ ਆਉਂਦਾ ਹੈ ਤਾਂ ਲੋਕਾਂ ਦੀ ਆਵਾਜ਼ ਨੂੰ ਕੁਚਲਣ ਲਈ ਪੁਲਿਸ ਹਰ ਹੱਦ ਤੱਕ ਜਾਣ ਲਈ ਤਿਆਰ ਰਹਿੰਦੀ ਹੈ।ਉਨ੍ਹਾਂ ਕਿਹਾ ਕਿ ਜੇ ਤਖ਼ਤ ਦਿੱਲੀ ਦਾ ਹੁਕਮ ਹੋ ਜਾਵੇ ਤਾਂ ਝੂਠੇ ਮੁਕਾਬਲੇ ਬਣਾ ਕੇ ਲੋਕਾਂ ਨੂੰ ਦਰਿਆਵਾਂ ਵਿੱਚ ਰੋੜਨ ਤੱਕ ਦੀਆਂ ਘਟਨਾਵਾਂ ਇਤਿਹਾਸ ਦਾ ਹਿੱਸਾ ਰਹੀਆਂ ਹਨ, ਜਿਸ ਨੂੰ ਭੁਲਾਇਆ ਨਹੀਂ ਜਾ ਸਕਦਾ। ਮੰਝਪੁਰ ਨੇ ਨੌਜਵਾਨਾਂ, ਸਿੱਖਾਂ ਅਤੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਸਮਝਣ ਕਿ ਲੜਾਈ ਕਿਸੇ ਇਕ ਪੁਲਿਸ ਮੁਲਾਜ਼ਮ ਨਾਲ ਨਹੀਂ, ਸਗੋਂ ਉਨ੍ਹਾਂ ਤਖ਼ਤਾਂ ਅਤੇ ਹਕੂਮਤੀ ਨੀਤੀਆਂ ਨਾਲ ਹੈ ਜੋ ਦਮਨਕਾਰੀ ਹੁਕਮ ਜਾਰੀ ਕਰਦੀਆਂ ਹਨ। ਉਨ੍ਹਾਂ ਕਿਹਾ ਕਿ "ਜੰਗ ਤਖ਼ਤਾਂ ਵਿਰੁੱਧ ਵਿੱਢੀਦੀ ਹੈ, ਪਿਆਦੇ ਨਹੀਂ ਮੁੱਕਦੇ ਇੰਝ ਸਿਰ ਫਸਾਏ," ਇਸ ਲਈ ਸੰਘਰਸ਼ ਦੀ ਦਿਸ਼ਾ ਅਤੇ ਅਸਲ ਜ਼ਿੰਮੇਵਾਰਾਂ ਦੀ ਪਛਾਣ ਕਰਨੀ ਲਾਜ਼ਮੀ ਹੈ। ਉਨ੍ਹਾਂ ਕਿਹਾ ਕਿ ਜੇ ਲੋਕਤੰਤਰ ਵਿੱਚ ਹੱਕ ਮੰਗਣ ਵਾਲਿਆਂ ਨਾਲ ਡੰਡੇ, ਗ੍ਰਿਫ਼ਤਾਰੀਆਂ ਅਤੇ ਦਮਨ ਦਾ ਰਵੱਈਆ ਜਾਰੀ ਰਿਹਾ ਤਾਂ ਇਹ ਸਿਰਫ਼ ਇੱਕ ਵਰਗ ਦਾ ਨਹੀਂ, ਸਗੋਂ ਸਮੁੱਚੇ ਸਮਾਜ ਦੇ ਸੰਵਿਧਾਨਕ ਹੱਕਾਂ ਲਈ ਗੰਭੀਰ ਖ਼ਤਰਾ ਬਣੇਗਾ।



## ਪੀਰ ਬਾਬਾ ਘੋੜੇ ਸ਼ਾਹ ਜੀ ਦਾ 50ਵਾਂ ਜੋੜ ਮੇਲਾ, ਤਿਆਰੀਆਂ ਜ਼ੋਰਾਂ 'ਤੇ ਮੁੱਖ ਮਹਿਮਾਨ ਲੋਕ ਨਿਰਮਾਣ ਕੈਬਨਿਟ ਮੰਤਰੀ ਪੰਜਾਬ ਹਰਭਜਨ ਸਿੰਘ ਈ ਟੀ ਓ



**ਜੰਡਿਆਲਾ ਗੁਰੂ, 21 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਡੇਰਾ ਧੰਨ-ਧੰਨ ਪੀਰ ਬਾਬਾ ਘੋੜੇ ਸ਼ਾਹ ਜੀ ਦੀ ਦਰਗਾਹ, ਜੰਡਿਆਲਾ ਗੁਰੂ ਵਿਖੇ 50ਵਾਂ ਸਲਾਨਾ ਜੋੜ ਮੇਲਾ 22 ਅਤੇ 23 ਜੁਲਾਈ ਨੂੰ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਇਸ ਮੇਲੇ ਦੀਆਂ ਤਿਆਰੀਆਂ ਕਰੀਬ 10 ਤੋਂ 15 ਦਿਨ ਪਹਿਲਾਂ ਹੀ ਸ਼ੁਰੂ ਕਰ ਦਿੱਤੀਆਂ ਜਾਂਦੀਆਂ ਹਨ।ਇਸ ਮੇਲੇ ਵਿੱਚ ਲੋਕਾਂ ਲਈ ਪੰਘੂੜੇ ਵੀ ਲਾਏ ਜਾ ਰਹੇ ਹਨ।ਦਰਗਾਹ ਦੇ ਸੰਚਾਲਕ ਬਾਬਾ ਹਰਭਾਲ ਸਿੰਘ ਨੇ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਧੰਨ-ਧੰਨ ਪੀਰ ਬਾਬਾ ਘੋੜੇ ਸ਼ਾਹ ਜੀ ਦਾ ਜੋੜ ਮੇਲਾ ਬਹੁਤ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਦਰਗਾਹ ਤੇ ਇਲਾਕੇ ਦੀਆਂ ਸੰਗਤਾਂ ਤੋਂ ਇਲਾਵਾ ਸਮਾਜਿਕ, ਧਾਰਮਿਕ ,ਵੱਖ ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂ ਅਤੇ ਵੱਡੀ ਗਿਣਤੀ ਵਿੱਚ ਸੰਗਤ ਦਰਗਾਹ ਵਿਖੇ ਨਤਮਸਤਕ ਹੋਣ ਲਈ ਪਹੁੰਚੇਗੀ।

ਉਨ੍ਹਾਂ ਇਹ ਵੀ ਜਾਣਕਾਰੀ ਦਿੱਤੀ ਕਿ ਸਮਾਗਮ ਦੇ ਮੁੱਖ ਮਹਿਮਾਨ ਪੰਜਾਬ ਦੇ ਲੋਕ ਨਿਰਮਾਣ ਕੈਬਨਿਟ ਮੰਤਰੀ ਸਰਦਾਰ ਹਰਭਜਨ ਸਿੰਘ ਈ.ਟੀ.ਓ. ਹੋਣਗੇ, ਜਿਨ੍ਹਾਂ ਵੱਲੋਂ ਝੰਡੇ ਦੀ ਰਸਮ ਅਦਾ ਕੀਤੀ ਜਾਵੇਗੀ।ਬਾਬਾ ਹਰਭਾਲ ਸਿੰਘ ਨੇ ਪੀਰ ਬਾਬਾ ਘੋੜੇ ਸ਼ਾਹ ਜੀ ਦੇ ਇਤਿਹਾਸ ਬਾਰੇ ਵੀ ਚਾਨਣਾ ਪਾਇਆ ਅਤੇ ਦੱਸਿਆ ਕਿ ਇਸ ਪਵਿੱਤਰ ਦਰਗਾਹ 'ਤੇ ਨਾ ਸਿਰਫ਼ ਇਲਾਕੇ ਦੇ ਲੋਕ, ਸਗੋਂ ਦੇਸ਼-ਵਿਦੇਸ਼ ਤੋਂ ਵੀ ਵੱਡੀ ਗਿਣਤੀ ਵਿੱਚ ਸੰਗਤ ਮੱਥਾ ਟੇਕਣ ਅਤੇ ਅਸ਼ੀਰਵਾਦ ਪ੍ਰਾਪਤ ਕਰਨ ਲਈ ਪਹੁੰਚਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਨੀਟ 'ਤੇ ਅਸਤੀਫ਼ਾ ਮੰਗਣ ਵਾਲੇ ਕੇਜਰੀਵਾਲ-ਮਾਨ

# ਪੰਜਾਬ ਦੇ ਨਕਲ ਮਾਫ਼ੀਆ 'ਤੇ ਚੁੱਪ ਕਿਉਂ ? : ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 21 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਨੀਤ ਪ੍ਰੀਖਿਆ ਮਾਮਲੇ ਵਿੱਚ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫ਼ੇ ਦੀ ਜ਼ੋਰਦਾਰ ਮੰਗ ਕਰਨ ਵਾਲੇ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਦੋਗਲਾਪਣ ਹੁਣ ਪੂਰੀ ਤਰ੍ਹਾਂ ਬੇਨਕਾਬ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਬਾਬਾ ਫ਼ਰੀਦ ਯੂਨੀਵਰਸਿਟੀ ਵੱਲੋਂ ਕਰਵਾਈ ਜਾ ਰਹੀ ਫਾਰਮੇਸੀ ਅਫ਼ਸਰ ਭਰਤੀ ਪ੍ਰੀਖਿਆ ਦੌਰਾਨ ਸਾਹਮਣੇ ਆਏ ਵੱਡੇ ਨਕਲ ਕਾਂਡ ਨੇ ਸਾਬਤ ਕਰ ਦਿੱਤਾ ਹੈ ਕਿ ਆਮ ਆਦਮੀ ਪਾਰਟੀ ਦੀ ਕਥਿਤ "ਇਮਾਨਦਾਰ ਸਰਕਾਰ" ਦੇ ਦਾਅਵੇ ਖੋਖਲੇ ਹਨ।

ਪ੍ਰੋ. ਖਿਆਲਾ ਨੇ ਕਿਹਾ ਕਿ ਜੇ ਨੀਤ ਮਾਮਲੇ ਵਿੱਚ ਨੈਤਿਕ ਜ਼ਿੰਮੇਵਾਰੀ ਦੇ ਆਧਾਰ 'ਤੇ ਕੇਂਦਰੀ ਮੰਤਰੀ ਦਾ ਅਸਤੀਫ਼ਾ ਮੰਗਿਆ ਜਾ ਸਕਦਾ ਹੈ ਤਾਂ ਪੰਜਾਬ ਵਿੱਚ ਸਰਕਾਰੀ ਭਰਤੀ ਪ੍ਰੀਖਿਆ ਦੌਰਾਨ ਵੱਡੇ ਪੱਧਰ 'ਤੇ ਨਕਲ ਬੇਨਕਾਬ ਹੋਣ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਮਾਨ ਆਪਣੀ ਜ਼ਿੰਮੇਵਾਰੀ ਕਬੂਲ ਕਰਕੇ ਅਸਤੀਫ਼ਾ ਕਿਉਂ ਨਹੀਂ ਦਿੰਦੇ ? ਕੀ ਨੈਤਿਕਤਾ ਸਿਰਫ਼ ਦੂਜਿਆਂ ਲਈ ਹੈ ?

ਉਨ੍ਹਾਂ ਕਿਹਾ ਕਿ ਦਿੱਲੀ ਵਿੱਚ ਨੀਤ ਨੂੰ ਲੈ ਕੇ ਧਰਨਿਆਂ ਦੀ ਆੜ ਵਿੱਚ ਦੇਸ਼ ਦੀ ਅਸਥਿਰਤਾ ਲਈ ਰਾਜਨੀਤੀ ਕਰਨ ਵਾਲਿਆਂ ਦੇ ਹਮਾਇਤੀ ਕੇਜਰੀਵਾਲ ਅਤੇ ਭਗਵੰਤ ਮਾਨ ਇਹ ਵੀ ਦੱਸਣ ਕਿ ਸੰਸਦ ਵੱਲ ਗੈਰ-ਕਾਨੂੰਨੀ ਮਾਰਚ ਕਰਕੇ ਸੁਰੱਖਿਆ ਪ੍ਰਬੰਧਾਂ ਨੂੰ ਚੁਣੌਤੀ ਦੇਣ ਵਾਲਿਆਂ ਦੀ ਹਮਾਇਤ ਕਰਨਾ ਕਿਹੜੇ ਲੋਕਤੰਤਰ ਦਾ ਹਿੱਸਾ ਹੈ। ਜਿਹੜੇ ਲੋਕ ਪੁਲਿਸ ਦੀ ਕਾਰਵਾਈ ਨੂੰ ਦਿੱਲੀ ਵਿੱਚ ਗ਼ਲਤ ਕਰਾਰ ਦਿੰਦੇ ਹਨ, ਉਹ ਪੰਜਾਬ ਵਿੱਚ ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੇ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਅਤੇ ਨੌਜਵਾਨਾਂ 'ਤੇ ਲਾਠੀਚਾਰਜ ਅਤੇ ਦਮਨਕਾਰੀ ਕਾਰਵਾਈਆਂ ਨੂੰ ਕਿਵੇਂ ਜਾਇਜ਼ ਠਹਿਰਾਉਂਦੇ ਹਨ ? ਇਹ ਦੋਹਰੇ ਮਾਪਦੰਡ ਨਹੀਂ ਤਾਂ ਹੋਰ ਕੀ ਹਨ ?

ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਭਰਤੀ ਪ੍ਰਣਾਲੀ ਦੀ ਭਰੋਸੇਯੋਗਤਾ ਹੀ ਕਟਹਿਰੇ ਵਿੱਚ ਖੜ੍ਹੀ ਹੋ ਗਈ ਹੈ। ਫਾਰਮੇਸੀ ਅਫ਼ਸਰ ਭਰਤੀ ਪ੍ਰੀਖਿਆ ਵਿੱਚ ਤਿੰਨ ਲੱਖ ਤੋਂ ਤੇਰਾਂ ਲੱਖ ਰੁਪਏ ਤੱਕ ਲੈ ਕੇ ਨਕਲ ਕਰਵਾਉਣਾ ਕਿਸੇ ਛੋਟੇ-ਮੋਟੇ ਗਿਰੋਹ ਦਾ ਕੰਮ ਨਹੀਂ ਹੋ ਸਕਦੇ। ਦੋ ਸੌ ਤੋਂ ਵੱਧ ਪ੍ਰੀਖਿਆਰਥੀਆਂ ਤੱਕ ਇਲੈੱਕਟ੍ਰਾਨਿਕ ਡਿਵਾਈਸ ਪਹੁੰਚਾਉਣਾ ਇੱਕ ਸੰਗਠਿਤ ਰੈਕਟ ਵੱਲ ਇਸ਼ਾਰਾ ਕਰਦਾ ਹੈ। ਇੰਨਾ ਵੱਡਾ ਨੈੱਟਵਰਕ ਕਿਸ ਦੀ ਸਰਪ੍ਰਸਤੀ ਹੇਠ ਚੱਲ ਰਿਹਾ ਸੀ ? ਇਸ ਦੇ ਪਿੱਛੇ ਬੈਠੇ ਅਸਲ ਚਿਹਰੇ ਕੌਣ ਹਨ ? ਪੰਜਾਬ ਸਰਕਾਰ ਨੂੰ ਇਸ ਦਾ ਜਵਾਬ ਦੇਣਾ ਪਵੇਗਾ।

ਪ੍ਰੋ. ਖਿਆਲਾ ਨੇ ਕਿਹਾ ਕਿ ਇਸ ਘਟਨਾ ਦੀ ਜਾਂਚ ਸਿਰਫ਼ ਕੁਝ ਗ੍ਰਿਫ਼ਤਾਰੀਆਂ ਤੱਕ ਸੀਮਤ ਨਹੀਂ ਰਹਿਣੀ ਚਾਹੀਦੀ। ਇਸ ਗੱਲ ਦੀ ਵੀ ਡੂੰਘੀ ਪੜਤਾਲ ਹੋਣੀ ਚਾਹੀਦੀ ਹੈ ਕਿ ਕੀ ਸਰਕਾਰੀ ਭਰਤੀਆਂ ਵਿੱਚ ਨਕਲ ਅਤੇ ਪੇਪਰ ਲੀਕ ਦਾ ਇਹ ਗੋਰਖਧੰਦਾ ਲੰਮੇ ਸਮੇਂ ਤੋਂ ਚੱਲ ਰਿਹਾ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਟੇਟ ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ ਵਿੱਚ ਅਸਿਸਟੈਂਟ ਸਬ-ਸਟੇਸ਼ਨ ਅਟੈਂਡੈਂਟ (ASSA) ਦੀਆਂ 14 ਦੀਆਂ 14 ਨਿਯੁਕਤੀਆਂ ਰਾਜਸਥਾਨ ਦੇ ਸ੍ਰੀ ਗੰਗਾਨਗਰ ਨਾਲ ਸਬੰਧਤ ਉਮੀਦਵਾਰਾਂ ਨੂੰ ਮਿਲਣਾ ਵੀ ਗੰਭੀਰ ਸ਼ੱਕ ਪੈਦਾ ਕਰਦਾ ਹੈ। ਸਰਕਾਰ ਦੱਸੇ ਕਿ ਕੀ ਇਹ ਸਿਰਫ਼ ਇਤਫ਼ਾਕ ਹੈ ਜਾਂ ਭਰਤੀ ਪ੍ਰਣਾਲੀ ਵਿੱਚ ਕਿਸੇ ਵੱਡੇ ਰੈਕਟ ਦੀ ਮੌਜੂਦਗੀ ਦਾ ਸੰਕੇਤ ? ਇਸ ਮਾਮਲੇ ਦੀ ਵੀ ਸੁਤੰਤਰ ਜਾਂਚ ਹੋਣੀ ਚਾਹੀਦੀ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਪੰਜਾਬ ਦੇ ਸਰਕਾਰੀ ਅਦਾਰੇ ਪੰਜਾਬ ਦੇ ਲੋਕਾਂ ਦੇ ਟੈਕਸ ਨਾਲ ਚੱਲਦੇ ਹਨ। ਪੰਜਾਬ ਦੇ ਨੌਜਵਾਨਾਂ ਨੂੰ ਪਾਰਦਰਸ਼ੀ ਅਤੇ ਯੋਗਤਾ-ਆਧਾਰਿਤ ਭਰਤੀ ਦਾ ਹੱਕ ਹੈ। ਜੇ ਸਰਕਾਰ ਇਹ ਹੱਕ ਵੀ ਸੁਰੱਖਿਅਤ ਨਹੀਂ ਕਰ ਸਕਦੀ ਤਾਂ ਉਸ ਨੂੰ ਨੈਤਿਕ ਤੌਰ 'ਤੇ ਸੱਤਾ ਵਿੱਚ ਬਣੇ ਰਹਿਣ ਦਾ ਕੋਈ ਅਧਿਕਾਰ ਨਹੀਂ।

ਉਨ੍ਹਾਂ ਕਿਹਾ ਕਿ ਇੱਕ ਪਾਸੇ ਪੰਜਾਬ ਦੇ ਨੌਜਵਾਨ ਰੁਜ਼ਗਾਰ ਮੰਗਣ ਲਈ ਸੜਕਾਂ 'ਤੇ ਆਉਂਦੇ ਹਨ ਤਾਂ ਉਨ੍ਹਾਂ 'ਤੇ ਲਾਠੀਆਂ ਵਰਸਾਈਆਂ ਜਾਂਦੀਆਂ ਹਨ, ਕਿਸਾਨਾਂ, ਮੁਲਾਜ਼ਮਾਂ ਅਤੇ ਬੇਰੁਜ਼ਗਾਰਾਂ ਨੂੰ ਜੇਲ੍ਹਾਂ ਵਿੱਚ ਸੁੱਟਿਆ ਜਾਂਦਾ ਹੈ; ਦੂਜੇ ਪਾਸੇ ਸਰਕਾਰੀ ਭਰਤੀਆਂ ਵਿੱਚ ਨਕਲ ਅਤੇ ਗੜਬੜੀਆਂ ਦੇ ਦੋਸ਼ ਸਾਹਮਣੇ ਆ ਰਹੇ ਹਨ। ਇਹ "ਰੁਜ਼ਗਾਰ ਕ੍ਰਾਂਤੀ" ਨਹੀਂ, ਸਗੋਂ ਪੰਜਾਬ ਦੇ ਨੌਜਵਾਨਾਂ ਦੇ ਭਵਿੱਖ ਨਾਲ ਨਿਰਦਈ ਖਿਲਵਾੜ ਹੈ।

> ☛ ਫਾਰਮੇਸੀ ਅਫ਼ਸਰ ਭਰਤੀ ਪ੍ਰੀਖਿਆ ਵਿੱਚ ਨਕਲ ਕਾਂਡ ਨੇ ਆਪ ਸਰਕਾਰ ਦੀ ਪਾਰਦਰਸ਼ੀ ਭਰਤੀ ਦੇ ਦਾਅਵਿਆਂ ਦੀ ਕੱਢੀ ਫ਼ੂਕ । ☛ ਜੇ ਨੈਤਿਕਤਾ ਇੱਕੋ ਜਿਹੀ ਹੈ ਤਾਂ ਭਗਵੰਤ ਮਾਨ ਵੀ ਜ਼ਿੰਮੇਵਾਰੀ ਕਬੂਲ ਕਰਨ ਪੰਜਾਬ ਦੇ ਨੌਜਵਾਨਾਂ ਦੇ ਭਵਿੱਖ ਨਾਲ ਖੇਡਣ ਵਾਲਿਆਂ ਨੂੰ ਕਿਸੇ ਕੀਮਤ 'ਤੇ ਬਖ਼ਸ਼ਿਆ ਨਾ ਜਾਵੇ

ਉਨ੍ਹਾਂ ਕਿਹਾ ਕਿ ਭਾਜਪਾ ਇਸ ਪੂਰੇ ਮਾਮਲੇ ਦੀ ਉੱਚ ਪੱਧਰੀ, ਸਮਾਂਬੱਧ ਅਤੇ ਨਿਰਪੱਖ ਜਾਂਚ ਦੀ ਮੰਗ ਕਰਦੀ ਹੈ ਤਾਂ ਜੋ ਨਕਲ ਮਾਫ਼ੀਆ, ਉਸ ਦੇ ਸਿਆਸੀ ਸਰਪ੍ਰਸਤਾਂ ਅਤੇ ਭਰਤੀ ਪ੍ਰਕਿਰਿਆ ਨੂੰ ਦੂਸ਼ਿਤ ਕਰਨ ਵਾਲੇ ਹਰ ਵਿਅਕਤੀ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆਂਦਾ ਜਾ ਸਕੇ।

÷ਨੀਤ ਦੇ ਨਾਂ 'ਤੇ ਦਿੱਲੀ ਵਿੱਚ ਰਾਜਨੀਤੀ ਕਰਨ ਵਾਲੇ ਪਹਿਲਾਂ ਪੰਜਾਬ ਦੇ ਨੌਜਵਾਨਾਂ ਨਾਲ ਹੋਏ ਧੋਖੇ ਦਾ ਜਵਾਬ ਦੇਣ। ਨੈਤਿਕਤਾ ਚੋਣਵੇਂ ਮੌਕਿਆਂ ਲਈ ਨਹੀਂ ਹੁੰਦੀ। ਜੇ ਇੱਕ ਮਾਪਦੰਡ ਦੂਜਿਆਂ ਲਈ ਹੈ ਤਾਂ ਉਹੀ ਮਾਪਦੰਡ ਆਪਣੇ ਉੱਤੇ ਵੀ ਲਾਗੂ ਕਰਨਾ ਪਵੇਗਾ।"

## ਦਿੱਲੀ ਦੇ ਵਿਦਿਆਰਥੀਆਂ 'ਤੇ ਤਸ਼ੱਦਦ ਢਾਹੁਣ ਖਿਲਾਫ

# ਬੀਕੇਯੂ ਉਗਰਾਹਾਂ ਨੇ ਕੇਂਦਰ ਸਰਕਾਰ ਦਾ ਸਾੜਿਆ ਪੁਤਲਾ






**ਤਲਵੰਡੀ ਸਾਬੋ, 21 ਜੁਲਾਈ (ਗੁਰਜੰਟ ਸਿੰਘ ਨਥੇਹਾ)**-ਦਿੱਲੀ 'ਚ ਵਿਦਿਆਰਥੀਆਂ ਤੇ ਨੌਜਵਾਨਾਂ 'ਤੇ ਜਬਰ ਤਸ਼ੱਦਦ ਢਾਹੁਣ ਵਿਰੁੱਧ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਕੇਂਦਰ ਦੀ ਮੋਦੀ ਸਰਕਾਰ ਦੀਆਂ ਅਰਥੀਆਂ ਸਾੜਨ ਦੇ ਦਿੱਤੇ ਸੱਦੇ ਤਹਿਤ ਅੱਜ ਤਲਵੰਡੀ ਸਾਬੋ ਵਿਖੇ ਕੇਂਦਰ ਸਰਕਾਰ ਦੀ ਅਰਥੀ ਸਾੜੀ ਗਈ। ਜ਼ਿਲ੍ਹਾ ਬਠਿੰਡਾ ਦੇ ਆਗੂ ਜਗਦੇਵ ਸਿੰਘ ਜੋਗੇਵਾਲਾ ਤੇ ਬਲਾਕ ਜਨਰਲ ਸਕੱਤਰ ਕਾਲਾ ਚੱਠੇਵਾਲਾ ਨੇ ਦੱਸਿਆ ਕਿ ਕੇਂਦਰ ਦੀ ਮੋਦੀ ਸਰਕਾਰ ਅਤੇ ਰਾਜਾਂ ਦੀਆਂ ਵੱਖ-ਵੱਖ ਸਰਕਾਰਾਂ ਵੱਲੋਂ ਲੋਕਾਂ ਤੇ ਜਬਰ ਢਾਹ ਕੇ ਉਹਨਾਂ ਦੀ ਹੱਕ ਸੱਚ ਦੀ ਆਵਾਜ਼ ਨੂੰ ਦਬਾਉਣ ਦੀ ਕੀਤੀ ਕੋਸ਼ਿਸ਼ ਕੀਤੀ ਜਾ ਰਹੀ ਹੈ ਅਤੇ ਜਾਇਜ਼ ਮੰਗਾਂ ਨੂੰ ਅਣਗੌਲਿਆਂ ਕੀਤਾ ਜਾ ਰਿਹਾ ਹੈ। ਦਿੱਲੀ 'ਚ ਵਿਦਿਆਰਥੀਆਂ ਤੇ ਨੌਜਵਾਨਾਂ ਦਾ ਪ੍ਰਗਟ ਹੋਇਆ ਜ਼ੋਰਦਾਰ ਰੋਹ ਨੌਜਵਾਨਾਂ ਅੰਦਰ ਜਮਾ ਹੋ ਚੁੱਕੇ ਰੋਸ ਤੇ ਬੇਚੈਨੀ ਦਾ ਸਿੱਧਾ ਇਜ਼ਹਾਰ ਹੈ। ਪ੍ਰੀਖਿਆ ਪ੍ਰਣਾਲੀ ਦੇ ਘੁਟਾਲਿਆਂ ਤੋਂ ਲੈ ਕੇ ਅੰਤਾਂ ਦੀ ਮਹਿੰਗੀ ਸਿੱਖਿਆ ਤੇ ਮਗਰੋਂ ਬੇਰੁਜ਼ਗਾਰੀ ਦੇ ਸੰਤਾਪ ਹੰਢਾਉਂਦੇ ਨੌਜਵਾਨਾਂ ਦੀ ਪੀੜ ਸੁਣਨ ਦੀ ਬਜਾਏ ਮੋਦੀ ਸਰਕਾਰ ਇਸ ਆਵਾਜ਼ ਨੂੰ ਜਬਰ ਨਾਲ ਕੁਚਲਣ ਦਾ ਭਰਮ ਪਾਲ਼ ਰਹੀ ਹੈ। ਵਿਦਿਆਰਥੀਆਂ ਦੀ ਆਵਾਜ਼ ਨੂੰ ਅਣਸੁਣਿਆ ਕੀਤਾ ਗਿਆ ਹੈ। ਦਿੱਲੀ ਤੇ ਆਲੇ ਦੁਆਲੇ ਦੇ ਰਾਜਾਂ ਤੋਂ ਹਜ਼ਾਰਾਂ ਦੀ ਗਿਣਤੀ ਚ ਪਹੁੰਚੇ ਨੌਜਵਾਨਾਂ ਨੂੰ ਬੁਰੀ ਤਰ੍ਹਾਂ ਕੁੱਟਿਆ ਮਾਰਿਆ ਤੇ ਘੜੀਸਿਆ ਗਿਆ ਹੈ। ਮੋਦੀ ਸਰਕਾਰ ਦਾ ਇਹ ਵਿਹਾਰ ਬਰਦਾਸ਼ਤ ਕਰਨ ਯੋਗ ਨਹੀਂ ਹੈ। ਅੱਜ ਦੇ ਇਕੱਠ ਵਿੱਚ ਬੁਲਾਰਿਆਂ ਵੱਲੋਂ ਚੰਡੀਗੜ੍ਹ ਪ੍ਰਸ਼ਾਸਨ ਵੱਲੋਂ ਪੰਜਾਬ ਯੂਨੀਵਰਸਿਟੀ ਦੇ ਵਿਦਿਆਰਥੀਆਂ ਤੇ ਕੀਤੇ ਜਬਰ ਅਤੇ ਪੰਜਾਬ ਸਰਕਾਰ ਵੱਲੋਂ ਮਨਰੇਗਾ ਕਰਮਚਾਰੀਆਂ ਤੇ ਕੀਤੇ ਜਬਰ ਦੀ ਵੀ ਜ਼ੋਰਦਾਰ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ ਅਤੇ ਐਸ ਕੇ ਐਮ ਦੇ ਸੱਦੇ ਤਹਿਤ ਕੱਲ੍ਹ 22 ਜੁਲਾਈ ਨੂੰ ਕੀਤੇ ਜਾ ਰਹੇ ਟੋਲ ਪਲਾਜਿਆਂ ਦੇ ਇਕੱਠਾਂ ਵਿੱਚ ਵੱਧ ਤੋਂ ਵੱਧ ਪਰਿਵਾਰਾਂ ਸਮੇਤ ਪਹੁੰਚਣ ਦਾ ਸੱਦਾ ਦਿੱਤਾ।

# ਅਖੰਡ ਕੀਰਤਨੀ ਜਥੇ ਦੀਆਂ 31 ਮੈਂਬਰੀ ਤੇ 5 ਮੈਂਬਰੀ ਕਮੇਟੀਆਂ ਭੰਗ, ਸਮੂਹ ਕਮੇਟੀਆਂ ਅਤੇ ਅਹੁਦੇ ਵੀ ਖਤਮ ਕਰਨ ਦੀ ਅਪੀਲ

ਨਵੀਂ ਦਿੱਲੀ 21 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਸ਼ਿਮਲਾ ਸਮਾਗਮ ਦੌਰਾਨ ਗੁਰੂ ਸਰੂਪ ਪੰਚਾਂ ਵੱਲੋਂ ਦਿੱਤੇ ਗਏ ਹੁਕਮ ਨੂੰ ਸਿਰ ਮੱਥੇ ਮੰਨਦਿਆਂ ਅਖੰਡ ਕੀਰਤਨੀ ਜਥੇ ਦੀ 31 ਮੈਂਬਰੀ ਅਤੇ 5 ਮੈਂਬਰੀ ਕਮੇਟੀ ਨੇ ਸਰਬਸੰਮਤੀ ਨਾਲ ਆਪਣੇ ਆਪ ਨੂੰ ਤੁਰੰਤ ਪ੍ਰਭਾਵ ਨਾਲ ਸਮਾਪਤ ਕਰਨ ਦਾ ਐਲਾਨ ਕਰ ਦਿੱਤਾ ਹੈ। ਇਸ ਸੰਬੰਧੀ ਜੱਥੇ ਦੇ ਦਫ਼ਤਰੀ ਇੰਚਾਰਜ ਭਾਈ ਇੰਦਰਪਾਲ ਸਿੰਘ ਵੱਲੋਂ ਜਾਰੀ ਬਿਆਨ ਵਿੱਚ ਦੱਸਿਆ ਗਿਆ ਕਿ ਇਹ ਫ਼ੈਸਲਾ ਸ਼ਿਮਲਾ ਸਮਾਗਮ ਵਿੱਚ ਹੋਏ ਗੁਰਮਤਿ ਅਨੁਸਾਰ ਲਿਆ ਗਿਆ ਹੈ। ਜਾਰੀ ਕੀਤੇ ਬਿਆਨ ਵਿੱਚ ਕਿਹਾ ਗਿਆ ਹੈ ਕਿ ਇਸ ਦੇ ਨਾਲ ਹੀ ਭਾਰਤ ਅਤੇ ਵਿਸ਼ਵ ਭਰ ਵਿੱਚ ਅਖੰਡ ਕੀਰਤਨੀ ਜਥੇ ਅਧੀਨ ਕੰਮ ਕਰ ਰਹੀਆਂ ਸਮੂਹ ਸਥਾਨਕ, ਖੇਤਰੀ, ਰਜਿਸਟਰਡ, ਗੈਰ-ਰਜਿਸਟਰਡ ਕਮੇਟੀਆਂ, ਟਰੱਸਟ ਅਧੀਨ ਬਣੀਆਂ ਕਮੇਟੀਆਂ ਅਤੇ ਜਥੇਦਾਰਾਂ ਨੂੰ ਵੀ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਸ਼ਿਮਲਾ ਸਮਾਗਮ ਵਿੱਚ ਗੁਰੂ ਸਰੂਪ ਪੰਚਾਂ ਵੱਲੋਂ ਹੋਏ ਹੁਕਮ ਨੂੰ ਕਮਾਉਂਦਿਆਂ ਆਪਣੇ ਸਾਰੇ ਅਹੁਦੇ ਅਤੇ ਕਮੇਟੀਆਂ ਖਤਮ ਕਰਕੇ ਗੁਰੂ ਦੀ ਸੰਗਤ ਦੇ ਰੂਪ ਵਿੱਚ ਇਕਜੁੱਟ ਹੋ ਕੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਜਥੇ ਦੀਆਂ ਸੇਵਾਵਾਂ ਨਿਭਾਉਣ। ਬਿਆਨ ਵਿੱਚ ਇਹ ਵੀ ਸਪੱਸ਼ਟ ਕੀਤਾ ਗਿਆ ਹੈ ਕਿ 31 ਮੈਂਬਰੀ ਕਮੇਟੀ ਦਾ ਕੋਈ ਵੀ ਮੈਂਬਰ ਜੇਕਰ ਕਿਸੇ ਹੋਰ ਕਮੇਟੀ ਜਾਂ ਅਹੁਦੇ 'ਤੇ ਸੇਵਾ ਨਿਭਾ ਰਿਹਾ ਹੈ ਤਾਂ ਉਹ ਵੀ ਤੁਰੰਤ ਪ੍ਰਭਾਵ ਨਾਲ ਉਸ ਸੇਵਾ ਤੋਂ ਮੁਕਤ ਮੰਨਿਆ ਜਾਵੇਗਾ। ਜਾਰੀ ਬਿਆਨ ਵਿੱਚ ਸੰਗਤ ਨੂੰ ਆਪਸੀ ਮਤਭੇਦ ਭੁਲਾ ਕੇ ਨਿਮਰਤਾ, ਪ੍ਰੇਮ, ਏਕਤਾ ਅਤੇ ਗੁਰਮਤਿ ਦੀ ਭਾਵਨਾ ਨਾਲ ਜਥੇ ਦੀ ਚੜ੍ਹਦੀ ਕਲਾ ਲਈ ਮਿਲਜੁਲ ਕੇ ਸੇਵਾ ਕਰਨ ਦੀ ਅਪੀਲ ਕੀਤੀ ਗਈ ਹੈ। ਬਿਆਨ ਦਾ ਸਮਾਪਨ "ਹੁਕਮ ਗੁਰੂ ਦਾ, ਫ਼ਤਹਿ ਗੁਰੂ ਦੀ" ਦੇ ਸੰਦੇਸ਼ ਨਾਲ ਕੀਤਾ ਗਿਆ। ਇਹ ਬਿਆਨ ਸਮੂਹ ਵਿਸ਼ਵ ਵਿਆਪੀ 31 ਮੈਂਬਰਾਂ ਵੱਲੋਂ ਜਾਰੀ ਕੀਤਾ ਗਿਆ ਹੈ, ਜਿਨ੍ਹਾਂ ਵਿੱਚ ਅਵਤਾਰ ਸਿੰਘ ਮੱਲੀਆਂ (ਸ੍ਰੀ ਅੰਮ੍ਰਿਤਸਰ) ਬਲਵਿੰਦਰ ਸਿੰਘ ਮੱਲੀਆਂ ( ਸ੍ਰੀ ਅੰਮ੍ਰਿਤਸਰ), ਹਰਦੀਪ ਸਿੰਘ ਮੱਲੀਆਂ ( ਸ੍ਰੀ ਅੰਮ੍ਰਿਤਸਰ) ਸੁਖਦੇਵ ਸਿੰਘ ਮੱਲੀਆਂ ( ਸ੍ਰੀ ਅੰਮ੍ਰਿਤਸਰ ) ਧਨਵੰਤ ਸਿੰਘ ( ਸ੍ਰੀ ਅੰਮ੍ਰਿਤਸਰ ) ਰਵਿੰਦਰ ਸਿੰਘ ਖੰਡੇਵਾਲੇ (ਲੁਧਿਆਣਾ) ਗੁਰਚਰਨ ਸਿੰਘ ਉੱਚੀ ਮੰਗਲੀ ( ਲੁਧਿਆਣਾ ) ਸੁਖਰਾਜ ਸਿੰਘ (ਬਟਾਲਾ ) ਅਮਨਦੀਪ ਸਿੰਘ ( ਸਿਰਸਾ ) ਕਮਲਜੀਤ ਸਿੰਘ (ਪਠਾਨਕੋਟ) ਦਵਿੰਦਰ ਸਿੰਘ ( ਜੰਮੂ ) ਇੰਦਰਪਾਲ ਸਿੰਘ ( ਜਲੰਧਰ ) ਬਲਜੀਤ ਸਿੰਘ (ਜਲੰਧਰ) ਅਮਰਜੀਤ ਸਿੰਘ ਅਲੂਣਾ (ਫ਼ਤਹਿਗੜ੍ਹ ਸਾਹਿਬ) ਹਰਜੀਤ ਸਿੰਘ (ਖੰਨਾ ) ਅਮਰੀਕ ਸਿੰਘ (ਬਠਿੰਡਾ ) ਅਰਵਿੰਦਰ ਸਿੰਘ ਰਾਜਾ ( ਦਿੱਲੀ ) ਹਰਜਿੰਦਰ ਸਿੰਘ ( ਦਿੱਲੀ ) ਅਰੁਨਪਾਲ ਸਿੰਘ ( ਦਿੱਲੀ ) ਸਮੇਤ ਹੋਰ ਮੈਂਬਰ ਸ਼ਾਮਲ ਹਨ।

# ਸੋਸਲ ਮੀਡੀਆ ਤੇ 200 ਕਰੋੜ ਦੀ ਹੈਰੋਇਨ ਦੀ ਝੂਠੀ ਖਬਰ ਫੈਲਾਉਣ ਵਾਲਿਆਂ ਦੇ ਖਿਲਾਫ ਕੀਤੀ ਜਾਵੇਗੀ ਸਖਤ ਕਾਰਵਾਈ ਡੀਐਸਪੀ ਬਲਜੀਤ ਸਿੰਘ




**ਜੰਡਿਆਲਾ ਗੁਰੂ, 21 ਜੁਲਾਈ ( ਕੁਲਵੰਤ ਸਿੰਘ ਵਿਰਦੀ )** - ਬੀਤੇ ਦੋ ਚਾਰ ਦਿਨ ਤੋਂ ਜੰਡਿਆਲਾ ਸ਼ਹਿਰ ਵਿੱਚ ਇੱਕ ਫੇਸਬੁੱਕ ਤੇ ਪਈ ਪੋਸਟ ਕਾਫੀ ਚਰਚਾ ਦਾ ਵਿਸ਼ਾ ਬਣੀ ਹੋਈ ਸੀ ਕਿ ਆਖਰ ਜੰਡਿਆਲਾ ਗੁਰੂ 200 ਕਰੋੜ ਰੁਪਏ ਦੀ ਹੀਰੋਇਨ ਕਿੱਥੋਂ ਫੜੀ ਗਈ ਹੈ ਇਹ ਪੋਸਟ ਫੇਸਬੁਕ ਤੇ "ਵੋਇਸ ਆਫ ਜੰਡਿਆਲਾ ਗੁਰੂ" ਨਾਮ ਦੀ ਆਈਡੀ ਤੋਂ ਪਾਈ ਗਈ ਸੀ ਜਿਸ ਤੋਂ ਬਾਅਦ ਚਰਚਾਵਾਂ ਦਾ ਬਾਜ਼ਾਰ ਗਰਮ ਹੋ ਗਿਆ । ਇਹ ਖਬਰ ਜਦ ਅੱਗ ਦੀ ਤਰਾਂ ਫੈਲ ਗਈ ਅਤੇ ਪੁਲਿਸ ਵਿਭਾਗ ਤਕ ਪਹੁੰਚੀ ਤਾਂ ਇਸ ਸਬੰਧੀ ਡੀਐਸਪੀ ਥਾਣਾ ਜੰਡਿਆਲਾ ਗੁਰੂ ਸ੍ਰ ਬਲਜੀਤ ਸਿੰਘ ਨੇ ਇਸ ਪੋਸਟ ਸਬੰਧੀ ਬਿਆਨ ਦਿੰਦੇ ਹੋਏ ਕਿਹਾ ਕਿ ਇਹ ਜੋ ਫੇਸਬੁਕ ਤੇ ਪੋਸਟ ਪਾਈ ਗਈ ਹੈ ਉਹ ਸਰਾਸਰ ਝੂਠੀ ਹੈ ਅਤੇ ਨਾ ਹੀ ਆਏ ਦਿਨਾਂ ਵਿੱਚ ਜੰਡਿਆਲਾ ਗੁਰੂ ਤੋਂ ਅਜਿਹੀ ਕੋਈ ਵੱਡੀ ਖੇਪ ਫੜੀ ਗਈ ਹੈ । ਉਹਨਾਂ ਨੇ ਕਿਹਾ ਕਿ ਜਦੋਂ ਅਜਿਹੀ ਕੋਈ ਕਾਰਵਾਈ ਹੁੰਦੀ ਹੈ ਤਾਂ ਮੀਡੀਆ ਰਾਹੀਂ ਸਾਰੀ ਜਾਣਕਾਰੀ ਜਨਤਾ ਤੱਕ ਪਹੁੰਚਾ ਦਿੱਤੀ ਜਾਂਦੀ ਹੈ । ਉਹਨਾਂ ਨੇ ਕਿਹਾ ਕਿ ਅਜਿਹੀਆਂ ਝੂਠੀਆ ਖਬਰਾਂ ਫੈਲਾਉਣ ਵਾਲਿਆਂ ਦੇ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ ਅਤੇ ਇਥੇ ਬਾਬਤ ਪੁਲਿਸ ਸਟੇਸ਼ਨ ਜਡਿਆਲਾ ਗੁਰੂ ਵਿੱਚ ਵੋਇਸ ਆਫ ਜੰਡਿਆਲਾ ਗੁਰੂ ਨਾਮ ਦੀ ਫੇਸਬੁਕ ਆਈਡੀ ਚਲਾਉਣ ਵਾਲੇ ਅਨਪਛਾਤੇ ਵਿਅਕਤੀ ਦੇ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਸਾਈਬਰ ਸੈਲ ਦੀਆਂ ਤਕਨੀਕਾਂ ਰਾਹੀਂ ਇਸ ਵਿਅਕਤੀ ਨੂੰ ਜਲਦੀ ਹੀ ਗਿਰਫਤਾਰ ਕਰ ਲਿਆ ਜਾਵੇਗਾ।

# ਇਕਬਾਲ ਸਿੰਘ ਝੂੰਦਾਂ ਜਥੇਬੰਦੀ ਦੀ ਮੁੱਢਲੀ ਮੈਂਬਰਸ਼ਿਪ ਤੋਂ ਛੇ ਸਾਲਾਂ ਲਈ ਖਾਰਿਜ- ਸ ਗੁਰਪ੍ਰਤਾਪ ਸਿੰਘ ਵਡਾਲਾ



**ਚੰਡੀਗੜ੍ਹ, 21 ਜੁਲਾਈ (ਆਵਾਜ਼ਿ ਕੌਮ ਬਿਊਰੋ)** -ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਕੱਤਰ ਜਨਰਲ ਸ ਗੁਰਪ੍ਰਤਾਪ ਸਿੰਘ ਵਡਾਲਾ ਨੇ ਇਕ ਲਿਖਤੀ ਪ੍ਰੈੱਸ ਬਿਆਨ ਰਾਹੀਂ ਦੱਸਿਆ ਕਿ ਅਨੁਸ਼ਾਸਨੀ ਕਮੇਟੀ ਦੀ ਸਿਫਾਰਸ਼ 'ਤੇ ਪਾਰਟੀ ਵਿਰੋਧੀ ਗਤੀਵਿਧੀਆਂ ਕਾਰਨ ਸ ਇਕਬਾਲ ਸਿੰਘ ਝੂੰਦਾਂ ਨੂੰ ਜਥੇਬੰਦੀ ਦੀ ਮੁੱਢਲੀ ਮੈਂਬਰਸ਼ਿਪ ਤੋਂ ਛੇ ਸਾਲਾਂ ਲਈ ਖਾਰਿਜ ਕਰ ਦਿੱਤਾ ਗਿਆ ਹੈ। ਸ ਵਡਾਲਾ ਨੇ ਦੱਸਿਆ ਕਿ ਪਾਰਟੀ ਅਨੁਸ਼ਾਸਨ ਦੇ ਵਿਰੁੱਧ ਜਾਂਦਿਆਂ ਪਹਿਲਾਂ ਵੀ ਸ ਝੂੰਦਾਂ ਨੇ ਆਪਣੇ ਤੌਰ 'ਤੇ ਦੋ ਮੀਟਿੰਗਾਂ ਕੀਤੀਆਂ ਸਨ ਜਿੰਨਾਂ ਵਿੱਚ ਹੋਰਨਾਂ ਆਗੂਆਂ ਅਤੇ ਵਰਕਰਾਂ ਨੂੰ ਗੁੰਮਰਾਹ ਕਰਕੇ ਫੁੱਟ ਪਾਉਣ ਦੀ ਕੋਸ਼ਿਸ਼ ਕੀਤੀ ਗਈ ਸੀ। ਹੁਣ ਵੀ ਉਹਨਾਂ ਨੇ ਪ੍ਰੈੱਸ ਕਾਨਫਰੰਸ ਕਰਕੇ ਦੂਜੀਆਂ ਪਾਰਟੀਆਂ ਨਾਲ ਮਿਲ ਕੇ ਚੱਲਣ ਦਾ ਐਲਾਨ ਕੀਤਾ ਹੈ, ਜਦਕਿ ਜਥੇਬੰਦੀ ਵੱਲੋਂ ਪਹਿਲਾਂ ਹੀ ਦੂਜੀਆਂ ਪੰਥਕ ਧਿਰਾਂ ਨਾਲ ਏਕਤਾ ਕਰਨ ਲਈ ਇਕ ਤਾਲਮੇਲ ਕਮੇਟੀ ਬਣਾਈ ਹੋਈ ਹੈ ਜੋ ਆਪਣਾ ਕੰਮ ਬਹੁਤ ਸੁਚੱਜੇ ਢੰਗ ਨਾਲ ਕਰ ਰਹੀ ਹੈ। ਸ ਝੂੰਦਾਂ ਨੇ ਏਕਤਾ ਦਾ ਇਹ ਐਲਾਨ ਉਸ ਤਾਲਮੇਲ ਕਮੇਟੀ ਤੋਂ ਬਾਹਰੇ ਹੋ ਕੇ ਕੀਤਾ ਹੈ, ਜਿਸ ਨਾਲ ਜਥੇਬੰਦੀ ਦੇ ਅਨੁਸ਼ਾਸਨ ਅਤੇ ਪੰਥਕ ਏਕਤਾ ਦੇ ਯਤਨਾਂ ਨੂੰ ਵੱਡੀ ਢਾਹ ਲੱਗੀ ਹੈ। ਉਹਨਾਂ ਦੇ ਇਸ ਆਪਹੁਦਰੇਪਣ ਦਾ ਨੋਟਿਸ ਲੈਂਦਿਆਂ ਅਨੁਸ਼ਾਸਨੀ ਕਮੇਟੀ ਨੇ ਪ੍ਰਧਾਨ ਸ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਹੇਠ ਇਕ ਵਰਚੁਅਲ ਮੀਟਿੰਗ ਕਰਕੇ ਸਿਫਾਰਸ਼ ਕੀਤੀ ਸੀ ਕਿ ਸ ਝੂੰਦਾਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ। ਸ ਵਡਾਲਾ ਨੇ ਕਿਹਾ ਕਿ ਅਨੁਸ਼ਾਸਨੀ ਕਮੇਟੀ ਦੀ ਸਿਫਾਰਸ਼ 'ਤੇ ਸ ਇਕਬਾਲ ਸਿੰਘ ਝੂੰਦਾਂ ਨੂੰ ਪਾਰਟੀ ਦੀ ਮੁੱਢਲੀ ਮੈਂਬਰਸ਼ਿਪ ਤੋਂ ਖਾਰਿਜ ਕਰ ਦਿੱਤਾ ਗਿਆ ਹੈ। ਇਹ ਹੁਕਮ ਤੁਰੰਤ ਪ੍ਰਭਾਵ ਨਾਲ ਲਾਗੂ ਸਮਝੇ ਜਾਣ।

### ਕਾਕਰੋਚ ਅੰਦੋਲਨ ਹਿੰਸਾ ਦੌਰਾਨ

# ਮਨੁੱਖਤਾ ਦਾ ਪ੍ਰਤੀਕ ਬਣਿਆ ਗੁਰਦੁਆਰਾ ਬੰਗਲਾ ਸਾਹਿਬ



ਨਵੀਂ ਦਿੱਲੀ, 21 ਜੁਲਾਈ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਵਿੱਚ ਸੋਮਵਾਰ ਨੂੰ ਕਾਕਰੋਚ ਜਨਤਾ ਪਾਰਟੀ (ਸੀਜੇਪੀ) ਦੇ ਪ੍ਰਦਰਸ਼ਨਕਾਰੀਆਂ ਅਤੇ ਪੁਲਿਸ ਵਿਚਾਲੇ ਹੋਈਆਂ ਝੜਪਾਂ ਨੇ ਰਾਜਧਾਨੀ ਨੂੰ ਘੰਟਿਆਂ ਤੱਕ ਤਣਾਅ, ਅੱਥਰੂ ਗੈਸ ਅਤੇ ਭਗਦੜ ਦੇ ਮਾਹੌਲ ਵਿੱਚ ਧੱਕ ਦਿੱਤਾ। ਪਰ ਇਸ ਅਫ਼ਰਾਤਫ਼ਰੀ ਵਿਚਕਾਰ ਗੁਰਦੁਆਰਾ ਬੰਗਲਾ ਸਾਹਿਬ ਇੱਕ ਵਾਰ ਫਿਰ ਮਨੁੱਖਤਾ, ਸੇਵਾ ਅਤੇ ਨਿਰਭੈ ਆਸਰੇ ਦੀ ਮਿਸਾਲ ਬਣ ਕੇ ਸਾਹਮਣੇ ਆਇਆ। ਜਦੋਂ ਸੜਕਾਂ ’ਤੇ ਲੋਕ ਆਪਣੀ ਜਾਨ ਬਚਾਉਣ ਲਈ ਸੁਰੱਖਿਅਤ ਥਾਂ ਦੀ ਭਾਲ ਕਰ ਰਹੇ ਸਨ, ਉਸ ਵੇਲੇ ਗੁਰੂ ਘਰ ਨੇ ਬਿਨਾਂ ਕਿਸੇ ਭੇਦਭਾਵ ਦੇ ਹਰ ਲੋੜਵੰਦ ਲਈ ਆਪਣੇ ਦਰਵਾਜ਼ੇ ਖੁੱਲ੍ਹੇ ਰੱਖੇ। ਇਸ ਦੌਰਾਨ ਕੁਝ ਵਿਦਿਆਰਥੀਆਂ ਨੇ ਦੋਸ਼ ਲਗਾਇਆ ਕਿ ਜਦੋਂ ਉਹ ਪੁਲਿਸ ਕਾਰਵਾਈ ਤੋਂ ਬਚਣ ਲਈ ਨੇੜਲੇ ਹਨੂਮਾਨ ਮੰਦਰ ਵਿੱਚ ਪਨਾਹ ਲੈਣ ਪਹੁੰਚੇ ਤਾਂ ਉੱਥੇ ਦੇ ਪੁਜਾਰੀਆਂ ਨੇ ਮੰਦਰ ਦੇ ਦਰਵਾਜ਼ੇ ਬੰਦ ਕਰ ਦਿੱਤੇ। ਇਸ ਦਾਅਵੇ ਨਾਲ ਸਬੰਧਤ ਕਈ ਵੀਡੀਓ ਸੋਸ਼ਲ ਮੀਡੀਆ ’ਤੇ ਵਾਇਰਲ ਹੋ ਰਹੀਆਂ ਹਨ। ਇਸ ਦੇ ਉਲਟ, ਗੁਰਦੁਆਰਾ ਬੰਗਲਾ ਸਾਹਿਬ ਦੇ ਸੇਵਾਦਾਰਾਂ ਨੇ ਕਿਸੇ ਤੋਂ ਇਹ ਨਹੀਂ ਪੁੱਛਿਆ ਕਿ ਉਹ ਕੌਣ ਹੈ, ਕਿੱਥੋਂ ਆਇਆ ਹੈ ਜਾਂ ਕਿਸ ਵਿਚਾਰਧਾਰਾ ਨਾਲ ਜੁੜਿਆ ਹੈ। ਹਰ ਡਰੇ-ਸਹਿਮੇ ਅਤੇ ਜ਼ਖ਼ਮੀ ਵਿਅਕਤੀ ਨੂੰ ਇੱਕੋ ਜਿਹੀ ਸੁਰੱਖਿਆ, ਸਹਾਰਾ ਅਤੇ ਸੇਵਾ ਪ੍ਰਦਾਨ ਕੀਤੀ ਗਈ। ਸੇਵਾਦਾਰਾਂ ਨੇ ਲੋਕਾਂ ਨੂੰ ਦਿਲਾਸਾ ਦਿੰਦਿਆਂ ਕਿਹਾ, “ਚਿੰਤਾ ਨਾ ਕਰੋ, ਅਸੀਂ ਤੁਹਾਡੇ ਨਾਲ ਹਾਂ। ਗੁਰੂ ਘਰ ਵਿੱਚ ਤੁਸੀਂ ਪੂਰੀ ਤਰ੍ਹਾਂ ਸੁਰੱਖਿਅਤ ਹੋ।”

**ਵਿਦਿਆਰਥੀਆਂ ਦਾ ਦੋਸ਼- ਹਨੂਮਾਨ ਮੰਦਰ ਦੇ ਦਰਵਾਜ਼ੇ ਹੋਏ ਬੰਦ, ਗੁਰੂ ਘਰ ਨੇ ਖੋਲ੍ਹੇ ਸੇਵਾ ਦੇ ਦਰਵਾਜ਼ੇ**

ਆਵਾਜ਼ਿ ਕੌਮ AWAZE QAUM International Newspaper & WEB TV

ਜ਼ਖ਼ਮੀਆਂ ਲਈ ਮੁੱਢਲੀ ਸਹਾਇਤਾ, ਆਰਾਮ ਦੀ ਵਿਵਸਥਾ ਅਤੇ ਲੰਗਰ ਦਾ ਪ੍ਰਬੰਧ ਕੀਤਾ ਗਿਆ, ਜਦਕਿ ਕਈ ਯਾਤਰੀ ਹਾਲਾਤ ਸਧਾਰਨ ਹੋਣ ਤੱਕ ਗੁਰਦੁਆਰਾ ਸਾਹਿਬ ਵਿੱਚ ਹੀ ਟਿਕੇ ਰਹੇ। ਗੁਰਦੁਆਰਾ ਸਾਹਿਬ ਦੇ ਬਾਹਰ, ਖ਼ਾਸ ਕਰਕੇ ਗੇਟ ਨੰਬਰ 2 ਨੇੜੇ, ਸਾਰਾ ਦਿਨ ਤਣਾਅ ਬਣਿਆ ਰਿਹਾ। ਦਿੱਲੀ ਪੁਲਿਸ ਅਨੁਸਾਰ ਪ੍ਰਦਰਸ਼ਨਕਾਰੀਆਂ ਵੱਲੋਂ ਸੜਕਾਂ ਜਾਮ ਕਰਨ ਅਤੇ ਸੁਰੱਖਿਆ ਬਲਾਂ ਦੀ ਆਵਾਜਾਈ ਵਿੱਚ ਰੁਕਾਵਟ ਪਾਉਣ ਕਾਰਨ ਭੀੜ ਨੂੰ ਤਿਤਰ-ਬਿਤਰ ਕਰਨ ਲਈ ਅੱਥਰੂ ਗੈਸ ਦੇ ਗੋਲੇ ਛੱਡਣੇ ਪਏ। ਚਸ਼ਮਦੀਦਾਂ ਦੇ ਮੁਤਾਬਕ ਇਸ ਕਾਰਵਾਈ ਦੌਰਾਨ ਮਚੀ ਭਗਦੜ ਵਿੱਚ ਵੱਡੀ ਗਿਣਤੀ ਵਿੱਚ ਲੋਕ ਆਪਣੀ ਸੁਰੱਖਿਆ ਲਈ ਗੁਰਦੁਆਰਾ ਬੰਗਲਾ ਸਾਹਿਬ ਵੱਲ ਦੌੜੇ। ਮੋਬਾਈਲ ਇੰਟਰਨੈੱਟ ਸੇਵਾਵਾਂ ਪ੍ਰਭਾਵਿਤ ਹੋਣ ਅਤੇ ਐਪ-ਆਧਾਰਿਤ ਟੈਕਸੀ ਸੇਵਾਵਾਂ ਠੱਪ ਹੋਣ ਕਾਰਨ ਵੀ ਕਈ ਲੋਕ ਆਪਣੇ ਟਿਕਾਣਿਆਂ ਤੱਕ ਨਹੀਂ ਪਹੁੰਚ ਸਕੇ ਅਤੇ ਗੁਰੂ ਘਰ ਵਿੱਚ ਹੀ ਰੁਕਣ ਲਈ ਮਜਬੂਰ ਹੋਏ। ਦਿਨ ਦੇ ਅੰਤ ’ਤੇ ਇੱਕ ਤਸਵੀਰ ਸਾਫ਼ ਨਜ਼ਰ ਆਈ—ਬਾਹਰ ਸੜਕਾਂ ’ਤੇ ਧੂੰਆਂ, ਡਰ ਅਤੇ ਅਨਿਸ਼ਚਿਤਤਾ ਸੀ, ਪਰ ਗੁਰਦੁਆਰਾ ਬੰਗਲਾ ਸਾਹਿਬ ਦੇ ਅੰਦਰ ਸੇਵਾ, ਸਹਾਰਾ ਅਤੇ ਮਨੁੱਖਤਾ ਦੀ ਰੌਸ਼ਨੀ ਸੀ। ਸੰਕਟ ਦੀ ਇਸ ਘੜੀ ਵਿੱਚ ਗੁਰੂ ਘਰ ਨੇ ਇੱਕ ਵਾਰ ਫਿਰ ਇਹ ਸੰਦੇਸ਼ ਦਿੱਤਾ ਕਿ ਸਿੱਖੀ ਦੀ ਪਰੰਪਰਾ ਵਿੱਚ ਦਰਵਾਜ਼ੇ ਕਿਸੇ ਧਰਮ, ਜਾਤ ਜਾਂ ਵਿਚਾਰਧਾਰਾ ਲਈ ਨਹੀਂ, ਸਗੋਂ ਹਰ ਲੋੜਵੰਦ ਮਨੁੱਖ ਲਈ ਖੁੱਲ੍ਹੇ ਹੁੰਦੇ ਹਨ।

### ਬੇਅਦਬੀ ਦੇ ਨਾਂ ’ਤੇ ਸਿਆਸਤ ਨਹੀਂ, ਨਿਰਪੱਖ ਇਨਸਾਫ਼ ਕਰੋ

# ਪੰਜਾਬ ਸਭ ਸਮਝ ਚੁੱਕਾ ਹੈ : ਪ੍ਰੋ. ਸਰਚਾਂਦ ਸਿੰਘ ਖਿਆਲਾ

**ਅੰਮ੍ਰਿਤਸਰ, 21 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਭਗਵੰਤ ਮਾਨ ਸਰਕਾਰ ’ਤੇ ਦੋਸ਼ ਲਾਇਆ ਕਿ ਉਸ ਨੇ ਬਰਗਾੜੀ ਬੇਅਦਬੀ ਅਤੇ ਬਹਿਬਲ ਕਲਾਂ ਗੋਲੀਕਾਂਡ ਵਰਗੇ ਸੰਵੇਦਨਸ਼ੀਲ ਮਾਮਲਿਆਂ ਵਿੱਚ ਨਿਰਪੱਖ ਇਨਸਾਫ਼ ਯਕੀਨੀ ਬਣਾਉਣ ਦੀ ਬਜਾਏ ਉਨ੍ਹਾਂ ਨੂੰ ਸਿਆਸੀ ਮੁੱਦਾ ਬਣਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਵਿੱਚ ਰਹਿੰਦਿਆਂ 24 ਘੰਟਿਆਂ ਵਿੱਚ ਇਨਸਾਫ਼ ਦੇਣ ਦਾ ਵਾਅਦਾ ਕਰਨ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਸੱਤਾ ਵਿੱਚ ਸਾਢੇ ਚਾਰ ਸਾਲ ਤੋਂ ਵੱਧ ਸਮਾਂ ਬਿਤਾਉਣ ਦੇ ਬਾਵਜੂਦ ਕੋਈ ਠੋਸ ਨਤੀਜਾ ਨਹੀਂ ਦੇ ਸਕੀ। ਹੁਣ ਜਦੋਂ ਵਿਧਾਨ ਸਭਾ ਚੋਣਾਂ ਨੇੜੇ ਹਨ ਤਾਂ ਜਾਂਚ ਵਿੱਚ ਅਚਾਨਕ ਤੇਜ਼ੀ ਆਉਣਾ ਸਰਕਾਰ ਦੀ ਨੀਅਤ ’ਤੇ ਸਵਾਲ ਖੜ੍ਹੇ ਕਰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV



ਪ੍ਰੋ. ਖਿਆਲਾ ਨੇ ਕਿਹਾ ਕਿ ਪੰਜਾਬ ਦੇ ਲੋਕ ਹੁਣ ਸਿਆਸੀ ਨੈਰੇਟਿਵ ਨਹੀਂ, ਸਗੋਂ ਅਸਲ ਦੋਸ਼ੀਆਂ ਦਾ ਪਰਦਾਫਾਸ਼, ਨਿਰਪੱਖ ਜਾਂਚ ਅਤੇ ਸਮੇਂ ਸਿਰ ਇਨਸਾਫ਼ ਚਾਹੁੰਦੇ ਹਨ।

ਉਨ੍ਹਾਂ ਕਿਹਾ ਕਿ ਭਾਜਪਾ ਨੇ ਹਮੇਸ਼ਾ ਬਰਗਾੜੀ ਬੇਅਦਬੀ ਅਤੇ ਬਹਿਬਲ ਕਲਾਂ ਗੋਲੀਕਾਂਡ ਦੀ ਨਿਰਪੱਖ ਜਾਂਚ ਦੀ ਮੰਗ ਕੀਤੀ ਹੈ ਅਤੇ ਪਾਰਟੀ ਦਾ ਸਪੱਸ਼ਟ ਮਤ ਹੈ ਕਿ ਜੋ ਵੀ ਦੋਸ਼ੀ ਹੋਵੇ, ਭਾਵੇਂ ਉਹ ਕਿੰਨਾ ਵੀ ਪ੍ਰਭਾਵਸ਼ਾਲੀ ਕਿਉਂ ਨਾ ਹੋਵੇ, ਉਸ ਨੂੰ ਕਾਨੂੰਨ ਅਨੁਸਾਰ ਸਖ਼ਤ ਸਜ਼ਾ ਮਿਲਣੀ ਚਾਹੀਦੀ ਹੈ। ਉਨ੍ਹਾਂ ਸਵਾਲ ਕੀਤਾ ਕਿ ਜਦੋਂ ਸੰਬੰਧਿਤ ਪੰਜੇ ਕੇਸ ਫਰੀਦਕੋਟ ਤੋਂ ਚੰਡੀਗੜ੍ਹ ਤਬਦੀਲ ਹੋ ਗਏ ਤਾਂ ਸਰਕਾਰ ਨੇ ਪ੍ਰਭਾਵਸ਼ਾਲੀ ਕਾਨੂੰਨੀ ਯਤਨ ਕਿਉਂ ਨਹੀਂ ਕੀਤੇ। ਉਨ੍ਹਾਂ ਇਹ ਵੀ ਪੁੱਛਿਆ ਕਿ ਜੇ ਜਾਂਚ ਏਜੰਸੀਆਂ ਕੋਲ ਡੇਰਾ ਮੁਖੀ ਦੀ ਕਥਿਤ ਭੂਮਿਕਾ ਬਾਰੇ ਲੋੜੀਂਦੀ ਸਮੱਗਰੀ ਹੈ ਤਾਂ ਉਸ ਤੋਂ ਪੁੱਛਗਿੱਛ ਲਈ ਟਰਾਂਜ਼ਿਟ ਹਿਰਾਸਤ ਲੈਣ ਦੀ ਕੋਸ਼ਿਸ਼ ਕਿਉਂ ਨਹੀਂ ਕੀਤੀ ਗਈ।

ਉਨ੍ਹਾਂ ਕਿਹਾ ਕਿ ਐੱਸਆਈਟੀ ਨੇ ਮਈ 2022 ਵਿੱਚ ਹੀ ਲੋੜੀਂਦੀ ਪ੍ਰਵਾਨਗੀ ਮੰਗ ਲਈ ਸੀ, ਪਰ ਗ੍ਰਹਿ ਵਿਭਾਗ ਨੇ ਲਗਭਗ ਢਾਈ ਸਾਲ ਬਾਅਦ ਮਨਜ਼ੂਰੀ ਦਿੱਤੀ। ਉਨ੍ਹਾਂ ਸਵਾਲ ਕੀਤਾ ਕਿ ਜੇ ਸਰਕਾਰ ਦੀ ਨੀਅਤ ਇਨਸਾਫ਼ ਦਿਵਾਉਣ ਦੀ ਸੀ ਤਾਂ ਇੰਨੀ ਲੰਬੀ ਦੇਰੀ ਕਿਉਂ ਹੋਈ।

29 ਅਪ੍ਰੈਲ 2025 ਨੂੰ ਸੁਪਰੀਮ ਕੋਰਟ ਵਿੱਚ ਹੋਏ ਘਟਨਾਕ੍ਰਮ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਜੇ ਸਰਕਾਰ ਦੀ ਪਹਿਲੀ ਤਰਜੀਹ ਇਨਸਾਫ਼ ਸੀ ਤਾਂ ਟਰਾਇਲ ਕੋਰਟ ਦੀ ਕਾਰਵਾਈ ਰੁਕਣ ਦੀ ਨੌਬਤ ਕਿਉਂ ਆਈ।

**ਸਾਢੇ ਚਾਰ ਸਾਲਾਂ ਬਾਅਦ ਵੀ ਬਰਗਾੜੀ ਬੇਅਦਬੀ ਅਤੇ ਬਹਿਬਲ ਕਲਾਂ ਗੋਲੀਕਾਂਡ ਦੇ ਪੀੜਤਾਂ ਨੂੰ ਇਨਸਾਫ਼ ਨਹੀਂ ਮਿਲਿਆ**

ਉਨ੍ਹਾਂ ਕਿਹਾ ਕਿ ਉਪਲਬਧ ਅੰਕੜਿਆਂ ਮੁਤਾਬਕ 597 ਬੇਅਦਬੀ ਮਾਮਲਿਆਂ ਵਿੱਚੋਂ ਕੇਵਲ 44 ਵਿੱਚ ਸਜ਼ਾ ਹੋਈ, 99 ਵਿੱਚ ਦੋਸ਼ੀ ਬਰੀ ਹੋਏ ਅਤੇ 131 ਕੇਸ ਅਜੇ ਵੀ ਅਦਾਲਤਾਂ ਵਿੱਚ ਲੰਬਿਤ ਹਨ। ਉਨ੍ਹਾਂ ਕਿਹਾ ਕਿ ਇਹ ਅੰਕੜੇ ਸਰਕਾਰ ਦੀ ਕਾਰਗੁਜ਼ਾਰੀ ’ਤੇ ਗੰਭੀਰ ਸਵਾਲ ਖੜ੍ਹੇ ਕਰਦੇ ਹਨ।

ਪ੍ਰੋ. ਖਿਆਲਾ ਨੇ ਦੋਸ਼ ਲਾਇਆ ਕਿ ਨਸ਼ਿਆਂ, ਵਿਗੜਦੀ ਕਾਨੂੰਨ-ਵਿਵਸਥਾ, ਬੇਰੁਜ਼ਗਾਰੀ, ਕਰਜ਼ੇ ਅਤੇ ਹੋਰ ਮੁੱਦਿਆਂ ਤੋਂ ਲੋਕਾਂ ਦਾ ਧਿਆਨ ਹਟਾਉਣ ਲਈ ਬੇਅਦਬੀ ਦੇ ਮਾਮਲੇ ਨੂੰ ਸਿਆਸੀ ਹਥਿਆਰ ਵਜੋਂ ਵਰਤਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਧਾਰਮਿਕ ਭਾਵਨਾਵਾਂ ਨਾਲ ਜੁੜੇ ਮਾਮਲਿਆਂ ਨੂੰ ਚੋਣੀ ਸਿਆਸਤ ਦਾ ਸਾਧਨ ਬਣਾਉਣਾ ਬਹੁਤ ਹੀ ਮੰਦਭਾਗਾ ਹੈ। ਪੰਜਾਬ ਨੂੰ ਸਿਆਸਤ ਨਹੀਂ, ਨਿਰਪੱਖ ਇਨਸਾਫ਼ ਅਤੇ ਅਸਲ ਦੋਸ਼ੀਆਂ ਦਾ ਪਰਦਾਫਾਸ਼ ਚਾਹੀਦਾ ਹੈ।

## ਯੂਪੀਐਸਸੀ ਪ੍ਰੀਖਿਆ ’ਚ ਵਿਦਿਆਰਥੀਆਂ ਦੀ ਸਫਲਤਾ ਲਈ ਅਕਾਲ ਯੂਨੀਵਰਸਿਟੀ ਕੈਂਪਸ ਵਿਖੇ ਪਾਏ ਗਏ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ



ਤਲਵੰਡੀ ਸਾਬੋ, 21 ਜੁਲਾਈ (ਗੁਰਜੰਟ ਸਿੰਘ ਨਥੇਹਾ)- ਅਕਾਲ ਯੂਨੀਵਰਸਿਟੀ ਵਿਖੇ ਯੂਪੀਐਸਸੀ ਪ੍ਰੀਖਿਆ ’ਚ ਵਿਦਿਆਰਥੀਆਂ ਦੀ ਸਫ਼ਲਤਾ ਲਈ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਅਤੇ ਅਰਦਾਸ ਸਮਾਗਮ ਦਾ ਆਯੋਜਨ ਅਕਾਲ ਯੂਨੀਵਰਸਿਟੀ ਵਿਖੇ ਯੂ.ਪੀ.ਐੱਸ.ਸੀ. ਦੀਆਂ ਆਗਾਮੀ ਪ੍ਰੀਖਿਆਵਾਂ ਵਿੱਚ ਬੈਠਣ ਵਾਲੇ ਵਿਦਿਆਰਥੀਆਂ ਦੀ ਚੜ੍ਹਦੀ ਕਲਾ, ਬੌਧਿਕ ਦ੍ਰਿੜ੍ਹਤਾ ਅਤੇ ਚੰਗੇ ਭਵਿੱਖ ਦੀ ਕਾਮਨਾ ਨੂੰ ਮੁੱਖ ਰੱਖਦਿਆਂ ਇੱਕ ਵਿਸ਼ੇਸ਼ ਰੂਹਾਨੀ ਸਮਾਗਮ ਦਾ ਆਯੋਜਨ ਕੀਤਾ ਗਿਆ। ਯੂਨੀਵਰਸਿਟੀ ਕੈਂਪਸ ਸਥਿਤ ਦਰਬਾਰ ਸਾਹਿਬ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ। ਇਸ ਤੋਂ ਬਾਅਦ ਵਿਦਿਆਰਥੀਆਂ ਦੀ ਸਫ਼ਲਤਾ ਅਤੇ ਉੱਜਵਲ ਭਵਿੱਖ ਲਈ ਗੁਰੂ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਗਈ। ਇਸ ਸਮਾਗਮ ਦੌਰਾਨ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ, ਖੋਜਾਰਥੀਆਂ ਅਤੇ ਅਧਿਆਪਕਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕਰਕੇ ਗੁਰਬਾਣੀ ਦਾ ਆਨੰਦ ਮਾਣਿਆ ਅਤੇ ਗੁਰੂ ਘਰ ਦੀਆਂ ਖ਼ੁਸ਼ੀਆਂ ਪ੍ਰਾਪਤ ਕੀਤੀਆਂ। ਸਮਾਗਮ ਬਾਰੇ ਗੱਲਬਾਤ ਕਰਦਿਆਂ ਯੂਨੀਵਰਸਿਟੀ ਪ੍ਰਬੰਧਕਾਂ ਨੇ ਦੱਸਿਆ ਕਿ “ਦੇਸ਼ ਦੀਆਂ ਸਭ ਤੋਂ ਔਖੀਆਂ ਪ੍ਰੀਖਿਆਵਾਂ ਵਿੱਚੋਂ ਇੱਕ UPSC ਦੀ ਤਿਆਰੀ ਲਈ ਸਖ਼ਤ ਮਿਹਨਤ ਦੇ ਨਾਲ-ਨਾਲ ਮਾਨਸਿਕ ਇਕਾਗਰਤਾ ਅਤੇ ਆਤਮਿਕ ਸ਼ਕਤੀ ਦੀ ਵੀ ਵੱਡੀ ਲੋੜ ਹੁੰਦੀ ਹੈ। ਗੁਰਬਾਣੀ ਦਾ ਓਟ-ਆਸਰਾ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ ਅਤੇ ਹੌਂਸਲਾ ਭਰਦਾ ਹੈ।” ਪਾਠ ਦੇ ਭੋਗ ਅਤੇ ਅਰਦਾਸ ਉਪਰੰਤ ਸੰਗਤਾਂ ਵਿੱਚ ਪ੍ਰਸਾਦ ਵਰਤਾਇਆ ਗਿਆ। ਪ੍ਰੀਖਿਆ ਵਿੱਚ ਬੈਠਣ ਵਾਲੇ ਵਿਦਿਆਰਥੀਆਂ ਨੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਰੂਹਾਨੀ ਮਾਹੌਲ ਨੇ ਉਨ੍ਹਾਂ ਅੰਦਰ ਇੱਕ ਨਵੀਂ ਊਰਜਾ ਅਤੇ ਸਕੂਨ ਭਰ ਦਿੱਤਾ ਹੈ। ਇਸ ਮੌਕੇ ਯੂਨੀਵਰਸਿਟੀ ਦੇ ਅਧਿਆਪਕ ਅਤੇ ਵਿਦਿਆਰਥੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਵਿਦਿਆਰਥੀਆਂ ਦੀ ਆਵਾਜ਼ ਦਬਾਉਣ ਦੀ ਬਜਾਏ ਸੁਣੇ ਕੇਂਦਰ ਸਰਕਾਰ, ਸਿੱਖਿਆ ਪ੍ਰਣਾਲੀ ਵਿੱਚ ਹੋਵੇ ਵੱਡਾ ਸੁਧਾਰ: ਸਰਨਾ

ਨਵੀਂ ਦਿੱਲੀ, 21 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਅਕਾਲੀ ਦਲ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਦੇਸ਼ ਭਰ ਵਿੱਚ ਸਿੱਖਿਆ ਪ੍ਰਣਾਲੀ ਵਿੱਚ ਸੁਧਾਰ ਦੀ ਮੰਗ ਨੂੰ ਲੈ ਕੇ ਚੱਲ ਰਹੇ ਵਿਦਿਆਰਥੀ ਅੰਦੋਲਨ ਦਾ ਸਮਰਥਨ ਕਰਦਿਆਂ ਕਿਹਾ ਹੈ ਕਿ ਕੇਂਦਰ ਸਰਕਾਰ ਨੂੰ ਨੌਜਵਾਨਾਂ ਦੀ ਆਵਾਜ਼ ਦਬਾਉਣ ਦੀ ਬਜਾਏ ਉਨ੍ਹਾਂ ਨਾਲ ਗੱਲਬਾਤ ਕਰਕੇ ਹੱਲ ਕੱਢਣਾ ਚਾਹੀਦਾ ਹੈ। ਸਰਨਾ ਨੇ ਕਿਹਾ ਕਿ ਅੱਜ ਦੇ ਨੌਜਵਾਨਾਂ ਨੇ ਸੋਸ਼ਲ ਮੀਡੀਆ ਰਾਹੀਂ ਬਿਨਾਂ ਰਵਾਇਤੀ ਮੀਡੀਆ ਜਾਂ ਹੋਰ ਸਾਧਨਾਂ ’ਤੇ ਨਿਰਭਰ ਹੋਏ ਆਪਣੀ ਗੱਲ ਦੇਸ਼ ਭਰ ਤੱਕ ਪਹੁੰਚਾਈ ਹੈ। ਇਹ ਨਵੀਂ ਪੀੜ੍ਹੀ ਦੀ ਜਾਗਰੂਕਤਾ ਅਤੇ ਏਕਤਾ ਦੀ ਮਿਸਾਲ ਹੈ। ਉਨ੍ਹਾਂ ਕਿਹਾ ਕਿ ਇਹ ਵਿਦਿਆਰਥੀ ਹੀ ਦੇਸ਼ ਦਾ ਭਵਿੱਖ ਹਨ ਅਤੇ ਉਨ੍ਹਾਂ ਵੱਲੋਂ ਉਠਾਏ ਜਾ ਰਹੇ ਸਵਾਲਾਂ ਨੂੰ ਗੰਭੀਰਤਾ ਨਾਲ ਲਿਆ ਜਾਣਾ ਚਾਹੀਦਾ ਹੈ। ਮੌਜੂਦਾ ਸਿੱਖਿਆ ਪ੍ਰਣਾਲੀ ਵਿੱਚ ਬੁਨਿਆਦੀ ਸੁਧਾਰ ਦੀ ਲੋੜ ਹੈ ਤਾਂ ਜੋ ਨੌਜਵਾਨਾਂ ਨੂੰ ਬਿਹਤਰ ਅਤੇ ਸਮੇਂ ਦੇ ਹਿਸਾਬ ਨਾਲ ਢਲਿਆ ਹੋਇਆ ਸਿੱਖਿਆ ਮਾਹੌਲ ਮਿਲ ਸਕੇ। ਸਰਨਾ ਨੇ ਵਿਦਿਆਰਥੀਆਂ ਖ਼ਿਲਾਫ਼ ਬਲ ਪ੍ਰਯੋਗ ਦੀ ਨਿੰਦਾ ਕਰਦਿਆਂ ਕਿਹਾ ਕਿ ਲੋਕਤੰਤਰ ਵਿੱਚ ਅਸਹਿਮਤੀ ਜਤਾਉਣਾ ਹਰ ਨਾਗਰਿਕ ਦਾ ਹੱਕ ਹੈ। ਨੌਜਵਾਨਾਂ ਦੀ ਆਵਾਜ਼ ਨੂੰ ਦਬਾਉਣ ਦੀ ਬਜਾਏ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਸੁਣਨਾ ਅਤੇ ਸੰਵਾਦ ਰਾਹੀਂ ਹੱਲ ਕਰਨਾ ਹੀ ਲੋਕਤੰਤਰੀ ਰਵਾਇਤ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

## ਏ.ਐਸ.ਆਈ. ਰਵਨੀਤ ਸਿੰਘ ਨੇ ਪੁਲਿਸ ਚੌਂਕੀ ਸੀਂਗੋ ਦਾ ਸੰਭਾਲਿਆ ਚਾਰਜ, ਅਮਨ-ਕਾਨੂੰਨ ਅਤੇ ਨਸ਼ਾ ਤਸਕਰੀ ’ਤੇ ਸਖ਼ਤ ਕਾਰਵਾਈ ਦਾ ਦਿੱਤਾ ਭਰੋਸਾ

ਤਲਵੰਡੀ ਸਾਬੋ, 21 ਜੁਲਾਈ (ਗੁਰਜੰਟ ਸਿੰਘ ਨਥੇਹਾ)- ਪੰਜਾਬ ਪੁਲਿਸ ਦੇ ਏ.ਐਸ.ਆਈ. ਰਵਨੀਤ ਸਿੰਘ ਨੇ ਅੱਜ ਪੁਲਿਸ ਚੌਂਕੀ ਸੀਂਗੋ ਦਾ ਚਾਰਜ ਸੰਭਾਲ ਲਿਆ। ਇਸ ਮੌਕੇ ਚੌਂਕੀ ਦੇ ਪੁਲਿਸ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਨਵੀਂ ਜ਼ਿੰਮੇਵਾਰੀ ਸੰਭਾਲਣ ’ਤੇ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਚਾਰਜ ਸੰਭਾਲਣ ਉਪਰੰਤ ਏ.ਐਸ.ਆਈ. ਰਵਨੀਤ ਸਿੰਘ ਨੇ ਕਿਹਾ ਕਿ ਇਲਾਕੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਹੋਰ ਮਜ਼ਬੂਤ ਬਣਾਈ ਰੱਖਣਾ, ਨਸ਼ਾ ਤਸਕਰੀ, ਚੋਰੀ, ਲੁੱਟ-ਖੋਹ ਅਤੇ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਸਖ਼ਤ ਅਤੇ ਪ੍ਰਭਾਵਸ਼ਾਲੀ ਕਾਰਵਾਈ ਕਰਨਾ ਉਨ੍ਹਾਂ ਦੀ ਪਹਿਲੀ ਤਰਜੀਹ ਹੋਵੇਗੀ। ਉਨ੍ਹਾਂ ਕਿਹਾ ਕਿ ਕਿਸੇ ਵੀ ਗੈਰ-ਕਾਨੂੰਨੀ ਗਤੀਵਿਧੀ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਕਾਨੂੰਨ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਲੋਕਾਂ ਦੀ ਸੁਰੱਖਿਆ ਅਤੇ ਭਰੋਸੇ ਨੂੰ ਸਭ ਤੋਂ ਵੱਧ ਮਹੱਤਵ ਦਿੰਦੀ ਹੈ। ਪੁਲਿਸ ਟੀਮ ਦਿਨ-ਰਾਤ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਏਗੀ ਤਾਂ ਜੋ ਇਲਾਕੇ ਦੇ ਲੋਕ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰ ਸਕਣ। ਉਨ੍ਹਾਂ ਦੱਸਿਆ ਕਿ ਰਾਤ ਸਮੇਂ ਗਸ਼ਤ ਹੋਰ ਪ੍ਰਭਾਵਸ਼ਾਲੀ ਬਣਾਈ ਜਾਵੇਗੀ ਅਤੇ ਸੰਵੇਦਨਸ਼ੀਲ ਥਾਵਾਂ ’ਤੇ ਵਿਸ਼ੇਸ਼ ਨਿਗਰਾਨੀ ਰੱਖੀ ਜਾਵੇਗੀ ਏ.ਐਸ.ਆਈ. ਰਵਨੀਤ ਸਿੰਘ ਨੇ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਨੂੰ ਕਿਸੇ ਵੀ ਸ਼ੱਕੀ ਵਿਅਕਤੀ, ਨਸ਼ਾ ਤਸਕਰੀ, ਗੈਰ-ਕਾਨੂੰਨੀ ਗਤੀਵਿਧੀ ਜਾਂ ਸਮਾਜ ਵਿਰੋਧੀ ਅਨਸਰਾਂ ਬਾਰੇ ਕੋਈ ਜਾਣਕਾਰੀ ਮਿਲਦੀ ਹੈ ਤਾਂ ਉਹ ਬਿਨਾਂ ਕਿਸੇ ਡਰ ਦੇ ਤੁਰੰਤ ਪੁਲਿਸ ਨੂੰ ਸੂਚਿਤ ਕਰਨ। ਉਨ੍ਹਾਂ ਭਰੋਸਾ ਦਿੱਤਾ ਕਿ ਜਾਣਕਾਰੀ ਦੇਣ ਵਾਲੇ ਵਿਅਕਤੀ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ ਅਤੇ ਹਰ ਸੂਚਨਾ ’ਤੇ ਤੁਰੰਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੁਲਿਸ ਅਤੇ ਲੋਕਾਂ ਦਾ ਆਪਸੀ ਸਹਿਯੋਗ ਹੀ ਅਪਰਾਧਾਂ ’ਤੇ ਕਾਬੂ ਪਾਉਣ ਦਾ ਸਭ ਤੋਂ ਵਧੀਆ ਸਾਧਨ ਹੈ। ਸਮਾਜ ਦੇ ਹਰ ਵਰਗ ਨੂੰ ਪੁਲਿਸ ਦਾ ਸਾਥ ਦੇਣਾ ਚਾਹੀਦਾ ਹੈ ਤਾਂ ਜੋ ਨਸ਼ਾ ਮੁਕਤ, ਅਪਰਾਧ ਮੁਕਤ ਅਤੇ ਸ਼ਾਂਤਮਈ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ। ਇਸ ਮੌਕੇ ਚੌਂਕੀ ਦੇ ਪੁਲਿਸ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਵੀ ਨਵੇਂ ਇੰਚਾਰਜ ਨੂੰ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਅਤੇ ਇਲਾਕੇ ਵਿੱਚ ਕਾਨੂੰਨ ਵਿਵਸਥਾ ਨੂੰ ਹੋਰ ਮਜ਼ਬੂਤ ਬਣਾਉਣ ਲਈ ਮਿਲ ਕੇ ਕੰਮ ਕਰਨ ਦੀ ਗੱਲ ਕਹੀ।



ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ।।

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮੀਰੀ ਪੀਰੀ ਦਿਵਸ
# 25 ਅਤੇ 26 ਜੁਲਾਈ ਨੂੰ
# ਮਹਾਨ ਗੁਰਮਤਿ ਸਮਾਗਮ

ਮੀਰੀ ਪੀਰੀ ਦਿਵਸ : ਧੰਨ ਧੰਨ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ

**ਸ਼ਨਿੱਚਰਵਾਰ 25 ਜੁਲਾਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ**

ਐਤਵਾਰ 26 ਜੁਲਾਈ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:30 ਵਜੇ ਭੋਗ ਪੈਣ ਉਪਰੰਤ 12:30ਵਜੇ ਤੱਕ ਦੀਵਾਨ ਸਜਣਗੇ।

ਕਵੀਸ਼ਰੀ ਜਥਾ ਗਿਆਨੀ ਗੁਰਮੁੱਖ ਸਿੰਘ ਜੋਹਲ ਵਾਲੇ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778





★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243

ਅੱਜ 22 ਜੁਲਾਈ ਜਨਮ ਦਿਨ 'ਤੇ ਵਿਸ਼ੇਸ਼

# ਗੁਰਪ੍ਰਤਾਪ ਸੂਰਜ ਗ੍ਰੰਥ ਦੇ ਰਚਨਾਕਾਰ-ਮਹਾਂਕਵੀ ਭਾਈ ਸੰਤੋਖ ਸਿੰਘ ਨੂੰ ਯਾਦ ਕਰਦਿਆਂ



**ਸਮੁੱਚੇ** ਸੰਸਾਰ ਵਿੱਚ ਸਥਾਪਤ ਗੁਰਦੁਆਰਾ ਸਾਹਿਬਾਨ ਵਿੱਚ ਸਿੱਖ ਇਤਿਹਾਸ ਦੀ ਕਥਾ ਰੋਜ਼ਾਨਾ ਕੀਤੀ ਜਾਂਦੀ ਹੈ । ਇਸ ਕਥਾ ਨੂੰ ਸੈਂਕੜੇ ਸਾਲਾਂ ਤੋਂ ਸਿੱਖ ਸੰਗਤ ਬੜੀ ਸ਼ਰਧਾ ਤੇ ਪ੍ਰੇਮ ਨਾਲ ਸਰਵਣ ਕਰਦੀ ਹੈ । ਇਸ ਗ੍ਰੰਥ ਦੇ ਰਚਨਹਾਰ ਮਹਾਂਕਵੀ ਭਾਈ ਸੰਤੋਖ ਸਿੰਘ ਵੱਲੋਂ ਅਨੇਕਾਂ ਹੋਰ ਗ੍ਰੰਥਾਂ ਵਿੱਚੋਂ ਹਵਾਲਿਆਂ ਸਹਿਤ ਆਪਣੇ ਵਿਚਾਰਾਂ ਨੂੰ ਵਿਸਥਾਰ ਦਿੱਤਾ ਹੈ ।ਸਿੱਖ ਸੰਪਰਦਾਈ ਵਿਦਵਾਨ ਅਤੇ ਧਰਮ ਅਧਿਐਨ ਦੇ ਵਿੱਦਿਆਰਥੀ ਮਹਾਂਕਵੀ ਭਾਈ ਸੰਤੋਖ ਸਿੰਘ ਨੂੰ ਸਿੱਖ ਪੰਥ ਦੀ ਮਹਾਨ ਹਸਤੀ ਅਤੇ ਦੂਰਦਰਸ਼ੀ ਵਿਦਵਾਨ ਵਜੋਂ ਸਤਿਕਾਰ ਦਿੰਦੇ ਹਨ । ਇਨ੍ਹਾਂ ਦੇ ਪਿਤਾ ਜੀ ਭਾਈ ਦੇਵਾ ਸਿੰਘ ਨਿਰਮਲ ਸੰਪਰਦਾ ਦੇ ਸੰਤ ਮਹਾਂਪੁਰਸ਼ਾਂ ਦੀ ਸੰਗਤ ਕਰਦੇ ਸਨ ।ਨਿਰਮਲੇ ਸੰਤਾਂ ਵਿੱਚ ਭਾਈ ਦੇਵਾ ਸਿੰਘ ਨੂੰ ਆਤਮ-ਰਸੀ ਮਹਾਂਪੁਰਸ਼ ਵਜੋਂ ਮਾਣ ਦਿੱਤਾ ਜਾਂਦਾ ਸੀ । ਭਾਈ ਸੰਤੋਖ ਸਿੰਘ ਦਾ ਜਨਮ ਉਸ ਸਮੇਂ ਦੇ ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡ ਨੂਰ ਦੀਨ ਦੀ ਸਰਾਂ (ਮੌਜੂਦਾ ਜ਼ਿਲ੍ਹਾ ਤਰਨਤਾਰਨ) ਵਿਖੇ 22 ਜੁਲਾਈ ਅਰਥਾਤ 7 ਸਾਵਣ ਨੂੰ 1787 ਈ: ਵਿੱਚ ਭਾਈ ਦੇਵਾ ਸਿੰਘ ਤੇ ਮਾਤਾ ਰਾਜ ਦੇਈ ਦੇ ਗ੍ਰਹਿ ਵਿਖੇ ਹੋਇਆ । ਧਾਰਮਿਕ ਸੰਸਕਾਰ ਤੇ ਵਿੱਦਿਆ ਭਾਈ ਸੰਤੋਖ ਸਿੰਘ ਨੂੰ ਵਿਰਾਸਤ ਵਿੱਚੋਂ ਹੀ ਮਿਲ ਗਈ ਸੀ ।ਘਰ ਦਾ ਰਹਿਣ-ਸਹਿਣ ਤੇ ਸੰਸਕਾਰੀ ਜੀਵਨ ਵਿੱਚੋਂ ਸਿੱਖ ਇਤਿਹਾਸ ਨੂੰ ਜਾਨਣਾ, ਵਿਚਾਰਨਾਂ ਤੇ ਵਰੇਡਿਆਂ ਦੀ ਸੰਗਤ ਤੇ ਤੀਖਣ ਬੁੱਧੀ ਵਿੱਚ ਕਵਿਤਾ ਵਰਗੀ ਕੋਮਲ ਕਲਾ ਦਾ ਵਿਕਾਸ ਹੋਇਆ । ਪੰਜਾਬ ਵਿੱਚ ਮਿਸਲਾਂ ਦਾ ਬੋਲਬਾਲਾ ਸੀ, ਹਰ ਮਿਸਲ ਦਾ ਸਰਦਾਰ ਆਪਣੀ ਮਿਸਲ ਦੇ ਵਾਧੇ ਲਈ ਜ਼ੋਰ-ਅਜ਼ਮਾਈ ਕਰਦਾ ਸੀ । ਪਿਤਾ ਜੀ ਭਾਈ ਦੇਵਾ ਸਿੰਘ ਦੀ ਨਿਗਰਾਨੀ ਵਿੱਚ ਬਚਪਨ ਤੋਂ ਜਵਾਨੀ ਦਾ ਸਫ਼ਰ ਤਹਿ ਕੀਤਾ ।

ਜਦੋਂ ਭਾਈ ਸਾਹਿਬ ਨੇ ਕਾਵਿ-ਰਚਨਾ ਸ਼ੁਰੂ ਕੀਤੀ ਤਾਂ ਸਭ ਤੋਂ ਪਹਿਲਾਂ ਇਕ ਪੁਰਾਤਨ ਗ੍ਰੰਥ ਅਮਰ ਕੋਸ਼ ਦਾ ਅਨੁਵਾਦ ਨਾਮ ਕੋਸ਼ ਦੇ ਰੂਪ ਵਿੱਚ ਕਰਕੇ ਆਪਣੇ ਗਿਆਨ-ਭੰਡਾਰ ਵਿੱਚ ਵਾਧਾ ਕੀਤਾ ।ਇਸ ਤੋਂ ਪਿੱਛੋਂ ਇਕ ਮਹਾਨ ਰਚਨਾ ਜੋ ਸਿੱਖ ਧਰਮ ਦੇ ਮੋਢੀ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸੰਬੰਧਿਤ ਸੀ, ਜੋ ਗੁਰੂ ਨਾਨਕ ਪ੍ਰਕਾਸ਼ ਦੇ ਨਾਂਅ ਨਾਲ ਜਾਣੀ ਜਾਂਦੀ ਹੈ, ਦੀ ਰਚਨਾ ਕੀਤੀ ।

ਲਗਪਗ 36 ਸਾਲ ਦੀ ਆਯੂ ਵਿੱਚ ਮਹਾਂਕਵੀ ਭਾਈ ਸੰਤੋਖ ਸਿੰਘ ਜਗਾਧਰੀ ਨੇੜੇ ਬੂੜੀਆਂ ਰਿਆਸਤ ਵਿਖੇ ਚਲੇ ਗਏ ।ਇਸ ਰਿਆਸਤ ਦੇ ਨਿਵਾਸ ਦੌਰਾਨ ਇਨ੍ਹਾਂ ਦੀ ਸ਼ਾਦੀ ਬੀਬੀ ਰਾਮ ਕੌਰ ਨਾਲ ਹੋਈ ।ਇਥੇ ਰਹਿੰਦਿਆਂ ਹੀ ਤਿੰਨ-ਚਾਰ ਸਾਲਾਂ ਵਿੱਚ ਹੀ ਇਨ੍ਹਾਂ ਦੀ ਵਿਦਵਤਾ ਦੀ ਚਰਚਾ ਸਮੁੱਚੀਆਂ ਸੰਪਰਦਾਵਾਂ ਤੇ ਸਿੱਖ ਜਗਤ ਵਿੱਚ ਹੋਣ ਲੱਗੀ । ਇਨ੍ਹਾਂ ਦੇ ਪ੍ਰਮੁੱਖ ਵਿਦਵਾਨ ਕਵੀ ਵਜੋਂ ਮਾਣ-ਵੱਡਿਆਈ ਦਾ ਇਹ ਸਿਖਰ ਸੀ । ਪੰਜਾਬ ਵਿੱਚ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਜੀ ਦੀ ਖ਼ਾਲਸਾ ਸਰਕਾਰ ਹਕੂਮਤ ਕਰ ਰਹੀ ਸੀ । 1827 ਈ: ਵਿੱਚ ਕੈਥਲ ਰਿਆਸਤ ਨੇ ਭਾਈ ਸੰਤੋਖ ਸਿੰਘ ਮਹਾਂਕਵੀ ਨੂੰ ਆਪਣੇ ਰਾਜ ਦਾ ਰਾਜ ਕਵੀ ਬਣਾ ਲਿਆ । ਇਸੇ ਕਾਲ ਦੇ ਦੌਰਾਨ ਆਪ ਨੇ ਸਭ ਤੋਂ ਪਹਿਲਾਂ ਗਰਬ ਗੰਜਨੀ ਟੀਕਾ ਅਤੇ ਫਿਰ ਬਾਲਮੀਕੀ ਰਮਾਇਣ ਭਾਸ਼ਾ ਅਤੇ ਆਤਮ ਪੁਰਾਣ ਦੀ ਰਚਨਾ ਕੀਤੀ ।

ਗੁਰ ਪ੍ਰਤਾਪ ਸੂਰਜ ਗ੍ਰੰਥ ਦੀ ਰਚਨਾ ਕਰਨ ਲਈ ਸੱਤ ਸਾਲ ਦਾ ਸਮਾਂ ਲੱਗਾ । ਇਹ ਮਹਾਨ ਗ੍ਰੰਥ 1843 ਈ: ਵਿੱਚ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਅਕਾਲ ਚਲਾਣੇ ਤੋਂ 4 ਸਾਲ ਬਾਅਦ ਮੁਕੰਮਲ ਹੋਇਆ ।ਮਹਾਂਕਵੀ ਭਾਈ ਸੰਤੋਖ ਸਿੰਘ ਨੇ ਭਾਰਤੀ ਦਰਸ਼ਨ ਸ਼ਾਸਤਰ, ਕਾਵਿ-ਸ਼ਾਸਤਰ ਤੇ ਧਰਮ ਸਾਧਨਾ ਦਾ ਅਧਿਐਨ ਇਕ ਨਿਸ਼ਠਾਵਾਨ ਵਿਦਵਾਨ ਵਜੋਂ ਕੀਤਾ । ਜਦੋਂ ਅਜੋਕੇ ਸਮੇਂ ਵਿੱਚ ਅਸੀਂ ਭਾਰਤੀ ਪੁਰਾਤਨ ਧਾਰਮਿਕ ਵਿੱਦਿਆ ਦੀ ਕੋਈ ਉਦਾਹਰਣ ਦਿੰਦੇ ਹਾਂ ਤਾਂ ਸਭ ਤੋਂ ਪਹਿਲਾਂ ਮਹਾਂਕਵੀ ਭਾਈ ਸੰਤੋਖ ਸਿੰਘ ਦਾ ਜ਼ਿਕਰ ਮਿਲਦਾ ਹੈ, ਜਿਸ ਨੇ ਭਾਰਤੀ ਸੰਸਕ੍ਰਿਤੀ ਅਤੇ ਧਰਮ-ਅਧਿਐਨ ਵਿੱਚ ਨਿਪੁੰਨਤਾ ਹਾਸਲ ਕੀਤੀ ।ਇਸ ਤੋਂ ਇਲਾਵਾ ਸ਼ਸਤਰ ਅਤੇ ਯੁੱਧ ਕਲਾ ਦੀ ਵਿੱਦਿਆ ਵਿੱਚ ਵੀ ਭਾਈ ਸਾਹਿਬ ਨੂੰ ਸਤਿਕਾਰ ਵਜੋਂ ਯਾਦ ਕੀਤਾ ਜਾਂਦਾ ਹੈ । ਬਹੁ-ਭਾਸ਼ਾਵਾਂ ਦੇ ਗਿਆਤਾ ਵਜੋਂ ਅਜੋਕੇ ਵਿਦਵਾਨ ਆਪ ਜੀ ਨੂੰ ਕਦਰਦਾਨ ਵਾਲੀ ਨਜ਼ਰ ਨਾਲ ਵੇਖਦੇ ਹਨ ।ਕਵਿਤਾ ਵਰਗੀ ਕੋਮਲ ਕਲਾ ਦਾ ਆਵੇਸ਼ ਮਹਾਂਕਵੀ ਭਾਈ ਸੰਤੋਖ ਸਿੰਘ ਨੂੰ ਆਪ-ਮੁਹਾਰੇ ਰੱਬੀ ਬਖ਼ਸ਼ਿਸ਼ ਨਾਲ ਹੁੰਦਾ ਸੀ । ਇੰਨੇ ਵੱਡੇ ਵਿਦਵਾਨ ਤੇ ਗਿਆਨਵਾਨ ਹੋਣ ਦੇ ਨਾਤੇ ਅਹੰਕਾਰ ਵਰਗਾ ਵੱਡਾ ਔਗੁਣ ਆਪ ਤੋਂ ਕੋਹਾਂ ਦੂਰ ਰਹਿੰਦਾ ਸੀ ।ਆਪ ਨਿਮਰਤਾ, ਕੋਮਲਤਾ, ਨਿਰਮਾਣਤਾ ਅਤੇ ਉਦਾਰ ਚਿੱਤ ਸੁਭਾਅ ਦੇ ਮਾਲਕ, ਪੂਰਨ ਗੁਰਮੁੱਖ ਸਨ । ਤਿਆਗ ਤੇ ਵੈਰਾਗ ਆਪ ਦੇ ਜੀਵਨ ਦੇ ਵੱਡੇ ਗੁਣ ਸਨ । ਗੁਰਪ੍ਰਤਾਪ ਸੂਰਜ ਗ੍ਰੰਥ ਦੀ ਮਹਾਨ ਰਚਨਾ ਤੋਂ ਪਿੱਛੋਂ ਆਪ ਤਿੰਨ ਕੁ ਮਹੀਨੇ ਹੀ ਸਰੀਰ ਕਰਕੇ ਇਸ ਨਾਸ਼ਵਾਨ ਸੰਸਾਰ ਵਿੱਚ ਰਹੇ । 56-57 ਸਾਲ ਦੀ ਅਰਜਾ ਭੋਗ ਕੇ ਆਪ ਆਪਣੇ ਲੱਖਾਂ ਸਨੇਹੀਆਂ ਨੂੰ ਅਛੋਪਲੇ ਜਿਹੇ ਅਲਵਿਦਾ ਆਖ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ । ਸਮੁੱਚੇ ਸਿੱਖ ਜਗਤ ਵਿੱਚ ਆਪ ਜੀ ਦੀ ਯਾਦ ਸਦੀਵੀ ਬਣੀ ਰਹੇਗੀ।

-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ :
98143-24040



ਆਵਾਜ਼ਿ ਕੌਮ AWAZE QAUM International Newspaper & WEB TV

ਪਿੰਡ ਰੰਚਨਾ ਦੀ ਪੰਚਾਇਤ ਓਐਸਡੀ ਸੁੱਖੀ ਦੀ ਹਾਜ਼ਰੀ ਵਿੱਚ ਹੋਈ ਆਪ 'ਚ ਸ਼ਾਮਿਲ

# ਧੂਰੀ ਹਲਕੇ ਨੂੰ ਵਿਕਾਸ ਕਾਰਜਾਂ ਪੱਖੋਂ ਪਹਿਲੇ ਨੰਬਰ 'ਤੇ ਲੈ ਕੇ ਆਵਾਂਗੇ: ਓਐਸਡੀ ਸੁੱਖੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਣ ਦੀਆਂ ਲੋਕ ਭਲਾਈ ਨੀਤੀਆਂ ਤੋਂ ਖੁਸ਼ ਹੋ ਕੇ ਲੋਕ ਆਪ ਮੁਹਾਰੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ, ਜਿਨਾਂ ਨੂੰ ਪਾਰਟੀ ਵਿੱਚ ਬਣਦਾ ਪੂਰਾ ਮਾਨ ਸਤਿਕਾਰ ਦਿੱਤਾ ਜਾਵੇਗਾ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਮੁੱਖ ਮੰਤਰੀ ਪੰਜਾਬ ਦੇ ਓਐਸਡੀ ਸ, ਸੁਖਵੀਰ ਸਿੰਘ ਸੁੱਖੀ ਨੇ ਪਿੰਡ ਰੰਚਣਾ ਵਿਖੇ ਗ੍ਰਾਮ ਪੰਚਾਇਤ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਕਰਨ ਸਮੇਂ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬੀਆਂ ਦੇ ਲਈ ਉਹ ਕੰਮ ਦਿਖਾਏ ਹਨ ਜੋ ਪਿਛਲੀਆਂ ਸਰਕਾਰਾਂ 70 ਸਾਲਾਂ ਵਿੱਚ ਵੀ ਨਹੀਂ ਕਰ ਸਕੀਆਂ । ਉਹਨਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਅਤੇ ਪੰਜਾਬੀਅਤ ਨੂੰ ਪਿਆਰ ਕਰਨ ਵਾਲੇ ਲੋਕ ਦੁਬਾਰਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਚੁਣ ਕੇ ਇਤਿਹਾਸ ਬਣਾਉਣਗੇ।ਉਹਨਾਂ ਕਿਹਾ ਕਿ ਧੂਰੀ ਹਲਕੇ ਨੂੰ ਵਿਕਾਸ ਕਾਰਜਾਂ ਵਿੱਚ ਪੰਜਾਬ ਵਿੱਚੋਂ ਇੱਕ ਨੰਬਰ ਤੇ ਲੈ ਕੇ ਆਉਣਾ ਹੀ ਪੰਜਾਬ ਦੇ ਮੁੱਖ ਮੰਤਰੀ ਦੀ ਪਹਿਲ ਹੈ। ਇਸ ਮੌਕੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ , ਸਰਪੰਚ ਮਨਪ੍ਰੀਤ ਸ਼ਰਮਾ ਚੇਅਰਮੈਨਬ੍ਰਾਹਮਣ ਵੈਲਫੇਅਰ ਬੋਰਡ ਧੂਰੀ, ਸੰਜੀਵ ਕੁਮਾਰ , ਮਾਣਾ ਗਰੇਵਾਲ, ਭਿੰਦਾ ਵਿਰਕ, ਚਾਹਤ ਧੂਰੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿਹਤ ਵਿਭਾਗ ਦੇ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਵੱਡੇ ਪੱਧਰ ਤੇ ਵਿਕ ਰਹੀਆਂ ਦੁੱਧ ਤੋਂ ਤਿਆਰ ਹੋਣ ਵਾਲੀਆਂ ਮਿਲਾਵਟੀ ਖਾਣ ਪੀਣ ਵਾਲੀਆਂ ਚੀਜਾਂ

# ਸਿਹਤ ਵਿਭਾਗ ਕੁੰਭ ਕਰਨੀ ਨੀਦ ਸੁੱਤਾ ਪਿਆ ਪ੍ਰਧਾਨ ਰਣਜੀਤ ਸਿੰਘ ਭੋਮਾ ਸਮਾਜ ਸੁਧਾਰ



**ਜੰਡਿਆਲਾ ਗੁਰੂ 21 ਜੁਲਾਈ ( ਕੁਲਵੰਤ ਸਿੰਘ ਵਿਰਦੀ)**-ਪੰਜਾਬ ਵਿੱਚ ਵੱਖ ਵੱਖ ਦੁਕਾਨਾਂ ਤੇ ਨਕਲੀ ਦੁੱਧ ਦਹੀਂ ਪਨੀਰ ਦੇਸੀ ਘਿਉ ਮਿਠਾਈਆਂ ਸਰੇਆਮ ਕੈਮੀਕਲ ਪ੍ਰਦਾਰਥ ਨਾਲ ਬਣਕੇ 70 ਫੀਸਦੀ ਵਿੱਕ ਰਹੀਆਂ ਹਨ ਸਿਹਤ ਵਿਭਾਗ ਦੇ ਅਧਿਕਾਰੀ ਨੇ ਕਦੀ ਛਾਪੇ ਮਾਰਕੇ ਸੈਂਪਲ ਚੈਕਿੰਗ ਨਹੀਂ ਕੀਤੀ ਮਿਲੀਭੁਗਤ ਨਾਲ ਵੱਡੇ ਪੱਧਰ ਧੰਦਾ ਚਲ ਰਿਹਾ ਹੈ ਸਿਹਤ ਵਿਭਾਗ ਕੁੰਭ ਕਰਨੀ ਨੀਦ ਸੁੱਤਾ ਪਿਆ ਪ੍ਰਧਾਨ ਰਣਜੀਤ ਸਿੰਘ ਭੋਮਾ । ਸਮਾਜ ਸੁਧਾਰ ਸੰਸਥਾ ਪੰਜਾਬ ਦੇ ਮੁੱਖ ਵਰ ਸੇਵਾਦਾਰ ਪ੍ਰਧਾਨ ਰਣਜੀਤ ਸਿੰਘ ਭੋਮਾ ਨੇ ਪ੍ਰੈਸ ਨੋਟ ਰਾਹੀਂ ਜਾਣਕਾਰੀ ਸਾਂਝੀ ਕਰਦਿਆ ਹੋਇਆ ਦਰਸਾਇਆ ਕਿ ਪੰਜਾਬ ਦੇ 70 ਪਰਸੈਂਟ ਤੋਂ ਉਪਰ ਅਣਗਿਣਤ ਦੁਕਾਨਦਾਰਾਂ ਵੱਲੋਂ ਆਮ ਲੋਕਾਂ ਦੀ ਸਿਹਤ ਨਾਲ ਸਰੇਆਮ ਖਿਲਵਾੜ ਕੀਤਾ ਜਾ ਰਿਹਾ ਹੈ ਅਤੇ ਸਿਹਤ ਨਾਲ ਜੁੜੇ ਇਸ ਗੰਭੀਰ ਮਸਲੇ ਨੂੰ ਆਏ ਦਿਨ ਸਮੇਂ ਸਮੇਂ ਤੇ ਸਮਾਜ ਸੇਵਕਾਂ ਵੱਲੋਂ ਪ੍ਰਸਾਸਨ ਤੇ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਜਾਂਦਾ ਹੈ ਕਿ ਗਰਮੀ ਦੇ ਮੌਸਮ ਦੌਰਾਨ ਪੰਜਾਬ ਦੇ ਲੋਕਾਂ ਨੂੰ ਪੀਣ ਵਾਲੇ ਦੁੱਧ ਦੀ ਮੰਗ ਪੂਰੀ ਨਹੀਂ ਕੀਤੀ ਜਾ ਸਕਦੀ ਲੇਕਿਨ ਇਨਾਂ ਦਿਨਾਂ ਵਿੱਚ ਆਉਣ ਵਾਲੇ ਤਿਉਹਾਰਾਂ ਤੇ ਦੁੱਧ ਤੋਂ ਪੈਦਾ ਹੋਣ ਵਾਲੀਆਂ ਵਸਤੂਆਂ ਜਿਵੇਂ ਖੋਏ ਦੀਆਂ ਮਠਿਆਈਆਂ, ਦਹੀਂ ,ਪਨੀਰ ,ਦੇਸੀ ਘਿਓ ਨਕਲੀ ਦੁੱਧ ਤੋਂ ਤਿਆਰ ਕੀਤੀਆਂ ਜਾਦੀਆਂ ਹਨ ਲੇਕਿਨ ਸਿਹਤ ਵਿਭਾਗ ਦੀ ਢਿੱਲੀ ਕਾਰਗੁਜ਼ਾਰੀ ਕਾਰਨ ਇਹ ਲੋਕ ਆਮ ਲੋਕਾਂ ਦੀ ਸਿਹਤ ਨਾਲ ਸਰੇਆਮ ਬਿਨਾ ਡਰ ਭੈਅ ਨਾਲ ਪਬਲਿਕ ਦੀ ਜਾਨ ਨੂੰ ਖਤਰੇ ਵਿੱਚ ਖੇਡ ਰਹੇ ਹਨ ਅਤੇ ਇਨਾਂ ਨਕਲੀ ਜਹਿਰ ਰੂਪੀ ਚੀਜਾਂ ਤੋਂ ਲੱਖਾਂ ਰੁਪਏ ਕਮਾ ਸਿਹਤ ਵਿਭਾਗ ਦੀ ਮਿਲੀਭੁਗਤ ਨਾਲ ਕਮਾਈ ਕਰ ਰਹੇ ਹਨ ਅੱਗੇ ਰਣਜੀਤ ਸਿੰਘ ਭੋਮਾ ਨੇ ਕਿਹਾ ਕਿ ਜਿੱਥੇ ਇਹ ਦੁਕਾਨਦਾਰ ਕਸੂਰਵਾਰ ਹਨ ਉਥੇ ਇਹ ਸਿਹਤ ਵਿਭਾਗ ਵੀ ਜਿੰਮੇਵਾਰ ਹੈ ਕਿਉਂਕਿ ਜਿੱਥੇ ਦੁਕਾਨਦਾਰ ਨਕਲੀ ਵਸਤੂਆਂ ਵੇਚ ਕਿ ਲੱਖਾਂ ਰੁਪਏ ਕਮਾ ਰਹੇ ਹਨ ਉਥੇ ਬਣਦਾ ਹਿਸਾ ਦੁਕਾਨਦਾਰਾਂ ਵਲੋਂ ਇਨਾਂ ਕਾਨੂੰਨ ਦੇ ਰਖਵਾਲਿਆਂ ਤੱਕ ਵੀ ਪਹੁੰਚਾਇਆ ਜਾਂਦਾ ਹੋਵੇਗਾ ਤਾਂ ਹੀ ਇਹ ਲੋਕ ਬਿਨਾਂ ਕਿਸੇ ਡਰ ਭੈਅ ਤੋਂ ਬਗੈਰ ਬੇਝਿਜਕ ਸਰੇਆਮ ਨਕਲੀ ਮਿਲਾਵਟ ਵਾਲੀਆਂ ਚੀਜਾਂ ਵੇਚ ਰਹੇ ਹਨ ਅੱਗੇ ਰਣਜੀਤ ਸਿੰਘ ਭੋਮਾ ਨੇ ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਨੇ ਅਪੀਲ ਕਰਦਿਆ ਹੋਇਆ ਕਿਹਾ ਕਿ ਉਚ ਪੱਧਰੀ ਜਾਂਚ ਕਰਵਾ ਕਿ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਵਾਲੇ ਹਰੇਕ ਦੁਕਾਨਦਾਰ ਤੇ ਸਿਹਤ ਵਿਭਾਗ ਇੰਸਪੈਕਟਰ ਅਧਿਕਾਰੀ ਅਫਸਰ ਦੀ ਪ੍ਰਾਪਟੀ ਦੀ ਜਾਂਚ ਕਰਕੇ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ ਅਤੇ ਇਸ ਜਾਂਚ ਵਿੱਚ ਜਿਹੜੇ ਵੀ ਅਧਿਕਾਰੀ ਤੇ ਆਉਂਦੇ ਹਨ ਉਨਾਂ ਦੀ ਦੂਰ ਦੁਰਾਡੇ ਦੂਜਿਆਂ ਜਿਲਿਆਂ ਵਿੱਚ ਬਦਲੀ ਕਰਕੇ ਪੰਜਾਬ ਦੇ ਲੋਕਾਂ ਦੀ ਸਿਹਤ ਵਲ ਧਿਆਨ ਦਿੱਤਾ ਜਾਵੇ ਅਤੇ ਜੋ ਦੁਕਾਨਦਾਰ ਦੋਸੀ ਪਾਏ ਜਾਂਦੇ ਉਨਾਂ ਦੁਕਾਨਾਂ ਤੇ ਸਰਕਾਰੀ ਸੀਲ ਲਗਾ ਕਿ ਪੱਕੇ ਤੌਰ ਤੇ ਬੰਦ ਕੀਤਾ ਜਾਵੇ ਤੇ 20 ਸਾਲ ਦੀ ਸਜ਼ਾ ਦਿੱਤੀ ਜਾਵੇ ਤਾਂ ਜੋ ਆਗੇ ਤੋ ਕੋਈ ਨਕਲੀ ਕੈਮੀਕਲ ਦੁੱਧ ਤਿਆਰ ਕਰਕੇ ਮਨੁਖਤਾ ਦੀ ਜਾਨ ਮਾਲ ਨਾਲ ਖਿਲਵਾੜ ਨਾ ਕਰ ਸਕੇ ਪ੍ਰਧਾਨ ਰਣਜੀਤ ਸਿੰਘ ਭੋਮਾ ਸਮਾਜ ਸੁਧਾਰ ਸੰਸਥਾ ਪੰਜਾਬ!

# ਆਰ.ਟੀ.ਓ. ਨੇ ਸੇਫ ਸਕੂਲ ਵਾਹਨ ਪਾਲਿਸੀ ਤਹਿਤ 15 ਸਕੂਲ ਬੱਸਾਂ ਦੀ ਕੀਤੀ ਜਾਂਚ

## ਨਿਯਮਾਂ ਦੀ ਉਲੰਘਣਾ ਕਰਨ 'ਤੇ 2 ਬੱਸਾਂ ਦੇ ਚਲਾਨ

ਹੁਸ਼ਿਆਰਪੁਰ, 21 ਜੁਲਾਈ (ਆਵਾਜ਼ਿ ਕੌਮ ਬਿਊਰੋ)-ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਨਿਰਦੇਸ਼ਾਂ ਅਨੁਸਾਰ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਖੇਤਰੀ ਟਰਾਂਸਪੋਰਟ ਅਫ਼ਸਰ (ਆਰ.ਟੀ.ਓ.) ਅਮਨਦੀਪ ਕੌਰ ਘੁੰਮਣ ਨੇ ਮੰਗਲਵਾਰ ਨੂੰ ਜ਼ਿਲ੍ਹੇ ਵਿੱਚ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਸਕੂਲ ਵਾਹਨਾਂ ਦੀ ਵਿਸ਼ੇਸ਼ ਜਾਂਚ ਮੁਹਿੰਮ ਚਲਾਈ। ਇਸ ਦੌਰਾਨ ਵੱਖ-ਵੱਖ ਸਕੂਲਾਂ ਦੀਆਂ ਕੁੱਲ 15 ਸਕੂਲ ਬੱਸਾਂ ਦੀ ਗਹਿਰਾਈ ਨਾਲ ਜਾਂਚ ਕੀਤੀ ਗਈ ।ਜਾਂਚ ਦੌਰਾਨ ਬੱਸਾਂ ਦੇ ਲੋੜੀਂਦੇ ਦਸਤਾਵੇਜ਼, ਫਿਟਨੈੱਸ ਸਰਟੀਫਿਕੇਟ, ਪਰਮਿਟ, ਬੀਮਾ, ਪ੍ਰਦੂਸ਼ਣ ਸਰਟੀਫਿਕੇਟ, ਅੱਗ ਬੁਝਾਉਣ ਵਾਲੇ ਯੰਤਰ, ਮੁੱਢਲੀ ਸਹਾਇਤਾ ਕਿੱਟ, ਜੀ.ਪੀ.ਐਸ., ਸੀ.ਸੀ.ਟੀ.ਵੀ. ਕੈਮਰੇ ਅਤੇ ਹੋਰ ਸੁਰੱਖਿਆ ਮਾਪਦੰਡਾਂ ਦੀ ਜਾਂਚ ਕੀਤੀ ਗਈ। ਜਾਂਚ ਦੌਰਾਨ ਸੁਰੱਖਿਆ ਨਿਯਮਾਂ ਦੀ ਉਲੰਘਣਾ ਪਾਏ ਜਾਣ 'ਤੇ 2 ਸਕੂਲ ਬੱਸਾਂ ਦੇ ਚਲਾਨ ਕੀਤੇ ਗਏ। ਆਰ.ਟੀ.ਓ. ਅਮਨਦੀਪ ਕੌਰ ਘੁੰਮਣ ਨੇ ਕਿਹਾ ਕਿ ਵਿਦਿਆਰਥੀਆਂ ਦੀ ਸੁਰੱਖਿਆ ਪ੍ਰਸ਼ਾਸਨ ਦੀ ਸਭ ਤੋਂ ਵੱਡੀ ਤਰਜੀਹ ਹੈ ਅਤੇ ਸਕੂਲ ਵਾਹਨਾਂ ਲਈ ਨਿਰਧਾਰਤ ਸਾਰੇ ਸੁਰੱਖਿਆ ਮਾਪਦੰਡਾਂ ਦੀ ਪਾਲਣਾ ਕਰਨੀ ਲਾਜ਼ਮੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਸੇਫ ਸਕੂਲ ਵਾਹਨ ਨੀਤੀ ਤਹਿਤ ਅਜਿਹੀਆਂ ਵਿਸ਼ੇਸ਼ ਜਾਂਚ ਮੁਹਿੰਮਾਂ ਭਵਿੱਖ ਵਿੱਚ ਵੀ ਨਿਯਮਿਤ ਤੌਰ 'ਤੇ ਜਾਰੀ ਰਹਿਣਗੀਆਂ। ਨਿਯਮਾਂ ਦੀ ਅਣਦੇਖੀ ਕਰਨ ਵਾਲੇ ਵਾਹਨ ਚਾਲਕਾਂ/ਸੰਚਾਲਕਾਂ ਵਿਰੁੱਧ ਮੋਟਰ ਵਾਹਨ ਐਕਟ ਤਹਿਤ ਸਖ਼ਤ ਕਾਰਵਾਈ ਕੀਤੀ ਜਾਵੇਗੀ, ਤਾਂ ਜੋ ਵਿਦਿਆਰਥੀਆਂ ਨੂੰ ਸੁਰੱਖਿਅਤ ਅਤੇ ਸੁਚੱਜੀ ਆਵਾਜਾਈ ਸਹੂਲਤ ਮੁਹੱਈਆ ਕਰਵਾਈ ਜਾ ਸਕੇ।

# ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ-ਕਮ-ਮਾਡਲ ਕਰੀਅਰ ਸੈਂਟਰ ਵਿਖੇ ਰੋਜ਼ਗਾਰ ਮੇਲਾ 24 ਨੂੰ

ਹੁਸ਼ਿਆਰਪੁਰ, 21 ਜੁਲਾਈ (ਆਵਾਜ਼ਿ ਕੌਮ ਬਿਊਰੋ)-ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈਅਫ਼ਸਰ ਰਮਨਦੀਪ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰਅਤੇ ਕਾਰੋਬਾਰ ਬਿਊਰੋ-ਕਮ-ਮਾਡਲ ਕਰੀਅਰ ਸੈਂਟਰ ਹੁਸ਼ਿਆਰਪੁਰ ਵੱਲੋਂ ਮਿਤੀ 24 ਜੁਲਾਈ 2026 ਨੂੰ ਇਸ ਦਫਤਰ ਵਿਖੇ ਰੋਜ਼ਗਾਰ ਮੇਲਾ ਦਾ ਆਯੋਜਨ ਕੀਤਾ ਜਾਵੇਗਾ ।ਇਸ ਰੋਜ਼ਗਾਰ ਮੇਲੇ ਵਿੱਚ ਆਈ.ਸੀ.ਆਈ.ਸੀ. ਆਈ. ਬੈਂਕ ,ਐਸ.ਬੀ.ਆਈ ਕਰੈਡਿਟ ਕੇਅਰ, ਜੀ.ਐਨ. ਏ. ਐਕਸਲ, ਉਸਾ-ਮਾਰਟਿਨ, ਬਲਿੰਕ-ਇਟ, ਸਵਰਾਜ ਟ੍ਰੈਕਟਰਜ਼, ਸੋਨਾਲਿਕਾ ਟ੍ਰੈਕਟਰਜ਼, ਸੈਂਚੁਰੀ ਪਲਾਈਵੁੱਡ, ਅਤੇ ਰੈਕਸਾ ਸਕਿਊਰਿਟੀ ਕੰਪਨੀ ਵੱਲੋਂ ਭਾਗ ਲਿਆ ਜਾ ਰਿਹਾ ਹੈ। ਇਸ ਰੋਜ਼ਗਾਰ ਮੇਲੇ ਵਿੱਚ ਅੱਠਵੀਂ, ਦਸਵੀਂ, ਬਾਰਵੀਂ, ਤੇ ਆਈ.ਟੀ.ਆਈ. (ਸਾਰੇ ਟ੍ਰੇਡਜ਼), ਡਿਪਲੋਮਾ ਗ੍ਰੈਜੂਏਸ਼ਨ ਪਾਸ ਪ੍ਰਾਰਥੀਆਂ ਦੀ ਓਪਰੇਟਰ, ਹੈਲਪਰ, ਸਕਿਊਰਿਟੀ ਗਾਰਡ, ਪਿਕਰ-ਪੈਕਰ, ਸੇਲਜ਼ ਐਗਜੀਕਿਊਟਿਵ ਅਤੇ ਰੀਲੇਸ਼ਨਸ਼ਿਪ ਮੈਨੇਜਰ ਦੀਆਂ ਅਸਾਮੀਆਂ ਲਈ ਭਰਤੀ ਕੀਤੀ ਜਾਵੇਗੀ ।ਇਨ੍ਹਾਂ ਕੰਪਨੀਆਂ ਵੱਲੋਂ ਭਰਤੀ ਕੀਤੇ ਜਾਣ ਵਾਲੇ ਪ੍ਰਾਰਥੀਆਂ ਨੂੰ 13500-26500/- ਰੁਪਏ ਪ੍ਰਤੀ ਮਹੀਨਾ ਤਨਖਾਹ ਦਿੱਤੀ ਜਾਵੇਗੀ। ਇਸ ਦੇ ਲਈ ਉਮੀਦਵਾਰ ਦੀ ਉਮਰ 18 ਤੋਂ 45 ਸਾਲ ਹੋਣੀ ਚਾਹੀਦੀ ਹੈ। ਚਾਹਵਾਨ ਯੋਗ ਪ੍ਰਾਰਥੀ ਮਿਤੀ 24 ਜੁਲਾਈ 2026 ਦਿਨ ਸ਼ੁੱਕਰਵਾਰ ਨੂੰ ਸਵੇਰੇ 10:00 ਵਜੇ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਪਹਿਲੀ ਮੰਜਿਲ, ਐਮ.ਐਸ.ਡੀ.ਸੀ. ਬਿਲਡਿੰਗ, ਸਰਕਾਰੀ ਆਈ.ਟੀ.ਆਈ. ਕੰਪਲੈਕਸ, ਜਲੰਧਰ ਰੋਡ, ਹੁਸ਼ਿਆਰਪੁਰ ਵਿਖੇ ਆਪਣੇ ਰਿਜ਼ਿਊਮ ਦੀਆਂ 3-4 ਕਾਪੀਆਂ ਸਮੇਤ ਇਸ ਰੋਜ਼ਗਾਰ ਮੇਲਾ ਵਿਚ ਹਿੱਸਾ ਲੈ ਕੇ ਰੋਜ਼ਗਾਰ ਮੇਲੇ ਦਾ ਲਾਭ ਪ੍ਰਾਪਤ ਕਰ ਸਕਦੇ ਹਨ।